'ਜ਼ਿਕਰ ਪੰਜਾਬ' ਨੂੰ
ਲੋੜ ਹੈ
ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅਤੇ ਕਸਬਿਆਂ ਤੋਂ ਤਜ਼ਰਬੇਕਾਰ ਪੜ੍ਹੇ-ਲਿਖੇ ਪੱਤਰਕਾਰਾਂ ਦੀ
ਸੰਪਰਕ:-
9815024577
E-mail:
zikarpunjab44@gmail.com

ਸੱਚ ਦੀ ਆਵਾਜ਼ ਹੱਕ ਦੀ ਆਵਾਜ਼

# ਜ਼ਿਕਰ ਪੰਜਾਬ

WEEKLY ZIKAR PUNJAB

ਹਫਤਾਵਾਰੀ ਅਖ਼ਬਾਰ

ਕੁਲ ਪੰਨੇ : 8 ਮੁੱਲ : 3/- ਰੁਪਏ
ਲੁਧਿਆਣਾ : ਸੋਮਵਾਰ, 9 ਮਾਰਚ ਤੋਂ ਐਤਵਾਰ, 15 ਮਾਰਚ, 2026
ਮੁੱਖ ਸੰਪਾਦਕ : ਅਸ਼ਵਨੀ ਜੇਤਲੀ/ਸਹਿ-ਸੰਪਾਦਕ : ਬਲਵਿੰਦਰ ਕੁਮਾਰ
Ludhiana : Monday, 9 March to Sunday, 15 March 2026

ਹਫਤਾਵਾਰੀ 'ਜ਼ਿਕਰ ਪੰਜਾਬ' ਅਖ਼ਬਾਰ ਵਿੱਚ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਛਪਣਯੋਗ ਸਮੱਗਰੀ ਛਪਵਾਉਣ ਲਈ
ਸੰਪਰਕ:-
9815024577
E-mail:
zikarpunjab44@gmail.com

E-mail : zikarpunjab44@gmail.com | RNI-PUNPUN/2017/75418 | ਮੋਬਾਈਲ ਨੰ. : 9815024577 | ਸਾਲ : 10 ਅੰਕ : 10 | Website : www.zikarpunjab.com



# ਭਾਰਤ ਤੀਜੀ ਵਾਰ ਬਣਿਆ ਟੀ-20 ਵਿਸ਼ਵ ਵਿਜੇਤਾ

## ਫਾਇਨਲ 'ਚ ਨਿਊਜ਼ੀਲੈਂਡ ਨੂੰ 96 ਦੌੜਾਂ ਨਾਲ ਹਰਾਇਆ

ਜ਼ਿਕਰ ਪੰਜਾਬ
ਅਹਿਮਦਾਬਾਦ/ਬਿਊਰੋ

ਟੀਮ ਇੰਡੀਆ ਨੇ ਆਈਸੀਸੀ ਪੁਰਸ਼ ਟੀ-20 ਵਿਸ਼ਵ ਕੱਪ 2026 ਜਿੱਤ ਲਿਆ ਹੈ। ਭਾਰਤ ਨੇ ਐਤਵਾਰ ਨੂੰ ਅਹਿਮਦਾਬਾਦ ਵਿੱਚ ਖੇਡੇ ਗਏ ਫਾਈਨਲ ਮੈਚ ਵਿੱਚ 96 ਦੌੜਾਂ ਦੀ ਸ਼ਾਨਦਾਰ ਜਿੱਤ ਦਰਜ ਕੀਤੀ, ਜਿਸ ਨਾਲ ਉਸਨੇ ਆਪਣਾ ਤੀਜਾ ਖਿਤਾਬ ਹਾਸਲ ਕੀਤਾ। ਨਿਊਜ਼ੀਲੈਂਡ ਨੇ ਟਾਸ ਜਿੱਤ ਕੇ ਪਹਿਲਾਂ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ। ਪਹਿਲਾਂ ਬੱਲੇਬਾਜ਼ੀ ਕਰਦੇ ਹੋਏ, ਭਾਰਤ ਨੇ ਕੀਵੀਆਂ ਲਈ ਕੁੱਲ 256 ਦੌੜਾਂ ਦਾ ਟੀਚਾ ਰੱਖਿਆ। ਜਵਾਬ ਵਿੱਚ, ਨਿਊਜ਼ੀਲੈਂਡ 159 ਦੌੜਾਂ 'ਤੇ ਢੇਰ ਹੋ ਗਿਆ। ਭਾਰਤੀ ਟੀਮ ਟੀ-20 ਵਿਸ਼ਵ ਕੱਪ ਦੇ ਇਤਿਹਾਸ ਵਿੱਚ ਤੀਜੀ ਵਾਰ ਖਿਤਾਬ ਜਿੱਤਣ ਵਾਲੀ ਪਹਿਲੀ ਟੀਮ ਬਣ ਗਈ ਹੈ। ਇਹ ਲਗਾਤਾਰ ਦੋ ਵਾਰ ਟੀ-20 ਵਿਸ਼ਵ ਕੱਪ ਟਰਾਫੀ ਜਿੱਤਣ ਵਾਲੀ ਪਹਿਲੀ ਟੀਮ ਵੀ ਬਣ ਗਈ ਹੈ। ਇਹ ਪਹਿਲੀ ਵਾਰ ਹੈ ਜਦੋਂ ਕਿਸੇ ਮੇਜ਼ਬਾਨ ਟੀਮ ਨੇ ਟੀ-20 ਵਿਸ਼ਵ ਕੱਪ ਜਿੱਤਿਆ ਹੈ। ਇਸ ਦੌਰਾਨ,

**☛ ਭਾਰਤੀ ਟੀਮ ਟੀ-20 ਵਿਸ਼ਵ ਕੱਪ ਦੇ ਇਤਿਹਾਸ ਵਿੱਚ ਤੀਜੀ ਵਾਰ ਖਿਤਾਬ ਜਿੱਤਣ ਵਾਲੀ ਪਹਿਲੀ ਟੀਮ ਬਣੀ**

**☛ ਲਗਾਤਾਰ ਦੋ ਵਾਰ ਟੀ-20 ਵਿਸ਼ਵ ਕੱਪ ਟਰਾਫੀ ਜਿੱਤਣ ਵਾਲੀ ਪਹਿਲੀ ਟੀਮ ਵੀ ਬਣੀ ਭਾਰਤੀ ਟੀਮ**



ਨਿਊਜ਼ੀਲੈਂਡ ਇੱਕ ਵਾਰ ਫਿਰ ਖਿਤਾਬ ਤੋਂ ਦੂਰ ਹੋ ਗਿਆ ਹੈ। ਫਿਨ ਐਲਨ ਅਤੇ ਟਿਮ ਸੀਫਰਟ ਨੇ ਨਿਊਜ਼ੀਲੈਂਡ ਲਈ ਪਾਰੀ ਦੀ ਸ਼ੁਰੂਆਤ ਕੀਤੀ। ਸ਼ਿਵਮ ਦੂਬੇ ਨੇ ਪਹਿਲੇ ਓਵਰ ਦੀ ਪੰਜਵੀਂ ਗੇਂਦ 'ਤੇ ਅਰਸ਼ਦੀਪ ਸਿੰਘ ਦਾ ਕੈਚ ਛੱਡਿਆ। ਐਲਨ ਨੇ ਉਸ ਸਮੇਂ ਆਪਣਾ ਖਾਤਾ ਵੀ ਨਹੀਂ ਖੋਲ੍ਹਿਆ ਸੀ। ਹਾਲਾਂਕਿ, ਤੀਜੇ ਓਵਰ ਵਿੱਚ, ਅਕਸ਼ਰ ਪਟੇਲ ਨੇ ਐਲਨ ਨੂੰ ਆਊਟ ਕੀਤਾ। ਅਗਲੇ ਹੀ ਓਵਰ ਵਿੱਚ, ਬੁਮਰਾਹ ਨੇ ਰਚਿਨ ਰਵਿੰਦਰ ਨੂੰ ਆਊਟ ਕੀਤਾ, ਜਿਸਨੇ ਸਿਰਫ਼ ਇੱਕ ਦੌੜ ਬਣਾਈ। ਫਿਰ ਅਕਸ਼ਰ ਨੇ ਪੰਜਵੇਂ ਓਵਰ ਵਿੱਚ ਗਲੇਨ ਫਿਲਿਪਸ ਨੂੰ ਬੋਲਡ ਕੀਤਾ। ਕੀਵੀਆਂ ਨੇ ਉਸ ਸਮੇਂ 47 ਦੌੜਾਂ ਬਣਾਈਆਂ ਸਨ। ਇਸ ਦੌਰਾਨ, ਸੀਫਰਟ ਨੇ ਸਿਰਫ਼ 23 ਗੇਂਦਾਂ ਵਿੱਚ ਆਪਣਾ ਅਰਧ ਸੈਂਕੜਾ ਪੂਰਾ ਕੀਤਾ। ਹਾਰਦਿਕ ਫਿਰ ਅੱਠਵਾਂ ਓਵਰ ਗੇਂਦਬਾਜ਼ੀ ਕਰਨ ਆਇਆ ਅਤੇ ਮਾਰਕ ਚੈਪਮੈਨ ਨੂੰ ਆਊਟ ਕੀਤਾ। ਵਰੁਣ ਨੇ ਫਿਰ 9ਵੇਂ ਓਵਰ ਵਿੱਚ ਨਿਊਜ਼ੀਲੈਂਡ ਨੂੰ ਵੱਡਾ ਝਟਕਾ ਦਿੱਤਾ ਜਦੋਂ ਉਸਨੇ ਸੀਫਰਟ ਨੂੰ ਆਊਟ ਕੀਤਾ। ਈਸ਼ਾਨ ਨੇ ਇੱਕ ਸ਼ਾਨਦਾਰ ਕੈਚ ਲਿਆ। ਸੀਫਰਟ ਦੇ ਬੱਲੇ ਨੇ 52 ਦੌੜਾਂ ਬਣਾਈਆਂ। ਅਕਸ਼ਰ ਨੇ 13ਵੇਂ ਓਵਰ ਵਿੱਚ ਡੈਰਿਲ ਮਿਸ਼ੇਲ ਨੂੰ ਆਊਟ ਕੀਤਾ। ਫਿਰ ਬੁਮਰਾਹ ਨੇ 16ਵੇਂ ਓਵਰ ਵਿੱਚ ਨੀਸ਼ਮ ਨੂੰ ਬੋਲਡ ਕੀਤਾ। ਉਸੇ ਓਵਰ ਵਿੱਚ, ਬੁਮਰਾਹ ਨੇ ਹੈਨਰੀ ਨੂੰ ਵੀ ਬੋਲਡ ਕੀਤਾ। ਫਿਰ, 18ਵੇਂ ਓਵਰ ਵਿੱਚ, ਬੁਮਰਾਹ ਨੇ ਸੈਂਟਨਰ ਨੂੰ ਵੀ ਬੋਲਡ ਕੀਤਾ। ਅੰਤ ਵਿੱਚ, ਨਿਊਜ਼ੀਲੈਂਡ ਸਿਰਫ਼ 159 ਦੌੜਾਂ 'ਤੇ ਢੇਰ ਹੋ ਗਿਆ। ਬੁਮਰਾਹ ਨੇ 4 ਵਿਕਟਾਂ ਲਈਆਂ, ਜਦੋਂ ਕਿ ਅਕਸ਼ਰ ਨੇ 3 ਵਿਕਟਾਂ ਲਈਆਂ। ਭਾਰਤ ਨੇ ਸੰਜੂ ਸੈਮਸਨ, ਅਭਿਸ਼ੇਕ ਸ਼ਰਮਾ ਅਤੇ ਈਸ਼ਾਨ ਕਿਸ਼ਨ ਦੇ ਅਰਧ ਸੈਂਕੜਿਆਂ ਅਤੇ ਦੂਬੇ ਦੇ 26 ਦੌੜਾਂ ਦੀ ਸ਼ਾਨਦਾਰ ਪਾਰੀ ਦੀ ਬਦੌਲਤ ਨਿਊਜ਼ੀਲੈਂਡ ਨੂੰ 256 ਦੌੜਾਂ ਦਾ ਟੀਚਾ ਦਿੱਤਾ। ਪਹਿਲਾਂ ਬੱਲੇਬਾਜ਼ੀ ਕਰਦੇ ਹੋਏ, ਟੀਮ ਇੰਡੀਆ ਨੇ ਅਭਿਸ਼ੇਕ ਸ਼ਰਮਾ ਅਤੇ ਸੰਜੂ ਸੈਮਸਨ ਨਾਲ ਸ਼ਾਨਦਾਰ ਸ਼ੁਰੂਆਤ ਕੀਤੀ। ਦੋਵਾਂ ਨੇ ਸਥਿਰ ਸ਼ੁਰੂਆਤ ਦਿੱਤੀ ਅਤੇ ਕਦੇ-ਕਦੇ ਕੁਝ ਚੰਗੇ ਸ਼ਾਟ ਖੇਡੇ। ਫਰਗੂਸਨ ਚੌਥਾ • ਬਾਕੀ ਸਫ਼ਾ 2 'ਤੇ

## ਵਿੱਤ ਮੰਤਰੀ ਚੀਮਾ ਵੱਲੋਂ 2,60,437 ਕਰੋੜ ਰੁਪਏ ਦਾ ਬਜਟ ਪੇਸ਼

# ਦਲਿਤ ਮਹਿਲਾਵਾਂ ਨੂੰ 1500 ਤੇ ਹੋਰਨਾਂ ਨੂੰ ਮਿਲਣਗੇ 1000 ਰੁਪਏ

ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ

ਪੰਜਾਬ ਵਿਧਾਨ ਸਭਾ 'ਚ ਐਤਵਾਰ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਿੱਤੀ ਸਾਲ 2026-27 ਲਈ 2,60,437 ਕਰੋੜ ਰੁਪਏ ਦਾ ਬਜਟ ਪੇਸ਼ ਕੀਤਾ। ਚੀਮਾ ਇਹ ਬਜਟ ਕੌਮਾਂਤਰੀ ਮਹਿਲਾ ਦਿਵਸ ਨੂੰ ਸਮਰਪਿਤ ਕੀਤਾ। ਉਨ੍ਹਾਂ ਇਸ ਦੌਰਾਨ ਹੜ੍ਹਾਂ 'ਚ ਪੰਜਾਬੀਆਂ ਵੱਲੋਂ ਦਿਖਾਈ ਦਲੇਰੀ ਦੀ ਸ਼ਲਾਘਾ ਕੀਤੀ। 'ਆਪ' ਸਰਕਾਰ ਨੇ ਆਖ਼ਰੀ ਤੇ ਪੰਜਵਾਂ ਬੱਜਟ 'ਦਲਿਤਾਂ ਤੇ ਔਰਤਾਂ' 'ਤੇ ਕੇਂਦਰਤ ਕੀਤਾ ਹੈ। ਵਿੱਤ ਮੰਤਰੀ ਨੇ ਬਜਟ ਵਿਚ ਹਰ ਵਰਗ ਨੂੰ ਖੁਸ਼ ਰੱਖਣ ਦਾ ਯਤਨ ਕੀਤਾ ਹੈ। ਕੁੱਲ ਮਾਲੀਆ ਪ੍ਰਾਪਤੀਆਂ ਕਰੀਬ 1,26,190 ਕਰੋੜ ਰੁਪਏ- ਵਿੱਤੀ ਸਾਲ 2026-27 ਲਈ ਕੁੱਲ ਮਾਲੀਆ ਪ੍ਰਾਪਤੀਆਂ ਕਰੀਬ 1,26,190 ਕਰੋੜ ਹੋਣ ਦਾ ਅਨੁਮਾਨ ਹੈ। ਇਸ ਵਿੱਚੋਂ 70,851 ਕਰੋੜ ਰਾਜ ਦੀ ਆਪਣੇ ਕਰਾਂ ਤੋਂ ਅਤੇ 15,687 ਕਰੋੜ ਗ਼ੈਰ-ਕਰ ਆਮਦਨ ਤੋਂ ਪ੍ਰਾਪਤ ਹੋਵੇਗੀ। ਕੇਂਦਰੀ ਕਰਾਂ ਵਿੱਚ ਰਾਜ ਦਾ ਹਿੱਸਾ ਲੱਗਭੱਗ 30,464 ਕਰੋੜ ਹੋਵੇਗਾ, ਜੋ ਕਿ 2025-26 ਦੇ ਮੁਕਾਬਲੇ 5,293 ਕਰੋੜ ਵੱਧ ਹੈ। ਇਸ ਸਾਲ ਲਈ ਮਾਲੀਆ ਘਾਟਾ ਲੱਗਭੱਗ 21,955.18 ਕਰੋੜ ਰੁਪਏ ਹੋਣ ਦਾ ਅੰਦਾਜ਼ਾ ਲਗਾਇਆ ਗਿਆ ਹੈ। ਇਸ ਦੇ ਨਾਲ ਹੀ ਰਾਜ ਦਾ ਕੁੱਲ ਕਰਜ਼ਾ ਵਧ ਕੇ ਲੱਗਭੱਗ 4,42,604.16 ਕਰੋੜ ਤੱਕ ਪਹੁੰਚਣ ਦੀ ਸੰਭਾਵਨਾ ਹੈ। ਪੰਜਾਬ ਸਰਕਾਰ ਨੇ ਮਾਈਨਿੰਗ ਦੇ ਖੇਤਰ ਵਿੱਚ ਵੱਡੀ ਮੱਲ ਮਾਰੀ ਹੈ। ਵਿੱਤ ਮੰਤਰੀ ਚੀਮਾ ਨੇ ਵਿਧਾਨ ਸਭਾ ਵਿੱਚ ਬਜਟ ਪੇਸ਼ ਕਰਦਿਆਂ ਖ਼ੁਸ਼ੀ ਸਾਂਝੀ ਕੀਤੀ ਕਿ ਭਾਰਤ ਸਰਕਾਰ ਦੇ ਖਣਨ ਮੰਤਰਾਲੇ ਵੱਲੋਂ ਜਾਰੀ 'ਸਟੇਟ ਮਾਈਨਿੰਗ ਰੈਡੀਨੇਸ ਇੰਡੈਕਸ' ਵਿੱਚ ਪੰਜਾਬ ਨੇ ਦੇਸ਼ ਭਰ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਉਨ੍ਹਾ ਕਿਹਾ ਕਿ ਇਹ ਪ੍ਰਾਪਤੀ ਸੂਬੇ ਵਿੱਚ ਸਾਫ਼-ਸੁਥਰੇ ਪ੍ਰਸ਼ਾਸਨ ਅਤੇ ਵਿਗਿਆਨਕ ਮਾਈਨਿੰਗ ਨੀਤੀ ਦੀ ਸਫ਼ਲਤਾ ਦੀ ਗਵਾਹੀ ਭਰਦੀ ਹੈ। ਮੰਤਰੀ ਨੇ ਦੱਸਿਆ ਕਿ ਸਰਕਾਰ ਵੱਲੋਂ ਕੀਤੇ ਗਏ ਨੀਤੀਗਤ ਸੁਧਾਰਾਂ ਅਤੇ ਆਧੁਨਿਕ ਨਿਲਾਮੀ ਪ੍ਰਕਿਰਿਆ ਦੇ ਸਿੱਟੇ ਵਜੋਂ ਮਾਈਨਿੰਗ ਤੋਂ ਹੋਣ ਵਾਲੀ ਆਮਦਨ ਵਿੱਚ ਰਿਕਾਰਡ ਵਾਧਾ ਹੋਇਆ ਹੈ। ਪਿਛਲੇ ਇੱਕ ਸਾਲ ਦੌਰਾਨ ਇਹ ਆਮਦਨ 260 ਕਰੋੜ ਰੁਪਏ ਤੋਂ ਵਧ ਕੇ 500 ਕਰੋੜ ਰੁਪਏ ਤੋਂ ਵੀ ਪਾਰ ਹੋ ਗਈ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੁਫਤ ਬਿਜਲੀ ਤੇ ਔਰਤਾਂ ਲਈ ਬੱਸਾਂ ਦਾ ਮੁਫਤ ਸਫਰ ਪਹਿਲਾਂ ਦੀ ਤਰ੍ਹਾਂ ਜਾਰੀ ਰਹਿਣ ਦਾ ਐਲਾਨ ਕਰਦਿਆਂ ਔਰਤਾਂ ਦੇ ਆਰਥਿਕ ਸਸ਼ਕਤੀਕਰਨ ਲਈ ਸੂਬੇ ਦੇ ਇਤਿਹਾਸ ਦੀ ਸਭ ਤੋਂ ਵੱਡੀ ਸਕੀਮ 'ਮੁੱਖ ਮੰਤਰੀ ਮਾਵਾਂ- • ਬਾਕੀ ਸਫ਼ਾ 2 'ਤੇ



# ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਸਾਰੇ ਚੋਣ ਵਾਅਦੇ ਪੂਰੇ ਕੀਤੇ : ਮੁੱਖ ਮੰਤਰੀ ਭਗਵੰਤ ਸਿੰਘ ਮਾਨ

ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਐਲਾਨ ਕੀਤਾ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਨੇ ਆਪਣਾ ਸਭ ਤੋਂ ਵੱਡਾ ਚੋਣ ਵਾਅਦਾ ਪੂਰਾ ਕਰ ਦਿੱਤਾ ਹੈ, ਜਿਸ ਤਹਿਤ ਪੰਜਾਬ ਭਰ ਦੀਆਂ ਮਹਿਲਾਵਾਂ ਨੂੰ ਮਹੀਨਾਵਾਰ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਸ਼ੁਰੂ ਕੀਤੀ ਗਈ ਹੈ। ਇਸ ਯੋਜਨਾ ਤਹਿਤ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1,000 ਰੁਪਏ, ਜਦਕਿ ਅਨੁਸੂਚਿਤ ਜਾਤੀ ਭਾਈਚਾਰਿਆਂ ਨਾਲ ਸਬੰਧਤ ਔਰਤਾਂ ਨੂੰ 1,500 ਪ੍ਰਾਪਤ ਮਿਲਣਗੇ, ਜਿਸ ਲਈ ਬਜਟ ਵਿੱਚ 9,300 ਕਰੋੜ ਰੁਪਏ ਦੀ ਵਿਵਸਥਾ ਕੀਤੀ ਗਈ ਹੈ। ਇਸਨੂੰ ਮਹਿਲਾਵਾਂ ਦੀ ਵਿੱਤੀ ਸੁਤੰਤਰਤਾ ਦੀ ਮਜ਼ਬੂਤੀ ਵੱਲ ਮਹੱਤਵਪੂਰਨ ਕਦਮ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ 'ਆਪ' ਸਰਕਾਰ ਦਾ ਸਾਰੀਆਂ ਗਰੰਟੀਆਂ ਪੂਰੀਆਂ ਬਜਟ ਚੋਣ ਵਾਅਦਿਆਂ ਨੂੰ ਪੂਰਾ ਕਰਨ ਸਬੰਧੀ ਆਮ ਆਦਮੀ ਪਾਰਟੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਸਦੇ ਨਾਲ ਹੀ ਬਜਟ ਵਿੱਚ ਸੂਬੇ ਭਰ ਦੀਆਂ ਔਰਤਾਂ ਨੂੰ ਸਸ਼ਕਤ ਬਣਾਉਣ ਅਤੇ ਹਰ ਇੱਕ ਪੰਜਾਬੀ ਪਰਿਵਾਰ ਨੂੰ ਸਮਰਥਨ ਦੇਣ ਲਈ ਮੁਫਤ ਬੱਸ ਯਾਤਰਾ, ਮੁਫਤ ਬਿਜਲੀ ਅਤੇ ਨਕਦੀ ਰਹਿਤ ਸਿਹਤ ਸੰਭਾਲ ਵਰਗੀਆਂ ਸਹੂਲਤਾਂ ਨੂੰ ਵਿਸ਼ੇਸ਼ ਤਵੱਜੋ ਦਿੱਤੀ ਗਈ • ਬਾਕੀ ਸਫ਼ਾ 2 'ਤੇ



# ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੂੰ ਆਈ.ਆਈ.ਟੀ. (ਆਈ. ਐਸ. ਐਮ.) ਧਨਬਾਦ ਨੇ ਸਮਾਜ ਸੇਵਾ ਲਈ ਡਾਇਰੈਕਟਰ ਐਵਾਰਡ ਦਿੱਤਾ

ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ

ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਆਪਣੀਆਂ ਪ੍ਰਾਪਤੀਆਂ ਵਿੱਚ ਇੱਕ ਹੋਰ ਵਾਧਾ ਕਰਦਿਆਂ ਸਮਾਜ ਦੀ ਨਿਸ਼ਕਾਮ ਤੇ ਸੁਹਿਰਦ ਸੇਵਾ ਕਰਨ ਲਈ ਵੱਕਾਰੀ ਡਾਇਰੈਕਟਰ ਐਵਾਰਡ ਹਾਸਲ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਹ ਪੁਰਸਕਾਰ ਮੁੱਖ ਸਕੱਤਰ ਨੂੰ ਉਨ੍ਹਾਂ ਦੀ ਵਿਦਿਅਕ ਸੰਸਥਾ ਆਈ.ਆਈ.ਟੀ. (ਆਈ. ਐਸ. ਐਮ.) ਧਨਬਾਦ ਵੱਲੋਂ ਦਿੱਤਾ ਗਿਆ ਹੈ, ਜਿੱਥੋਂ ਉਨ੍ਹਾਂ ਨੇ ਮਾਈਨਿੰਗ ਇੰਜੀਨੀਅਰਿੰਗ (1989 ਬੈਚ) ਵਿੱਚ ਬੀ. ਟੈਕ ਦੀ ਡਿਗਰੀ ਹਾਸਲ ਕੀਤੀ ਸੀ। ਕੇ.ਏ.ਪੀ. ਸਿਨਹਾ ਨੂੰ ਲੋਕਾਂ ਦੀ ਸੇਵਾ ਦੇ ਨਾਲ-ਨਾਲ ਸਮਾਜਿਕ ਵਿਕਾਸ ਵਿੱਚ ਉਨ੍ਹਾਂ ਦੇ ਵਿਸ਼ਾਲ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ ਹੈ, ਜੋ ਲੀਡਰਸ਼ਿਪ ਗੁਣਾਂ ਨੂੰ ਸਪਸ਼ਟ ਰੂਪ 'ਚ ਪ੍ਰਦਰਸ਼ਿਤ ਕਰਦਿਆਂ ਹੋਰਨਾਂ ਨੂੰ ਪ੍ਰੇਰਿਤ ਕਰਦੇ ਹਨ।



# ਮੁੱਖ ਮੰਤਰੀ ਵੱਲੋਂ ਪ੍ਰਵਾਸੀ ਪੰਜਾਬੀ ਕਾਨੂੰਨੀ ਭਾਈਚਾਰੇ ਨੂੰ ਸੂਬੇ ਦੀ ਪੁਰਾਤਨ ਸ਼ਾਨ ਦੀ ਬਹਾਲੀ ਲਈ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ

ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪ੍ਰਵਾਸੀ ਪੰਜਾਬੀ ਕਾਨੂੰਨੀ ਭਾਈਚਾਰੇ ਨੂੰ ਸੂਬੇ ਦੀ ਪੁਰਾਤਨ ਸ਼ਾਨ ਦੀ ਬਹਾਲੀ ਲਈ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ। ਇੰਡੀਆ ਇੰਟਰਨੈਸ਼ਨਲ ਡਿਸਪਿਊਟ ਵੀਕ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਦੁਨੀਆ ਭਰ ਤੋਂ ਪੰਜਾਬ ਦੀ ਪਵਿੱਤਰ ਧਰਤੀ 'ਤੇ ਪਹੁੰਚੇ ਉੱਘੇ ਪਤਵੰਤਿਆਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਇਸ ਵਫ਼ਦ ਵਿੱਚ ਉੱਘੇ ਕਾਨੂੰਨੀ ਵਿਦਵਾਨ, ਕਾਨੂੰਨੀ ਸੰਸਥਾਵਾਂ ਦੇ ਮੁਖੀ, ਵਕੀਲ ਅਤੇ ਹੋਰ ਉੱਘੇ ਸ਼ਖਸੀਅਤਾਂ ਸ਼ਾਮਲ ਹਨ। ਭਗਵੰਤ ਸਿੰਘ ਮਾਨ ਨੇ ਵਿਸ਼ਵ ਭਰ ਤੋਂ ਕਾਨੂੰਨੀ ਮਾਹਿਰਾਂ ਨੂੰ ਇੱਕ ਮੰਚ 'ਤੇ ਇਕੱਠੇ ਕਰਨ ਲਈ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਨੂੰ ਚੁਣਨ ਵਾਸਤੇ ਇੰਡੀਆ ਇੰਟਰਨੈਸ਼ਨਲ ਡਿਸਪਿਊਟ ਵੀਕ-2026 ਦੇ ਪ੍ਰਬੰਧਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੂੰ ਇਹ ਜਾਣ ਕੇ ਖੁਸ਼ੀ ਹੋਈ ਕਿ ਇਸ ਵਫ਼ਦ ਵਿੱਚ ਅਮਰੀਕਾ, ਯੂਕੇ, ਕੈਨੇਡਾ ਅਤੇ ਸਿੰਗਾਪੁਰ ਤੋਂ ਸਿੱਖ ਵਕੀਲ, ਜੱਜ ਅਤੇ ਹੋਰ ਉੱਘੀਆਂ ਸਿੱਖ ਸ਼ਖਸੀਅਤਾਂ ਸ਼ਾਮਲ ਹਨ, ਜੋ ਆਪਣੇ ਪੁਰਖਿਆਂ ਦੀ ਪਵਿੱਤਰ ਧਰਤੀ 'ਤੇ ਬਹੁੜੇ ਹਨ। ਉਨ੍ਹਾਂ ਕਿਹਾ ਕਿ ਇਸ ਵਫ਼ਦ ਵਿੱਚ ਉਹ ਸ਼ਖ਼ਸੀਅਤਾਂ ਵੀ ਸ਼ਾਮਲ ਹਨ, ਜਿਨ੍ਹਾਂ ਨੇ ਆਪਣੀ ਪ੍ਰਤਿਭਾ, ਲਗਨ ਅਤੇ ਸਖ਼ਤ ਮਿਹਨਤ ਨਾਲ ਵਿਦੇਸ਼ਾਂ ਵਿੱਚ ਵੱਡੀਆਂ ਸਫ਼ਲਤਾਵਾਂ ਹਾਸਲ ਕੀਤੀਆਂ ਹਨ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਨਿੱਜੀ ਤੌਰ 'ਤੇ ਉਨ੍ਹਾਂ ਦੀਆਂ ਪ੍ਰਾਪਤੀਆਂ 'ਤੇ ਮਾਣ ਮਹਿਸੂਸ ਕਰਦੇ ਹਨ ਅਤੇ ਇਹ ਪਲ ਸਾਰੇ ਪੰਜਾਬੀਆਂ ਲਈ ਮਾਣ ਵਾਲੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸਾਡਾ ਪੰਜਾਬ ਮਹਾਨ ਗੁਰੂਆਂ, ਸੰਤਾਂ, ਪੀਰ-ਪੈਗੰਬਰਾਂ ਅਤੇ ਅਧਿਆਤਮਕ ਆਗੂਆਂ ਦੀ ਪਵਿੱਤਰ ਧਰਤੀ ਹੈ ਅਤੇ ਪੰਜਾਬ ਸਰਕਾਰ ਤੁਹਾਡੇ ਸਭਨਾਂ ਦੀ ਮੇਜ਼ਬਾਨੀ ਕਰਕੇ ਵਧੇਰੇ ਮਾਣ ਮਹਿਸੂਸ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸੂਬੇ ਨੂੰ ਬਹਾਦਰ ਅਤੇ ਮਿਹਨਤੀ ਲੋਕਾਂ ਦੀ ਧਰਤੀ ਵਜੋਂ ਜਾਣਿਆ ਜਾਂਦਾ ਹੈ ਅਤੇ ਜਿੱਥੇ ਸਾਡੇ ਜਵਾਨ ਸਰਹੱਦਾਂ ਦੀ ਰਾਖੀ ਲਈ ਦਿਨ-ਰਾਤ ਡਟੇ ਰਹਿੰਦੇ ਹਨ, ਉਥੇ ਹੀ ਸਾਡੇ ਕਿਸਾਨ ਦੇਸ਼ ਦੀ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਂਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਕਰਕੇ ਪੰਜਾਬ ਨੂੰ ਦੇਸ਼ ਦੇ ਅੰਨ ਭੰਡਾਰ ਅਤੇ ਘੜਗ ਭੁਜਾ ਵਜੋਂ ਵੀ ਜਾਣਿਆ ਜਾਂਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਇੱਕ ਸ਼ਾਂਤੀਪੂਰਨ ਸੂਬਾ ਹੈ ਜਿੱਥੇ ਸਦਭਾਵਨਾ, ਆਪਸੀ ਸਤਿਕਾਰ ਅਤੇ ਭਾਈਚਾਰਾ ਇੰਨਾ ਮਜ਼ਬੂਤ ਹੈ ਕਿ ਨਫ਼ਰਤ ਦੇ ਬੀਜ ਉੱਗ ਹੀ ਨਹੀਂ ਸਕਦੇ। ਉਨ੍ਹਾਂ ਕਿਹਾ ਕਿ ਪੰਜਾਬੀਆਂ ਨੇ ਹਮੇਸ਼ਾ ਦੁਨੀਆ ਦੇ ਸਾਹਮਣੇ ਫਿਰਕੂ ਸਦਭਾਵਨਾ ਦੀ ਇੱਕ ਸ਼ਾਨਦਾਰ ਤੇ ਸੁੰਦਰ ਮਿਸਾਲ ਰੱਖੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੀ ਪਵਿੱਤਰ ਨਗਰੀ ਅੰਮ੍ਰਿਤਸਰ ਨੂੰ ਵਿਸ਼ਵਵਿਆਪੀ ਭਾਈਚਾਰੇ ਦੇ ਪ੍ਰਤੀਕ ਵਜੋਂ ਜਾਣਿਆ ਜਾਂਦਾ ਹੈ, ਜਿੱਥੇ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਰ, ਭਗਵਾਨ ਵਾਲਮੀਕਿ ਤੀਰਥ ਸਥਲ ਵਰਗੇ ਪਵਿੱਤਰ ਅਸਥਾਨ ਅਤੇ ਜਲ੍ਹਿਆਂਵਾਲਾ ਬਾਗ ਸਥਿਤ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇੰਡੀਆ ਇੰਟਰਨੈਸ਼ਨਲ ਡਿਸਪਿਊਟਸ ਵੀਕ ਇੱਕ ਅਜਿਹਾ ਮੰਚ ਹੈ ਜੋ ਦੁਨੀਆ ਭਰ ਦੇ ਜੱਜਾਂ, ਸੀਨੀਅਰ ਵਕੀਲਾਂ, ਕਾਨੂੰਨੀ ਫਰਮਾਂ, ਨੌਜਵਾਨ ਵਕੀਲਾਂ, ਬੁੱਧੀਜੀਵੀਆਂ ਅਤੇ ਸੰਸਥਾਵਾਂ ਨੂੰ ਇਕੱਠਾ ਕਰਦਾ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਪੰਜ ਦਿਨਾਂ ਦੌਰਾਨ ਘਰੇਲੂ ਹਿੰਸਾ, ਵਿੱਤੀ ਅਪਰਾਧ, ਜਨਹਿੱਤ ਮੁਕੱਦਮੇਬਾਜ਼ੀ, ਵਾਤਾਵਰਣ ਕਾਨੂੰਨ, ਮੀਡੀਆ ਰੈਗੂਲੇਸ਼ਨ, ਵਿਚੋਲਗੀ ਦੀ • ਬਾਕੀ ਸਫ਼ਾ 2 'ਤੇ




# ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ 'ਆਪ' ਸਰਕਾਰ ਖ਼ਿਲਾਫ਼ ਪ੍ਰਦਰਸ਼ਨ



ਜ਼ਿਕਰ ਪੰਜਾਬ
ਮੋਹਾਲੀ/ਬਿਊਰੋ

ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ, ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਸੀ ਪੀ ਐੱਫ ਕਰਮਚਾਰੀ ਯੂਨੀਅਨ ਦੇ ਸੱਦੇ 'ਤੇ ਪੰਜਾਬ ਭਰ ਦੀਆਂ ਮੁਲਾਜ਼ਮ, ਪੈਨਸ਼ਨਰਜ਼, ਅਧਿਆਪਕ, ਆਂਗਣਵਾੜੀ, ਠੇਕਾ ਮੁਲਾਜ਼ਮ, ਆਸ਼ਾ ਵਰਕਰ, ਮਿੱਡ-ਡੇਅ ਮੀਲ ਕਾਰਕੁਨਾਂ ਨੇ ਮੁਹਾਲੀ ਵਿੱਚ ਪ੍ਰਦਰਸ਼ਨ ਕੀਤਾ। ਸੈਂਕੜਿਆਂ ਦੀ ਗਿਣਤੀ ਵਿੱਚ ਆਏ ਧਰਨਾਕਾਰੀਆਂ ਵਿੱਚ ਵੱਡੀ ਗਿਣਤੀ ਮਹਿਲਾ ਮੁਲਾਜ਼ਮਾਂ, ਆਂਗਣਵਾੜੀ ਅਤੇ ਆਸ਼ਾ ਵਰਕਰ ਵੀ ਸ਼ਾਮਲ ਸਨ। ਉਨ੍ਹਾਂ ਨੂੰ ਪੁਲੀਸ ਨੇ ਚੰਡੀਗੜ੍ਹ ਵਿੱਚ ਦਾਖ਼ਲ ਨਹੀਂ ਹੋਣ ਦਿੱਤਾ। ਚੰਡੀਗੜ੍ਹ ਪੁਲੀਸ ਨੇ ਧਰਨਾਕਾਰੀਆਂ ਨੂੰ ਰੋਕਣ ਲਈ ਪਾਣੀ ਦੀਆਂ ਬੁਛਾੜਾਂ ਮਾਰੀਆਂ ਅਤੇ ਅਥਰੂ ਗੈਸ ਦੇ ਗੋਲੇ ਵੀ ਸੁੱਟੇ। ਇਸ ਨਾਲ ਕਈ ਮੁਲਾਜ਼ਮਾਂ ਦੀਆਂ ਪੱਗਾਂ ਲੱਥ ਗਈਆਂ, ਕਈਆਂ ਦੇ ਮੋਬਾਈਲ ਅਤੇ ਐਨਕਾਂ ਟੁੱਟ ਗਏ। ਕਈ ਮਹਿਲਾ ਧਰਨਾਕਾਰੀਆਂ ਅਤੇ ਹੋਰਨਾਂ ਨੂੰ ਸੱਟਾਂ ਵੀ ਲੱਗੀਆਂ ਹਨ। ਇਸ ਮੌਕੇ ਮੁਲਾਜ਼ਮਾਂ ਨੇ ਮੁਹਾਲੀ ਦੇ ਗੁਰਦੁਆਰਾ ਅੰਬ ਸਾਹਿਬ ਦੇ ਪਿਛਲੇ ਪਾਸੇ ਰੋਸ ਰੈਲੀ ਕੀਤੀ। ਧਰਨਾਕਾਰੀ ਬੁੜੈਲ ਜੇਲ੍ਹ ਵਾਲੀ ਸੜਕ ਤੋਂ ਚੰਡੀਗੜ੍ਹ ਵੱਲ ਰਵਾਨਾ ਹੋਏ। • ਬਾਕੀ ਸਫ਼ਾ 2 'ਤੇ

# 2027 ਵਿੱਚ ਅਕਾਲੀ ਦਲ ਦੀ ਸਰਕਾਰ ਬਨਣ 'ਤੇ ਬਠਿੰਡਾ ਨੂੰ ਉਦਯੋਗਿਕ ਕੇਂਦਰ ਵਜੋਂ ਵਿਕਸਤ ਕੀਤਾ ਜਾਵੇਗਾ : ਬਾਦਲ

ਜ਼ਿਕਰ ਪੰਜਾਬ
ਗੋਨਿਆਣਾ ਮੰਡੀ/ਬਿਊਰੋ

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਕਿਹਾ ਕਿ ਅਕਾਲੀ ਦਲ ਜਿਸਨੇ ਬਠਿੰਡਾ ਨੂੰ ਮੌਜੂਦਾ ਦੌਰ ਵਿਚ ਵਿਕਸਤ ਕੀਤਾ, ਨੂੰ 2027 ਵਿਚ ਅਕਾਲੀ ਦਲ ਦੀ ਸਰਕਾਰ ਬਨਣ 'ਤੇ ਹੋਰ ਵਿਕਸਤ ਕੀਤਾ ਜਾਵੇਗਾ ਤੇ ਇਕ ਉਦਯੋਗਿਕ ਕੇਂਦਰ ਵਜੋਂ ਵਿਕਸਤ ਜਾਵੇਗਾ। ਇਥੇ ਪਾਰਟੀ ਦੇ ਹਲਕਾ ਇੰਚਾਰਜ ਡਾ. ਦਲਜੀਤ ਸਿੰਘ ਗੁਰੂ ਵੱਲੋਂ ਆਯੋਜਿਤ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਅਕਾਲੀ ਦਲ ਨੇ ਇਸ ਜ਼ਿਲ੍ਹੇ ਵਿਚ ਥਰਮਲ ਪਲਾਂਟ ਲਗਾਏ, ਹਵਾਈ ਅੱਡਾ ਬਣਾਇਆ ਤੇ ਇਥੇ ਵਿਦਿਅਕ ਕੇਂਦਰ ਤੇ ਮੈਡੀਕਲ ਸਹੂਲਤਾਂ ਦਿੱਤੀਆਂ ਤੇ ਕੇਂਦਰੀ ਯੂਨੀਵਰਸਿਟੀ ਦੇ ਨਾਲ-ਨਾਲ ਏਮਜ਼ ਤੇ ਐਡਵਾਂਸ ਕੈਂਸਰ ਇੰਸਟੀਚਿਊਟ ਸਥਾਪਿਤ ਕੀਤਾ। ਉਹਨਾਂ ਕਿਹਾ ਕਿ ਹੁਣ ਅਗਲੇ ਪੜਾਅ ਵਿਚ 2027 ਵਿਚ ਅਕਾਲੀ ਦਲ ਦੀ ਸਰਕਾਰ ਬਨਣ 'ਤੇ ਇਥੇ ਉਦਯੋਗਿਕ ਕੇਂਦਰ ਵਿਕਸਤ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਇਸ ਨਾਲ ਇਸ ਖਿੱਤੇ ਦੇ ਅਰਥਚਾਰੇ ਨੂੰ ਉਤਸ਼ਾਹ ਮਿਲੇਗਾ ਤੇ ਸਾਡੇ ਨੌਜਵਾਨਾਂ ਨੂੰ ਰੋਜ਼ਗਾਰ ਮਿਲੇਗਾ। ਉਹਨਾਂ ਇਹ ਵੀ ਐਲਾਨ ਕੀਤਾ ਕਿ ਇਥੇ ਇਕ ਸਕਿੱਲ ਯੂਨੀਵਰਸਿਟੀ 300 ਏਕੜ ਵਿਚ ਸਥਾਪਿਤ ਕੀਤੀਜਾਵੇਗੀ ਜੋ ਹਰ ਸਾਲ ਇਕ ਲੱਖ ਨੌਜਵਾਨਾਂ ਨੂੰ ਸਿੱਖਲਾਈ ਦੇਵੇਗੀ। ਉਹਨਾਂ ਕਿਹਾ ਕਿ ਇਸਦੇ ਨਾਲ ਹੀ ਪ੍ਰਸਿੱਧ ਕੰਪਨੀਆਂ ਨੌਜਵਾਨਾਂ ਨੂੰ ਸਿੱਖਲਾਈ ਦੇਣਗੀਆਂ ਤਾਂ ਜੋ ਉਹਨਾਂ ਨੂੰ ਚੰਗੀਆਂ ਨੌਕਰੀਆਂ ਪ੍ਰਾਪਤ ਹੋ ਸਕਣ। ਸਰਦਾਰ ਸੁਖਬੀਰ ਸਿੰਘ ਬਾਦਲ, ਜਿਹਨਾਂ ਨੇ ਅੱਜ ਆਪ ਸਰਕਾਰ ਵੱਲੋਂ ਲਏ ਕੈਬਨਿਟ ਫੈਸਲਿਆਂ 'ਤੇ ਪ੍ਰਤੀਕਰਮ ਵੀ ਦਿੱਤਾ, ਨੇ ਕਿਹਾ ਕਿ ਚਾਰ ਸਾਲਾਂ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਲੋਕਾਂ ਨੂੰ ਨਿਊ ਚੰਡੀਗੜ੍ਹ ਵਿਚ ਮੈਡੀਕਲ ਕਾਲਜ ਬਣਾਉਣ ਦਾ ਲਾਅਰਾ ਲਗਾ ਕੇ ਮੂਰਖ ਬਣਾਉਂਦੇ ਰਹੇ। ਉਹਨਾਂ ਕਿਹਾ ਕਿ ਉਹਨਾਂ ਨੂੰ ਸ਼ਾਇਦ ਇਹ ਵੀ ਪਤਾ ਨਹੀਂ ਸੀ ਕਿ ਸਾਬਕਾ ਮੁੱਖ ਮੰਤਰੀ ਸਰਦਾਰ ਪ੍ਰਕਾਸ਼ ਸਿੰਘ ਬਾਦਲ ਨੇ ਨਿਊ ਚੰਡੀਗੜ੍ਹ ਵਿਚ ਹੋਮੀ ਭਾਬਾ ਕੈਂਸਰ ਹਸਪਤਾਲ ਤੇ ਰਿਸਰਚ ਸੈਂਟਰ ਸਥਾਪਿਤ ਕੀਤਾ ਸੀ। ਉਹਨਾਂ ਕਿਹਾ ਕਿ ਜੇਕਰ ਕੋਈ ਭਗਵੰਤ ਮਾਨ ਦਾ ਰਿਕਾਰਡ ਵੇਖੇ ਤਾਂ ਪਤਾ ਚੱਲਦਾ ਹੈ ਕਿ ਇਸਨੇ ਸੰਗਰੂਰ ਵਿਚ ਮੈਡੀਕਲ ਕਾਲਜ ਬਣਾਉਣ ਦਾ ਵਾਅਦਾ ਕੀਤਾ ਸੀ ਪਰ ਨੀਂਹ ਪੱਥਰ ਰੱਖਣ ਤੋਂ ਇਲਾਵਾ ਹੋਰ ਕੱਖ ਵੀ ਨਹੀਂ ਕੀਤਾ ਗਿਆ ਤੇ ਸੂਬੇ ਵਿਚ ਕੋਈ ਵੀ ਹੋਰ ਮੈਡੀਕਲ ਕਾਲਜ ਸਥਾਪਿਤ ਨਹੀਂ ਕੀਤਾ ਗਿਆ। ਆਪ ਸਰਕਾਰ ਦੀ ਔਰਤਾਂ ਨੂੰ ਅਗਲੇ ਕੁਝ ਮਹੀਨਿਆਂ ਵਾਸਤੇ ਇਕ-ਇਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦੀ ਯੋਜਨਾ ਦੀ ਗੱਲ ਕਰਦਿਆਂ ਸਰਦਾਰ ਬਾਦਲ ਨੇ ਕਿਹਾਕਿ ਇਸ ਸਕੀਮ ਤਹਿਤ ਸਾਰੀਆਂ ਔਰਤਾਂ ਨੂੰ ਇਕ-ਇਕ ਹਜ਼ਾਰ ਰੁਪਏ ਦੀ ਰਾਸ਼ੀ ਮਿਲਣੀ ਚਾਹੀਦੀ ਹੈ ਤੇ • ਬਾਕੀ ਸਫ਼ਾ 2 'ਤੇ



# ਸੁਨੀਲ ਜਾਖੜ ਨੇ ਪੰਜਾਬ ਦੇ ਬਜਟ 'ਤੇ ਕੱਸਿਆ ਤੰਜ, ਕਿਹਾ- ਇਹ ਇੱਕ ਅਜਿਹਾ ਬਜਟ ਹੈ ਜੋ ਪੰਜਾਬ ਨੂੰ ਉਖਾੜ ਦੇਵੇਗਾ



ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ

ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਨੇ ਸੂਬਾ ਸਰਕਾਰ ਦੇ ਬਜਟ ਨੂੰ ਇੱਕ ਅਜਿਹਾ ਬਜਟ ਦੱਸਿਆ ਜੋ ਪੰਜਾਬ ਨੂੰ ਕਮਜ਼ੋਰ ਕਰੇਗਾ। ਉਨ੍ਹਾਂ ਇਹ ਟਿੱਪਣੀ 14 ਮਾਰਚ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਰੈਲੀ ਸਬੰਧੀ ਬਰਨਾਲਾ ਵਿੱਚ ਇੱਕ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤੀ। ਉਨ੍ਹਾਂ ਦੇ ਨਾਲ ਭਾਜਪਾ ਦੇ ਉਪ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਹੋਰ ਪਾਰਟੀ ਵਰਕਰ ਵੀ ਸਨ। ਜਾਖੜ ਨੇ ਕਿਹਾ ਕਿ ਪੰਜਾਬ 'ਤੇ 4.5 ਲੱਖ ਕਰੋੜ ਰੁਪਏ ਦਾ ਕਰਜ਼ਾ ਹੈ। ਉਨ੍ਹਾਂ ਸਵਾਲ ਕੀਤਾ ਕਿ ਸਰਕਾਰ ਔਰਤਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਦੇਣ ਦੀ ਗੱਲ ਕਰ ਰਹੀ ਹੈ, ਪਰ ਪੈਸਾ ਕਿੱਥੋਂ ਆਵੇਗਾ? ਜਾਖੜ ਨੇ ਵਿੱਤ ਮੰਤਰੀ ਹਰਪਾਲ ਚੀਮਾ 'ਤੇ ਬਜਟ ਨੂੰ ਗਾਰੰਟੀਆਂ ਪੂਰੀਆਂ ਕਰਨ ਵਾਲਾ ਬਜਟ ਕਹਿਣ 'ਤੇ ਪਲਟਵਾਰ ਕੀਤਾ। ਉਨ੍ਹਾਂ ਕਿਹਾ ਕਿ ਇਹ ਬਜਟ ਅਸਲ ਵਿੱਚ ਪੰਜਾਬ ਨੂੰ ਉਖਾੜ ਸੁੱਟਣ ਵਾਲਾ ਹੈ।

## ਅੰਬਰ ਗਾਰਡਨ ਮੋਤੀ ਨਗਰ ਵਿਖੇ ਵੱਡੀ ਗਿਣਤੀ ’ਚ ਇਕੱਠੇ ਹੋ ਕੇ

# ਮਹਿਲਾਵਾਂ ਨੇ ਸੁਣਿਆ ਲਾਈਵ ਬਜਟ



ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਜਿਉ ਹੀ ਬਜਟ ਦੀ ਪੇਸ਼ਗੀ ਸ਼ੁਰੂ ਕੀਤੀ ਗਈ ਤਾਂ ਹਲਕਾ ਪੂਰਵੀ ਸਥਿਤ ਅੰਬਰ ਗਾਰਡਨ ਮੋਤੀ ਨਗਰ ਵਿਖੇ ਬਜਟ ਨੂੰ ਲਾਈਵ ਦੇਖਣ ਲਈ ਵੱਡੀ ਗਿਣਤੀ ਚ ਮਹਿਲਾਵਾਂ ਪਹੁੰਚ ਗਈਆਂ, ਕਿਉਂਕਿ ਮਹਿਲਾਵਾਂ ਨੂੰ ਅੱਜ ਪੂਰਾ ਭਰੋਸਾ ਸੀ ਕਿ ਸਰਕਾਰ ਵੱਲੋਂ ਉਹਨਾਂ ਦੀ ਗਰੰਟੀ ਦਾ ਅੱਜ ਜਰੂਰ ਐਲਾਨ ਕੀਤਾ ਜਾਵੇਗਾ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਜਿਵੇਂ ਹੀ ਮਹਿਲਾਵਾਂ ਲਈ 1 000 ਅਤੇ ਐਸਸੀ ਮਹਿਲਾਵਾਂ ਲਈ 1500 ਦਾ ਐਲਾਨ ਕੀਤਾ ਤਾਂ ਬਜਟ ਸੈਸ਼ਨ ਸੁਣ ਰਹੀਆਂ ਮਹਿਲਾਵਾਂ ਵੱਲੋਂ ਨੱਚ ਗਾ ਕੇ ਭੰਗੜੇ ਪਾ ਇਸ ਸਕੀਮ ਦਾ ਸਵਾਗਤ ਕਰਦਿਆਂ ਇੱਕ ਦੂਸਰੇ ਨੂੰ ਵਧਾਈਆਂ ਦਿੱਤੀਆਂ ਗਈਆਂ ।

ਇਸ ਮੌਕੇ ਤੇ ਹਾਜ਼ਰ ਮਹਿਲਾਵਾਂ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਹਾਲਾਂਕਿ ਵਿਰੋਧੀ ਪਾਰਟੀਆਂ ਹਜਾਰ ਰੁਪਏ ਦੀ ਗਰੰਟੀ ਨੂੰ ਬਹੁਤ ਵੱਡਾ ਮੁੱਦਾ ਬਣਾ ਕੇ ਸ਼ੋਰ ਸ਼ਰਾਬਾ ਪਾ ਰਹੇ ਸਨ, ਪਰ ਉਹਨਾਂ ਨੂੰ ਪੂਰਾ ਭਰੋਸਾ ਸੀ ਕਿ ਮੌਜੂਦਾ ਸਰਕਾਰ ਵੱਲੋਂ ਪਹਿਲਾਂ ਵੀ ਬਹੁਤ ਸਾਰੀਆਂ ਗਰੰਟੀਆਂ ਜੋ ਉਹਨਾਂ ਵੱਲੋਂ ਚੋਣਾਂ ਸਮੇਂ ਤੇ ਦਿੱਤੀਆਂ ਗਈਆਂ ਸਨ ਪੂਰਾ ਕੀਤਾ ਗਿਆ ਹੈ ਇਸ ਕਾਰਨ ਉਹਨਾਂ ਨੂੰ ਵਿਰੋਧੀ ਪਾਰਟੀਆਂ ਦੀਆਂ ਗੱਲਾਂ ਦਾ ਕੋਈ ਜਿਆਦਾ ਅਸਰ ਨਹੀਂ ਹੋ ਰਿਹਾ ਸੀ ।

ਉਹਨਾਂ ਕਿਹਾ ਕਿ ਅੱਜ ਦੇ ਬਜਟ ਸੈਸ਼ਨ ਦੌਰਾਨ ਉਹਨਾਂ ਨੂੰ ਪੂਰਾ ਭਰੋਸਾ ਸੀ ਕਿ ਅੱਜ ਮਹਿਲਾਵਾਂ ਵਾਲੀ ਗਰੰਟੀ ਦਾ ਐਲਾਨ ਜਰੂਰ ਕੀਤਾ ਜਾਵੇਗਾ , ਸੋ ਅੱਜ ਇਹ ਗਰੰਟੀ ਵੀ ਸਰਕਾਰ ਵੱਲੋਂ ਪੂਰੀ ਕਰ ਦਿੱਤੀ ਗਈ ਹੈ , ਹੁਣ ਵਿਰੋਧੀ ਪਾਰਟੀਆਂ ਕੋਲ ਬੋਲਣ ਲਈ ਕੁਝ ਵੀ ਨਹੀਂ। ਉਹਨਾਂ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਜੋ ਟੀਚਾ ਲੈ ਕੇ ਸੱਤਾਂ ਵਿੱਚ ਆਈ ਸੀ ਉਹ ਮਕਸਦ ਅੱਜ ਪੂਰਾ ਹੋ ਗਿਆ ਹੈ ਅਤੇ ਅੱਜ ਤੋਂ ਅਸੀਂ ਕਹਿ ਸਕਦੇ ਹਾਂ ਕਿ ਪੰਜਾਬ ਹੁਣ ਤੋਂ ਮੁੜ ਰੰਗਲਾ ਪੰਜਾਬ ਬਣਨ ਵੱਲ ਵਧ ਰਿਹਾ ਹੈ । ਇਸ ਮੌਕੇ ਤੇ ਕੌਂਸਲਰ ਨਿਧੀ ਗੁਪਤਾ ਕੌਂਸਲਰ ਸੁਖਮੇਲ ਗਰੇਵਾਲ , ਅਮਰਜੀਤ ਸਿੰਘ ਮਨਜੀਤ ਚੌਹਾਨ ਕੌਂਸਲਰ ਅਸ਼ਵਨੀ ਸ਼ਰਮਾ ਗੋਭੀ ਮਨਜੀਤ ਚੌਹਾਨ ਅੰਕੁਰ ਗੁਲਾਟੀ ਕੌਂਸਲਰ ਲਵਲੀ ਮਨੋਚਾ , ਕੌਂਸਲਰ ਜਸਪ੍ਰੀਤ ਕੌਰ , ਇੰਦਰਪ੍ਰੀਤ ਸਿੰਘ ਗੱਗੂ ਰਮਨਦੀਪ ਕੌਰ , ਰਾਧਾ ਮਲਹੋਤਰਾ , ਭਾਰਤ ਭੂਸ਼ਣ , ਗੁਰਦੀਪ ਸਿੰਘ ਸੂਰਜ ਬੇਦੀ ਤੋਂ ਇਲਾਵਾ ਵੱਡੀ ਗਿਣਤੀ ਚ ਹੋਰ ਵੀ ਹਾਜ਼ਰ ਸਨ।

## ਸਰਕਾਰ ਨੇ ਜਿੰਨੀਆਂ ਵੀ ਗਰੰਟੀਆਂ ਦਿੱਤੀਆਂ ਉਹ ਸਭ ਅੱਜ ਪੂਰੀਆਂ ਹੋਈਆਂ : ਵਿਧਾਇਕ ਗਰੇਵਾਲ

**ਲੁਧਿਆਣਾ/ਬਿਊਰੋ**

ਪੰਜਾਬ ਬਜਟ ਚ ਹਿੱਸਾ ਲੈਣ ਲਈ ਪਹੁੰਚੇ ਹਲਕਾ ਪੂਰਵੀ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਨਾਲ ਬਜਟ ਸੈਸ਼ਨ ਤੋਂ ਬਾਅਦ ਜਦੋਂ ਫੋਨ ਤੇ ਗੱਲਬਾਤ ਕੀਤੀ ਗਈ ਤਾਂ ਉਹਨਾਂ ਸਭ ਤੋਂ ਪਹਿਲਾਂ ਸੂਬੇ ਭਰ ਦੀਆਂ ਮਾਵਾਂ ਭੈਣਾਂ ਨੂੰ ਅੱਜ ਉਹਨਾਂ ਦੀ ਗਰੰਟੀ ਪੂਰੀ ਹੋਣ ਤੇ ਵਧਾਈਆਂ ਦਿੱਤੀਆਂ ਅਤੇ ਕਿਹਾ ਕੀ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਚੋਣਾਂ ਸਮੇਂ ਜੋ ਵੀ ਗਰੰਟੀਆਂ ਦਿੱਤੀਆਂ ਗਈਆਂ ਸਨ ਉਹਨਾਂ ਵਿੱਚੋਂ ਜਿਆਦਾਤਰ ਪਹਿਲਾਂ ਹੀ ਪੂਰੀਆਂ ਕੀਤੀਆਂ ਜਾ ਚੁੱਕੀਆਂ ਹਨ ਅੱਜ ਮੇਰੀਆਂ ਮਾਵਾਂ ਭੈਣਾਂ ਦੀ ਆਖਰੀ ਗਰੰਟੀ ਵੀ ਪੂਰੀ ਕਰ ਦਿੱਤੀ ਗਈ ਹੈ । ਉਹਨਾਂ ਸੂਬੇ ਦੀਆਂ ਵਿਰੋਧੀ ਪਾਰਟੀਆਂ ਤੇ ਤੰਜ ਕਸਦਿਆਂ ਕਿਹਾ ਕਿ ਉਹ ਲੋਕ ਸਿਰਫ ਸ਼ੋਰ ਸ਼ਰਾਬਾ ਪਾ ਸਕਦੇ ਹਨ ਨਾ ਉਹਨਾਂ ਨੇ ਖੁਦ ਕੰਮ ਕੀਤਾ ਅਤੇ ਜੇ ਕੋਈ ਦੂਸਰਾ ਕਰ ਰਿਹਾ ਹੈ ਤਾਂ ਉਸ ਵਿੱਚ ਅੜੀਕਾ ਪਾਉਣ ਦੀ ਕੋਈ ਕਸਰ ਨਹੀਂ ਛੱਡਦੇ, ਉਹਨਾਂ ਕਿਹਾ ਕਿ ਲੋਕ ਬਹੁਤ ਸਮਝਦਾਰ ਹਨ ਵਿਰੋਧੀਆਂ ਦੇ ਬਹਿਕਾਵੇ ਚ ਨਹੀਂ ਆਉਣਗੇ ।

## ਗਮਾਡਾ ਨੇ ਈ-ਨਿਲਾਮੀ ਵਿੱਚ ਕਮਾਏ ਲਗਭਗ 3137 ਕਰੋੜ ਰੁਪਏ : ਹਰਦੀਪ ਸਿੰਘ ਮੁੰਡੀਆਂ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

- **ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਨੇ ਈ-ਨਿਲਾਮੀ ਦੀ ਸਫ਼ਲਤਾ ਦਾ ਸਿਹਰਾ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀਆਂ ਨਿਵੇਸ਼ਕ-ਪੱਖੀ ਨੀਤੀਆਂ ਨੂੰ ਦਿੱਤਾ**
- **ਪ੍ਰਾਪਤ ਹੋਇਆ ਮਾਲੀਆ ਵਿਕਾਸ ਉਤੇ ਹੋਵੇਗਾ ਖ਼ਰਚ: ਹਰਦੀਪ ਸਿੰਘ ਮੁੰਡੀਆਂ**

ਗਰੇਟਰ ਮੋਹਾਲੀ ਏਰੀਆ ਵਿਕਾਸ ਅਥਾਰਿਟੀ (ਗਮਾਡਾ) ਵੱਲੋਂ ਕੀਤੀ ਗਈ ਜਾਇਦਾਦਾਂ ਦੀ ਈ-ਨਿਲਾਮੀ, ਜੋ ਸ਼ੁੱਕਰਵਾਰ ਦੇਰ ਰਾਤ ਸਮਾਪਤ ਹੋਈ, ਨੂੰ ਨਿਵੇਸ਼ਕਾਂ ਤੋਂ ਭਰਵਾਂ ਹੁੰਗਾਰਾ ਮਿਲਿਆ ਹੈ, ਜਿਸ ਨਾਲ ਗਮਾਡਾ ਨੂੰ 3136.97 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਹੋਇਆ ਹੈ। ਇਹ ਈ-ਨਿਲਾਮੀ 14 ਜਨਵਰੀ, 2026 ਨੂੰ ਸ਼ੁਰੂ ਹੋਈ ਸੀ। ਈ-



ਨਿਲਾਮੀ ਲਈ ਪੇਸ਼ ਕੀਤੀਆਂ ਗਈਆਂ ਕੁੱਲ 42 ਵਿੱਚੋਂ 37 ਜਾਇਦਾਦਾਂ ਦੀ ਈ-ਨਿਲਾਮੀ ਨੂੰ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਇੱਕ ਸ਼ਾਨਦਾਰ ਸਫ਼ਲਤਾ ਦੱਸਦਿਆਂ ਕਿਹਾ ਕਿ ਲਗਭਗ 90% ਪ੍ਰਾਪਰਟੀਆਂ ਲਈ ਬੋਲੀ ਪ੍ਰਾਪਤ ਹੋਈ ਹੈ। ਉਨ੍ਹਾਂ ਕਿਹਾ ਕਿ 2018.84 ਕਰੋੜ ਰੁਪਏ ਦੀ ਰਿਜ਼ਰਵ ਕੀਮਤ ਵਾਲੀਆਂ ਇਹ ਸਾਈਟਾਂ 3136.97 ਕਰੋੜ ਰੁਪਏ ਵਿੱਚ ਵੇਚੀਆਂ ਗਈਆਂ, ਜੋ ਇੱਕ ਸਿੰਗਲ ਈ-ਨਿਲਾਮੀ ਵਿੱਚ ਗਮਾਡਾ ਦੁਆਰਾ ਪ੍ਰਾਪਤ ਕੀਤਾ ਗਿਆ ਹੁਣ ਤੱਕ ਦਾ ਸਭ ਤੋਂ ਜ਼ਿਆਦਾ ਮਾਲੀਆ ਹੈ। ਸ. ਹਰਦੀਪ ਸਿੰਘ ਮੁੰਡੀਆਂ ਨੇ ਈ-ਨਿਲਾਮੀ ਦੀ ਸਫ਼ਲਤਾ ਦਾ ਸਿਹਰਾ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀਆਂ ਨਿਵੇਸ਼ਕ-ਪੱਖੀ ਨੀਤੀਆਂ ਨੂੰ ਦਿੰਦੇ ਹੋਏ ਕਿਹਾ ਕਿ ਈ-ਨਿਲਾਮੀਆਂ ਦੀ ਨਿਰੰਤਰ ਸਫ਼ਲਤਾ ਨੇ ਰਾਜ ਵਿੱਚ ਰੀਅਲ ਅਸਟੇਟ ਸੈਕਟਰ ਵਿੱਚ ਵੱਡਾ ਨਿਵੇਸ਼ ਲਿਆਂਦਾ ਹੈ। ਉਨ੍ਹਾਂ ਕਿਹਾ ਕਿ ਪ੍ਰਾਪਰਟੀ ਮਾਰਕੀਟ ਦੇ ਜ਼ਮੀਨੀ ਮੁਲਾਂਕਣ ਅਤੇ ਗ਼ੈਰ-ਵਾਜਬ ਕੀਮਤਾਂ ਦੇ ਰੋਕਥਾਮ ਦੇ ਉਦੇਸ਼ ਨਾਲ ਜਾਇਦਾਦਾਂ ਦੀਆਂ ਕੀਮਤਾਂ ਨੂੰ ਤਰਕਸੰਗਤ ਬਣਾਉਣ ਦੇ ਕਦਮ ਨੇ ਵੀ ਨਿਲਾਮੀ ਨੂੰ ਸ਼ਾਨਦਾਰ ਹੁੰਗਾਰਾ ਦੇਣ ਵਿੱਚ ਯੋਗਦਾਨ ਪਾਇਆ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਨਿਲਾਮੀ ਤੋਂ ਪ੍ਰਾਪਤ ਹੋਣ ਵਾਲਾ ਮਾਲੀਆ ਵਿਕਾਸ ਅਥਾਰਿਟੀ ਵੱਲੋਂ ਆਪਣੇ ਅਧਿਕਾਰ ਖੇਤਰ ਵਿੱਚ ਵਿਕਾਸ ਦੇ ਨਵੇਂ ਮਾਪਦੰਡ ਸਥਾਪਿਤ ਕਰਨ ਲਈ ਖ਼ਰਚ ਕੀਤਾ ਜਾਵੇਗਾ।

## ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਬਜਟ: ਮਹਿਲਾਵਾਂ ਲਈ ਇਤਿਹਾਸਕ ਤੋਹ.ਫਾ : ਮੱਕੜ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਪੰਜਾਬ ਮੀਡਿਅਮ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਵਾਈਸ ਚੇਅਰਮੈਨ ਅਤੇ ਲੋਕ ਸਭਾ ਹਲਕਾ ਇੰਚਾਰਜ ਸ਼੍ਰੀ ਸ਼ਰਨਪਾਲ ਸਿੰਘ ਮੱਕੜ ਨੇ ਪੰਜਾਬ ਬਜਟ ਨੂੰ ਲੋਕ-ਹਿਤੈਸ਼ੀ, ਦੂਰਦਰਸ਼ੀ ਅਤੇ ਵਿਕਾਸ-ਕੇਂਦਰਿਤ ਕਰਾਰ ਦਿੰਦਿਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਨੂੰ ਪ੍ਰਗਤੀਸ਼ੀਲ ਅਤੇ ਲੋਕ-ਭਲਾਈ ਕੇਂਦਰਿਤ ਬਜਟ ਪੇਸ਼ ਕਰਨ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਨੇ “ਮੁੱਖ ਮੰਤਰੀ ਮਾਵਾਂ-ਧੀਆਂ ਸਤਕਾਰ ਯੋਜਨਾ”ਦਾ ਵਾਅਦਾ ਪੂਰਾ ਕਰਦਿਆਂ ਪੰਜਾਬ ਦੀਆਂ ਮਹਿਲਾਵਾਂ ਲਈ ਇਕ ਇਤਿਹਾਸਕ ਪਹਿਲ ਦਾ ਐਲਾਨ ਕੀਤਾ ਹੈ। ਇਸ ਐਲਾਨ ਅਨੁਸਾਰ ਪੰਜਾਬ ਦੀਆਂ 18 ਸਾਲ ਤੋਂ ਉੱਪਰ ਸਾਰੀਆਂ ਮਹਿਲਾਵਾਂ ਨੂੰ ਹਰ ਮਹੀਨੇ 1000 ਦਿੱਤੇ ਜਾਣਗੇ, ਜਦਕਿ ਐੱਸ.ਸੀ. ਵਰਗ ਨਾਲ ਸੰਬੰਧਿਤ ਮਹਿਲਾਵਾਂ



ਨੂੰ 1500 ਪ੍ਰਤੀ ਮਹੀਨਾ ਪ੍ਰਦਾਨ ਕੀਤੇ ਜਾਣਗੇ। ਇਸ ਪਹਲ ਨਾਲ ਸੂਬੇ ਭਰ ਵਿੱਚ ਮਹਿਲਾਵਾਂ ਦੀ ਆਰਥਿਕ ਖੁਦਮੁਖਤਿਆਰੀ, ਸਨਮਾਨ ਅਤੇ ਸਸ਼ਕਤੀਕਰਨ ਨੂੰ ਵੱਡੀ ਮਜ਼ਬੂਤੀ ਮਿਲੇਗੀ। ਸ਼੍ਰੀ ਮੱਕੜ ਨੇ ਇਸ ਇਤਿਹਾਸਕ ਲੋਕ-ਭਲਾਈ ਫ਼ੈਸਲੇ ਲਈ ਪੰਜਾਬ ਦੀਆਂ ਸਾਰੀਆਂ ਮਹਿਲਾਵਾਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਅੱਗੇ ਕਿਹਾ ਕਿ ਇਹ ਬਜਟ ਸਿੱਖਿਆ, ਸਿਹਤ, ਉਦਯੋਗ ਅਤੇ ਰੋਜ਼ਗਾਰ ਨੂੰ ਮਜ਼ਬੂਤ ਕਰਨ ਉੱਤੇ ਖ਼ਾਸ ਜ਼ੋਰ ਦਿੰਦਾ ਹੈ ਅਤੇ ਪੰਜਾਬ ਨੂੰ ਸਮਾਵੇਸ਼ੀ ਵਿਕਾਸ, ਸਮਾਜਿਕ ਨਿਆਂ ਅਤੇ ਖੁਸ਼ਹਾਲੀ ਦੇ ਨਵੇਂ ਦੌਰ ਵੱਲ ਲੈ ਜਾਣ ਦਾ ਰਾਹ ਤਿਆਰ ਕਰਦਾ ਹੈ।

## ਪੀਆਈਬੀ ਚੰਡੀਗੜ੍ਹ ਵੱਲੋਂ ਪੱਤਰਕਾਰ ਵਫ਼ਦ 14 ਮਾਰਚ ਤੱਕ ਰਾਜਸਥਾਨ ਦੇ ਦੌਰੇ ’ਤੇ

ਜ਼ਿਕਰ ਪੰਜਾਬ

**ਜੋਧਪੁਰ/ਬਿਊਰੋ**

ਪੱਤਰ ਸੂਚਨਾ ਦਫ਼ਤਰ (ਪੀਆਈਬੀ), ਚੰਡੀਗੜ੍ਹ ਵੱਲੋਂ ਪੰਜਾਬ, ਹਰਿਆਣਾ, ਚੰਡੀਗੜ੍ਹ ਦੇ ਵੱਖ ਵੱਖ ਮੀਡੀਆ ਸੰਸਥਾਨਾਂ ਦੇ ਸੀਨੀਅਰ ਪੱਤਰਕਾਰਾਂ ਦਾ ਇੱਕ ਵਫ਼ਦ 08 ਤੋਂ 14 ਮਾਰਚ 2026 ਦੌਰਾਨ ਰਾਜਸਥਾਨ ਦੇ ਦੌਰੇ ’ਤੇ ਹੈ। ਪੱਤਰਕਾਰਾਂ ਦੇ ਪ੍ਰਦੇਸ਼ ਵਿੱਚ ਦੌਰੇ ਦਾ ਉਦੇਸ਼ ਕੇਂਦਰ ਸਰਕਾਰ ਦੁਆਰਾ ਸੰਚਾਲਿਤ ਪ੍ਰਮੁੱਖ ਵਿਕਾਸ ਪ੍ਰੋਜੈਕਟਾਂ ਦੀ ਪ੍ਰਗਤੀ ਅਤੇ ਵੱਖ-ਵੱਖ ਵਿਭਾਗਾਂ ਦੇ ਸਰਵੋਤਮ ਅਭਿਆਸਾਂ ਦਾ ਨਿਰੀਖਣ ਅਤੇ ਪ੍ਰਚਾਰ ਪ੍ਰਸਾਰ ਕਰਨਾ ਹੈ। ਪੀਆਈਬੀ ਚੰਡੀਗੜ੍ਹ ਦੇ ਪੱਤਰਕਾਰ ਵਫ਼ਦ ਨੇ ਅੱਜ ਜੋਧਪੁਰ ਵਿੱਚ ਰੇਲਵੇ ਦੁਆਰਾ ਸੰਚਾਲਿਤ ਮਹੱਤਵਪੂਰਨ ਰੇਲ ਪ੍ਰੋਜੈਕਟਾਂ ਦੇ ਤਹਿਤ ਭਗਤ ਕੀ ਕੋਠੀ ਵੰਦੇ ਭਾਰਤ ਮੇਨਟੇਨੈਂਸ ਡਿਪੋ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਉੱਤਰ ਪੱਛਮੀ ਰੇਲਵੇ ਦੇ ਜੋਧਪੁਰ ਮੰਡਲ ਵਿੱਚ ਭਗਤ ਕੀ ਕੋਠੀ ਰੇਲਵੇ ਸਟੇਸ਼ਨ ਖੇਤਰ ਵਿੱਚ ਵਿਕਸਿਤ ਕੀਤੇ ਜਾ ਰਹੇ ਵੰਦੇ ਭਾਰਤ ਸਲੀਪਰ ਕੋਚ ਮੇਨਟੇਨੈਂਸ ਡਿਪੋ ਦੇ ਵਿਸਤਾਰ ਲਈ ਰੇਲ ਮੰਤਰੀ ਸ਼੍ਰੀ ਅਸ਼ਵਿਨੀ ਵੈਸ਼ਣਵ ਦੁਆਰਾ 195 ਕਰੋੜ ਰੁਪਏ ਦੇ ਮਹੱਤਵਪੂਰਨ ਪ੍ਰੋਜੈਕਟ ਨੂੰ ਮਨਜ਼ੂਰੀ ਪ੍ਰਦਾਨ ਕੀਤੀ ਗਈ ਹੈ। ਇਸ ਪ੍ਰਵਾਨਗੀ ਨਾਲ ਇੱਥੇ ਅਤਿ-ਆਧੁਨਿਕ ਬਹੁ-ਮੰਤਵੀ ਵਰਕਸ਼ੌਪ ਅਤੇ ਵਿਸ਼ਵ ਪੱਧਰੀ ਟ੍ਰੇਨਿੰਗ ਸੈਂਟਰ ਦੀ ਸਥਾਪਨਾ ਦਾ ਰਾਹ ਪੱਧਰਾ ਹੋ ਗਿਆ ਹੈ। ਜੋਧਪੁਰ ਰੇਲ ਮੰਡਲ ਦੇ ਡੀਆਰਐੱਮ ਸ਼੍ਰੀ ਅਨੁਰਾਗ ਤ੍ਰਿਪਾਠੀ ਨੇ ਦੱਸਿਆ ਕਿ ਪ੍ਰੋਜੈਕਟ ਦੇ ਤਹਿਤ ਵੰਦੇ ਭਾਰਤ ਸਲੀਪਰ ਟਰੇਨਾਂ ਦੇ ਮੇਨਟੇਨੈਂਸ ਡਿਪੋ ਦੇ ਵਿਸਤਾਰ ਦੇ ਨਾਲ-ਨਾਲ ਆਧੁਨਿਕ ਟ?ਰੇਨਿੰਗ ਸੈਂਟਰ ਦੀ ਸਥਾਪਨਾ ਕੀਤੀ ਜਾਵੇਗੀ, ਜਿੱਥੇ ਵੰਦੇ ਭਾਰਤ ਸਮੇਤ ਸਾਰੀਆਂ ਹਾਈ ਸਪੀਡ ਟ?ਰੇਨਾਂ ਦੇ ਰੱਖ-ਰਖਾਅ ਨਾਲ ਜੁੜੇ ਇੰਜੀਨੀਅਰਾਂ, ਲੋਕੋ ਪਾਇਲਟਾਂ ਅਤੇ ਸਹਾਇਕ ਕਰਮਚਾਰੀਆਂ ਨੂੰ ਉੱਚ ਤਕਨੀਕ ਅਧਾਰਿਤ ਮਸ਼ੀਨਰੀ ਦੇ ਸੰਚਾਲਨ ਅਤੇ ਰੱਖ-ਰਖਾਅ ਦੀ ਵਿਸ਼ੇਸ਼ ਟ੍ਰੇਨਿੰਗ ਦਿੱਤੀ ਜਾਵੇਗੀ। ਉਨ੍ਹਾਂ ਨੇ ਦੱਸਿਆ ਕਿ ਭਗਤ ਕੀ ਕੋਠੀ




ਵਾਸ਼ਿੰਗ ਲਾਈਨ ਨੇੜੇ ਲਗਭਗ 167 ਕਰੋੜ ਰੁਪਏ ਦੀ ਲਾਗਤ ਨਾਲ ਵੰਦੇ ਭਾਰਤ ਕੋਚ ਮੇਨਟੇਨੈਂਸ ਡਿਪੋ ਦਾ ਨਿਰਮਾਣ ਕਾਰਜ ਜੰਗੀ ਪੱਧਰ ’ਤੇ ਜਾਰੀ ਹੈ। ਪ੍ਰੋਜੈਕਟ ਦੇ ਦੂਜੇ ਪੜਾਅ ਵਿੱਚ ਬਹੁ-ਮੰਤਵੀ, ਆਧੁਨਿਕ ਅਤੇ ਰਿਹਾਇਸ਼ੀ ਟ੍ਰੇਨਿੰਗ ਸੈਂਟਰ ਦਾ ਨਿਰਮਾਣ ਕੀਤਾ ਜਾਵੇਗਾ, ਜਿਸ ਨਾਲ ਦੇਸ਼ ਭਰ ਦੇ ਇੰਜੀਨੀਅਰਾਂ ਅਤੇ ਤਕਨੀਕੀ ਸਟਾਫ ਨੂੰ ਹਾਈ ਸਪੀਡ ਟ੍ਰੇਨਾਂ ਦੇ ਲੋਕੋ ਪਾਇਲਟ ਰੱਖ-ਰਖਾਅ ਦੀ ਟ੍ਰੇਨਿੰਗ ਜੋਧਪੁਰ ਵਿੱਚ ਹੀ ਉਪਲਬਧ ਹੋ ਸਕੇਗੀ। ਟ੍ਰੇਨਿੰਗ ਸੈਂਟਰ ਦੀ ਇਮਾਰਤ ਦਾ ਨਿਰਮਾਣ ਪਹਿਲਾਂ ਤੋਂ ਬਣੇ ਲੋਹੇ ਦੇ ਢਾਂਚੇ (ਪ੍ਰੀ-ਫੈਬਰੀਕੇਟਿਡ) ਦੀ ਵਰਤੋਂ ਨਾਲ ਕੀਤਾ ਜਾ ਰਿਹਾ ਹੈ ਜਿਸ ਨਾਲ ਤਾਪਮਾਨ ਨੂੰ ਬਰਕਰਾਰ ਰੱਖਣ ਵਿੱਚ ਸਹਾਇਕ ਹੋਵੇਗਾ ਅਤੇ ਨਿਰਮਾਣ ਕਾਰਜ ਘੱਟ ਸਮੇਂ ਵਿੱਚ ਪੂਰਾ ਕੀਤਾ ਜਾ ਸਕੇਗਾ।

ਪ੍ਰਸਤਾਵਿਤ ਪ੍ਰੋਜੈਕਟ ਵਿੱਚ ਸਮੂਚੇ ਡਿਪੋ ਅਤੇ ਟ੍ਰੇਨਿੰਗ ਸੈਂਟਰ ਖੇਤਰ ਵਿੱਚ ਪਾਵਰ ਸਪਲਾਈ ਲਈ 32 ਕੇਵੀ ਦੇ ਜੀਐੱਸਐੱਸ ਸਮੇਤ ਹੋਰ ਆਧੁਨਿਕ ਸੁਵਿਧਾਵਾਂ ਦਾ ਵੀ ਪ੍ਰਾਵਧਾਨ ਰੱਖਿਆ ਗਿਆ ਹੈ। ਵੰਦੇ ਭਾਰਤ ਟ੍ਰੇਨਾਂ ਦੇ ਰੱਖ-ਰਖਾਅ ਟ੍ਰੇਨਿੰਗ ਸੈਂਟਰ ਨੂੰ ਮੇਨਟੇਨੈਂਸ ਡਿਪੋ ਦੇ ਨੇੜੇ ਸਥਾਪਿਤ ਕਰਨ ਦੇ ਉਦੇਸ਼ ਨਾਲ ਭਗਤ ਕੀ ਕੋਠੀ ਸਥਿਤ ਇੰਜੀਨੀਅਰਿੰਗ ਡਿਪੋ ਨੂੰ ਸਥਾਈ ਤੌਰ ’ਤੇ ਬਨਾੜ ਰੇਲਵੇ ਸਟੇਸ਼ਨ ਖੇਤਰ ਵਿੱਚ ਤਬਦੀਲ ਕੀਤਾ ਗਿਆ ਹੈ। ਇਸ ਨਾਲ ਵੰਦੇ ਭਾਰਤ ਕੋਚ ਮੇਨਟੇਨੈਂਸ ਡਿਪੋ ਸਹਿ-ਕਾਰਜਸ਼ਾਲਾ ਦਾ ਵਿਸਤਾਰ ਲਗਭਗ 780 ਮੀਟਰ ਤੱਕ ਹੋ ਜਾਵੇਗਾ।

●----- ਸ.ਫਾ 1 ਦਾ ਬਾਕੀ -----●

### ਭਾਰਤ ਤੀਜੀ ਵਾਰ ਬਣਿਆ ਟੀ-20...

ਓਵਰ ਗੇਂਦਬਾਜ਼ੀ ਕਰਨ ਆਇਆ, ਅਤੇ ਦੋਵਾਂ ਨੇ ਉਸ ਓਵਰ ਵਿੱਚ 24 ਦੌੜਾਂ ਬਣਾਈਆਂ, ਜਿਸ ਨਾਲ ਭਾਰਤ ਦਾ ਸਕੋਰ 50 ਤੋਂ ਪਾਰ ਹੋ ਗਿਆ। ਅਭਿਸ਼ੇਕ ਨੇ ਫਿਰ ਜ਼ਿੰਮੇਵਾਰੀ ਸੰਭਾਲੀ ਅਤੇ 18 ਗੇਂਦਾਂ ਵਿੱਚ ਅਰਧ ਸੈਂਕੜਾ ਬਣਾਇਆ। ਭਾਰਤ ਦਾ ਸਕੋਰ ਛੇ ਓਵਰਾਂ ਤੋਂ ਬਾਅਦ 92 ਸੀ। ਟੀਮ ਇੰਡੀਆ ਨੂੰ ਅੱਠਵੇਂ ਓਵਰ ਵਿੱਚ ਪਹਿਲਾ ਝਟਕਾ ਲੱਗਾ ਜਦੋਂ ਅਭਿਸ਼ੇਕ ਸ਼ਰਮਾ ਰਚਿਨ ਰਵਿੰਦਰ ਨੂੰ ਆਊਟ ਕਰ ਦਿੱਤਾ। ਅਭਿਸ਼ੇਕ ਨੇ 21 ਗੇਂਦਾਂ ਵਿੱਚ 52 ਦੌੜਾਂ ਬਣਾਈਆਂ ਪਰ ਇਸ ਦੌਰਾਨ, ਟੀਮ ਇੰਡੀਆ ਨੇ 8ਵੇਂ ਓਵਰ ਵਿੱਚ 100 ਦੌੜਾਂ ਦਾ ਅੰਕੜਾ ਪਾਰ ਕਰ ਲਿਆ। ਸੰਜੂ ਸੈਮਸਨ ਨੇ 11ਵੇਂ ਓਵਰ ਵਿੱਚ ਆਪਣਾ ਅਰਧ ਸੈਂਕੜਾ ਪੂਰਾ ਕਰ ਲਿਆ। ਸੰਜੂ ਨੇ ਸਿਰਫ਼ 33 ਗੇਂਦਾਂ ਵਿੱਚ ਆਪਣਾ ਅਰਧ ਸੈਂਕੜਾ ਪੂਰਾ ਕੀਤਾ। ਇਹ ਵਿਸ਼ਵ ਕੱਪ ਵਿੱਚ ਉਸਦਾ ਲਗਾਤਾਰ ਤੀਜਾ ਅਰਧ ਸੈਂਕੜਾ ਸੀ। ਟੀਮ ਇੰਡੀਆ ਨੇ 15ਵੇਂ ਓਵਰ ਵਿੱਚ 200 ਦੌੜਾਂ ਦਾ ਅੰਕੜਾ ਪਾਰ ਕੀਤਾ। ਈਸ਼ਾਨ ਨੇ ਵੀ ਉਸੇ ਓਵਰ ਵਿੱਚ 23 ਗੇਂਦਾਂ ਲੈ ਕੇ ਅਰਧ ਸੈਂਕੜਾ ਲਗਾਇਆ। ਟੀਮ ਇੰਡੀਆ ਨੂੰ 16ਵੇਂ ਓਵਰ ਵਿੱਚ ਇੱਕ ਹੋਰ ਝਟਕਾ ਲੱਗਾ ਜਦੋਂ ਸੰਜੂ 46 ਗੇਂਦਾਂ ਵਿੱਚ 89 ਦੌੜਾਂ ਬਣਾ ਕੇ ਆਊਟ ਹੋ ਗਿਆ। ਇਸ ਦੇ ਨਾਲ ਹੀ ਈਸ਼ਾਨ ਨੇ ਵੀ ਉਸੇ ਓਵਰ ਵਿੱਚ ਆਪਣੀ ਵਿਕਟ ਗੁਆ ਦਿੱਤੀ। ਕਿਸ਼ਨ ਨੇ 54 ਦੌੜਾਂ ਦਿੱਤੀਆਂ। ਕਪਤਾਨ ਸੂਰਿਆ ਉਸੇ ਓਵਰ ਵਿੱਚ ਬਿਨਾਂ ਕੋਈ ਦੌੜ ਬਣਾਏ ਆਊਟ ਹੋ ਗਿਆ। ਇਸਦਾ ਮਤਲਬ ਸੀ ਕਿ ਨੀਸ਼ਮ ਨੇ ਇੱਕ ਓਵਰ ਵਿੱਚ ਤਿੰਨ ਵਿਕਟਾਂ ਲਈਆਂ। ਭਾਰਤ ਦਾ ਸਕੋਰ 16 ਓਵਰਾਂ ਤੋਂ ਬਾਅਦ 204-4 ਸੀ। ਹਾਰਦਿਕ ਪੰਡਯਾ ਅਤੇ ਤਿਲਕ ਵਰਮਾ ਨੇ ਫਿਰ ਜ਼ਿੰਮੇਵਾਰੀ ਸੰਭਾਲੀ। ਹਾਲਾਂਕਿ, ਹਾਰਦਿਕ ਨੇ 19ਵੇਂ ਓਵਰ ਵਿੱਚ ਆਪਣੀ ਵਿਕਟ ਗੁਆ ਦਿੱਤੀ। ਭਾਰਤ ਦਾ ਸਕੋਰ 226-5 ਸੀ। ਸ਼ਿਵਮ ਦੂਬੇ ਨੇ ਫਿਰ ਆਖਰੀ ਓਵਰ ਵਿੱਚ ਨੀਸ਼ਮ ਦਾ ਸਾਹਮਣਾ ਕੀਤਾ। ਦੂਬੇ ਨੇ ਆਖਰੀ ਓਵਰ ਵਿੱਚ 24 ਦੌੜਾਂ ਬਣਾਈਆਂ। ਫਿਰ ਉਸਨੇ 8 ਗੇਂਦਾਂ ਵਿੱਚ 26 ਦੌੜਾਂ ਬਣਾਈਆਂ, ਜਿਸ ਨਾਲ ਭਾਰਤ ਨੇ ਨਿਊਜ਼ੀਲੈਂਡ ਲਈ 256 ਦੌੜਾਂ ਦਾ ਟੀਚਾ ਰੱਖਿਆ। ਭਾਰਤੀ ਬੱਲੇਬਾਜ਼ਾਂ ਨੇ ਆਖਰੀ 5 ਓਵਰਾਂ ਵਿੱਚ 52 ਦੌੜਾਂ ਬਣਾਈਆਂ।

**ਸਾਨੂੰ ਤੁਹਾਡੇ ’ਤੇ ਮਾਣ ਹੈ : ਮੋਦੀ**

ਭਾਰਤੀ ਕ੍ਰਿਕਟ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਆਈਸੀਸੀ ਮੇਨਜ਼ ਟੀ-20 ਵਿਸ਼ਵ ਕੱਪ 2026 ਦਾ ਖ਼?ਤਾਬ ਆਪਣੇ ਨਾਮ ਕਰ ਲਿਆ ਹੈ। ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿੱਚ ਖੇਡੇ ਗਏ ਫਾਈਨਲ ਮੁਕਾਬਲੇ ਵਿੱਚ ਟੀਮ ਇੰਡੀਆ ਨੇ ਨਿਊਜ਼ੀਲੈਂਡ ਨੂੰ 96 ਦੌੜਾਂ ਨਾਲ ਹਰਾ ਕੇ ਤੀਜੀ ਵਾਰ ਟੀ-20 ਵਿਸ਼ਵ ਕੱਪ ਜਿੱਤ ਕੇ ਇਤਿਹਾਸ ਰਚ ਦਿੱਤਾ ਹੈ। ਇਸ ਸ਼ਾਨਦਾਰ ਜਿੱਤ ’ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਟੀਮ ਇੰਡੀਆ ਨੂੰ ਵਿਸ਼ੇਸ਼ ਵਧਾਈ ਦਿੱਤੀ ਹੈ। ਪ੍ਰਧਾਨ ਮੰਤਰੀ ਨੇ ਆਪਣੇ ਸੋਸ਼ਲ ਮੀਡੀਆ ਹੈਂਡਲ ‘ਐਕਸ’ ’ਤੇ ਪੋਸਟ ਕਰਦਿਆਂ ਲਿਖਿਆ, “ਆਈਸੀਸੀ ਮੇਨਜ਼ ਟੀ-20 ਵਿਸ਼ਵ ਕੱਪ ਜਿੱਤਣ ‘ਤੇ ਭਾਰਤੀ ਟੀਮ ਨੂੰ ਹਾਰਦਿਕ ਵਧਾਈ! ਇਹ ਸ਼ਾਨਦਾਰ ਜਿੱਤ ਅਸਾਧਾਰਨ ਹੁਨਰ, ਦ੍ਰਿੜ ਇਰਾਦੇ ਅਤੇ ਟੀਮ ਵਰਕ ਦਾ ਪ੍ਰਤੀਕ ਹੈ। ਉਨ੍ਹਾਂ ਨੇ ਪੂਰੇ ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਇਸ ਜਿੱਤ ਨੇ ਹਰ ਭਾਰਤੀ ਦੇ ਦਿਲ ਨੂੰ ਮਾਣ ਅਤੇ ਖ਼ੁਸ਼ੀ ਨਾਲ ਭਰ ਦਿੱਤਾ ਹੈ। ਸ਼ਾਬਾਸ਼, ਟੀਮ ਇੰਡੀਆ!

### ਦਲਿਤ ਮਹਿਲਾਵਾਂ ਨੂੰ 1500 ਤੇ ਹੋਰਨਾਂ ਨੂੰ...

ਧੀਆਂ ਸਤਿਕਾਰ ਯੋਜਨਾ’ ਦਾ ਐਲਾਨ ਕੀਤਾ। ਇਸ ਸਕੀਮ ਤਹਿਤ 18 ਸਾਲ ਤੋਂ ਵੱਧ ਉਮਰ ਦੀਆਂ ਸੂਬੇ ਦੀਆਂ ਸਾਰੀਆਂ ਬਾਲਗ ਔਰਤਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਖ਼ਾਸ ਤੌਰ ’ਤੇ ਅਨੁਸੂਚਿਤ ਜਾਤੀ ਨਾਲ ਸੰਬੰਧਤ ਔਰਤਾਂ ਲਈ ਇਹ ਰਾਸ਼ੀ 1,500 ਰੁਪਏ ਪ੍ਰਤੀ ਮਹੀਨਾ ਨਿਰਧਾਰਤ ਕੀਤੀ ਗਈ ਹੈ। ਵਿੱਤ ਮੰਤਰੀ ਨੇ ਸਪੱਸ਼ਟ ਕੀਤਾ ਕਿ ਇਹ ਰਾਸ਼ੀ ਸਿੱਧੇ ਤੌਰ ’ਤੇ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੀ ਜਾਵੇਗੀ। ਇਸ ਸਕੀਮ ਵਿਚੋਂ ਮੌਜੂਦਾ ਅਤੇ ਸਾਬਕਾ ਰੈਗੂਲਰ ਕਰਮਚਾਰੀਆਂ, ਮੌਜੂਦਾ ਅਤੇ ਸਾਬਕਾ ਵਿਧਾਇਕਾਂ ਤੇ ਸੰਸਦ ਮੈਂਬਰਾਂ ਤੋਂ ਇਲਾਵਾ ਇਨਕਮ ਟੈਕਸ ਭਰਨ ਵਾਲਿਆਂ ਨੂੰ ਬਾਹਰ ਰੱਖਿਆ ਗਿਆ ਹੈ। ਇਸ ਸਕੀਮ ਲਈ ਬੁਢਾਪਾ ਪੈਨਸ਼ਨ, ਵਿਧਵਾ ਪੈਨਸ਼ਨ ਅਤੇ ਅਪੰਗਤਾ ਪੈਨਸ਼ਨ ਲੈਣ ਵਾਲੀਆਂ ਔਰਤਾਂ ਵੀ ਯੋਗ ਹੋਣਗੀਆਂ। ਇਸ ਯੋਜਨਾ ਲਈ ਬੱਜਟ ’ਚ 9,300 ਕਰੋੜ ਰਾਖਵੇਂ ਰੱਖੇ ਗਏ ਹਨ। ਨਹਿਰੀ ਖੇਤਰ ਲਈ 2971 ਕਰੋੜ ਰੁਪਏ ਰਾਖਵੇਂ : ਪੰਜਾਬ ਸਰਕਾਰ ਨੇ ਖੇਤੀਬਾੜੀ ਲਈ ਨਹਿਰੀ ਪਾਣੀ ਦੀ ਵਰਤੋਂ ਨੂੰ ਵੱਧ ਤੋਂ ਵੱਧ ਯਕੀਨੀ ਬਣਾਉਣ ਅਤੇ ਲਗਾਤਾਰ ਡਿੱਗ ਰਹੇ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਬਚਾਉਣ ਲਈ ਵੱਡੇ ਕਦਮ ਚੁੱਕੇ ਹਨ। ਵਿੱਤ ਮੰਤਰੀ ਨੇ ਵਿੱਤੀ ਸਾਲ 2026-27 ਲਈ ਜਲ ਸਰੋਤ ਵਿਭਾਗ ਵਾਸਤੇ 2,971 ਕਰੋੜ ਰੁਪਏ ਦੇ ਬੱਜਟ ਦੀ ਤਜਵੀਜ਼ ਰੱਖੀ ਹੈ। ਗ੍ਰਿਹ ਮਾਮਲੇ ਤੇ ਜੇਲ੍ਹਾਂ ਵਿਭਾਗ ਲਈ 11577 ਕਰੋੜ ਰੱਖੇ- ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹੋਰ ਪੁਖ਼ਤਾ ਕਰਨ ਅਤੇ ਸਰਹੱਦੀ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਵੱਡਾ ਬਜਟ ਅਲਾਟ ਕੀਤਾ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਗ੍ਰਿਹ ਮਾਮਲੇ, ਨਿਆਂ ਅਤੇ ਜੇਲ੍ਹਾਂ ਵਿਭਾਗ ਲਈ 11,577 ਕਰੋੜ ਰੁਪਏ ਰਾਖਵੇਂ ਰੱਖਣ ਦੀ ਤਜਵੀਜ਼ ਰੱਖੀ। ਉਨ੍ਹਾ ਕਿਹਾ ਕਿ ਵਿਕਾਸ ਲਈ ਸ਼ਾਂਤੀਪੂਰਨ ਮਾਹੌਲ ਲਾਜ਼ਮੀ ਹੈ ਅਤੇ ਸਰਕਾਰ ਅਪਰਾਧਿਕ ਨੈੱਟਵਰਕਾਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਵਚਨਬੱਧ ਹੈ। ਵਿੱਤ ਮੰਤਰੀ ਨੇ ਸਰਹੱਦੀ ਸੁਰੱਖਿਆ ਬਾਰੇ ਅਹਿਮ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਦੀ 553 ਕਿਲੋਮੀਟਰ ਲੰਬੀ ਕੌਮਾਂਤਰੀ ਸਰਹੱਦ ’ਤੇ ਨਿਗਰਾਨੀ ਵਧਾਉਣ ਲਈ ਤਕਨਾਲੋਜੀ ਦਾ ਸਹਾਰਾ ਲਿਆ ਜਾ ਰਿਹਾ ਹੈ। ਸਰਹੱਦ ਦੇ ਨਾਲ ਲੱਗਦੇ 636 ਪਿੰਡਾਂ ਵਿੱਚ 2,367 ਸੀ.ਸੀ.ਟੀ.ਵੀ. ਕੈਮਰੇ ਲਗਾ ਕੇ ‘ਸੁਰੱਖਿਆ ਦੀ ਦੂਜੀ ਲਾਈਨ’ ਸਥਾਪਤ ਕੀਤੀ ਜਾ ਰਹੀ ਹੈ। ਇਨ੍ਹਾਂ ਵਿੱਚੋਂ 1,719 ਕੈਮਰੇ ਪਹਿਲਾਂ ਹੀ ਲਗਾਏ ਜਾ ਚੁੱਕੇ ਹਨ ਅਤੇ ਸੰਬੰਧਤ ਥਾਣਿਆਂ ਵਿੱਚ ਕੰਟਰੋਲ ਰੂਮ ਕਾਰਜਸ਼ੀਲ ਹੋ ਗਏ ਹਨ।

**‘ਮੁੱਖ ਮੰਤਰੀ ਤੀਰਥ ਯਾਤਰਾ ਸਕੀਮ’ ਲਈ 312 ਕਰੋੜ ਰੁਪਏ ਰਾਖਵੇਂ** : ਵਿੱਤ ਮੰਤਰੀ ਨੇ ਸੂਬੇ ਦੇ ਬਜ਼ੁਰਗਾਂ ਅਤੇ ਆਰਥਿਕ ਤੌਰ ’ਤੇ ਕਮਜ਼ੋਰ ਪਰਵਾਰਾਂ ਦੀਆਂ ਅਧਿਆਤਮਿਕ ਇੱਛਾਵਾਂ ਨੂੰ ਪੂਰਾ ਕਰਨ ਲਈ ਵੱਡਾ ਐਲਾਨ ਕਰਦਿਆਂ ਦੱਸਿਆ ਕਿ ‘ਮੁੱਖ ਮੰਤਰੀ ਤੀਰਥ ਯਾਤਰਾ ਸਕੀਮ’ ਦੇ ਵਿਸਥਾਰ ਲਈ ਵਿੱਤੀ ਸਾਲ 2026-27 ਵਿੱਚ 312 ਕਰੋੜ ਰੁਪਏ ਅਲਾਟ ਕੀਤੇ ਗਏ ਹਨ। ਇਸ ਸਕੀਮ ਤਹਿਤ ਲੱਗਭੱਗ 7.15 ਲੱਖ ਨਾਗਰਿਕਾਂ ਨੂੰ ਪ੍ਰਮੁੱਖ ਧਾਰਮਿਕ ਅਸਥਾਨਾਂ, ਖ਼ਾਸ ਕਰਕੇ ਸ੍ਰੀ ਅੰਮਿ?ਰਤਸਰ ਸਾਹਿਬ ਅਤੇ ਸ੍ਰੀ ਆਨੰਦਪੁਰ ਸਾਹਿਬ ਦੇ ਦਰਸ਼ਨਾਂ ਲਈ ਮੁਫ਼ਤ ਅਤੇ ਸਰਕਾਰੀ ਸਹਾਇਤਾ ਪ੍ਰਾਪਤ ਤੀਰਥ ਯਾਤਰਾਵਾਂ ਕਰਵਾਈਆਂ ਜਾਣਗੀਆਂ।

**ਖੇਡਾਂ ਲਈ 1,791 ਕਰੋੜ ਦਾ ਬਜਟ** : ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਖੇਡ ਬਜਟ ਵਿੱਚ ਵੱਡਾ ਵਾਧਾ ਕੀਤਾ ਹੈ। ਵਿੱਤ ਮੰਤਰੀ ਨੇ ਖੇਡਾਂ ਦੇ ਖੇਤਰ ਲਈ 1,791 ਕਰੋੜ ਰੁਪਏ ਰਾਖਵੇਂ ਰੱਖਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਇਹ ਪੰਜਾਬ ਦੇ ਇਤਿਹਾਸ ਵਿੱਚ ਕਿਸੇ ਵੀ ਸਰਕਾਰ ਵੱਲੋਂ ਖੇਡਾਂ ’ਤੇ ਕੀਤਾ ਗਿਆ ਹੁਣ ਤੱਕ ਦਾ ਸਭ ਤੋਂ ਵੱਡਾ ਨਿਵੇਸ਼ ਹੈ। ਵਿੱਤ ਮੰਤਰੀ ਨੇ ਦੱਸਿਆ ਕਿ ‘ਖੇਡਦਾ ਪੰਜਾਬ, ਬਦਲਦਾ ਪੰਜਾਬ’ ਮੁਹਿੰਮ ਤਹਿਤ ਪਿੰਡਾਂ ਵਿੱਚ ਮਾਡਲ ਖੇਡ ਮੈਦਾਨ ਅਤੇ ਜਿੰਮ ਤਿਆਰ ਕੀਤੇ ਜਾ ਰਹੇ ਹਨ। ਇਸ ਪ੍ਰੋਜੈਕਟ ਤਹਿਤ 1,100 ਕਰੋੜ ਰੁਪਏ ਦੀ ਲਾਗਤ ਨਾਲ 3,000 ਤੋਂ ਵੱਧ ਅਤਿ-ਆਧੁਨਿਕ ਪੇਂਡੂ ਖੇਡ ਮੈਦਾਨ ਉਸਾਰੀ ਅਧੀਨ ਹਨ, ਜੋ ਜੂਨ 2026 ਤੱਕ ਮੁਕੰਮਲ ਕਰ ਲਏ ਜਾਣਗੇ।

**‘ਜਾਤੀ ਤੇ ਨਸ਼ਾ ਮਰਦਮਸ਼ੁਮਾਰੀ’; 100 ਕਰੋੜ ਰੁਪਏ ਰਾਖਵੇਂ** : ਹਰਪਾਲ ਸਿੰਘ ਚੀਮਾ ਨੇ ਇੱਕ ਅਹਿਮ ਐਲਾਨ ਕਰਦਿਆਂ ਦੱਸਿਆ ਕਿ ਸੂਬੇ ਵਿੱਚ ਅਗਲੇ ਮਹੀਨੇ ਯਾਨੀ ਅਪਰੈਲ ਤੋਂ ‘ਜਾਤੀ ਅਤੇ ਨਸ਼ਾ ਮਰਦਮਸ਼ੁਮਾਰੀ’ ਦਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਇਸ ਇਤਿਹਾਸਕ ਪਹਿਲਕਦਮੀ ਲਈ ਮੁੱਢਲਾ ਕੰਮ, ਜਿਸ ਵਿੱਚ ਵਿਸ਼ੇਸ਼ ਸੌਫਟਵੇਅਰ ਤਿਆਰ ਕਰਨਾ ਅਤੇ ਫੀਲਡ ਕਰਮਚਾਰੀਆਂ ਦੀ ਸਿਖਲਾਈ ਸ਼ਾਮਲ ਹੈ, ਮੁਕੰਮਲ ਕਰ ਲਿਆ ਗਿਆ ਹੈ। ਵਿੱਤੀ ਸਾਲ 2026-27 ਵਿੱਚ ਇਸ ਮੁਹਿੰਮ ਲਈ 100 ਕਰੋੜ ਰੁਪਏ ਦਾ ਬਜਟ ਰਾਖਵਾਂ ਰੱਖਿਆ ਗਿਆ ਹੈ। ਉਦਯੋਗ ਅਤੇ ਵਣਜ ਵਿਭਾਗ ਲਈ 2805 ਕਰੋੜ ਦਾ ਬਜਟ- ਵਿੱਤ ਮੰਤਰੀ ਨੇ ਉਦਯੋਗਿਕ ਕ੍ਰਾਂਤੀ ਦਾ ਨਵਾਂ ਰੋਡਮੈਪ ਪੇਸ਼ ਕਰਦਿਆਂ ਉਦਯੋਗ ਅਤੇ ਵਣਜ ਵਿਭਾਗ ਲਈ 2,805 ਕਰੋੜ ਰੁਪਏ ਦਾ ਬਜਟ ਰਾਖਵਾਂ ਰੱਖਿਆ ਹੈ। ਇਸ ਵਿੱਚ ਉਦਯੋਗਾਂ ਨੂੰ ਦਿੱਤੀਆਂ ਜਾਣ ਵਾਲੀਆਂ ਵਿੱਤੀ ਰਿਆਇਤਾਂ ਲਈ 500 ਕਰੋੜ ਰੁਪਏ ਵਿਸ਼ੇਸ਼ ਤੌਰ ’ਤੇ ਸ਼ਾਮਲ ਕੀਤੇ ਗਏ ਹਨ। ਵਿੱਤ ਮੰਤਰੀ ਨੇ ਦੱਸਿਆ ਕਿ ਮਾਰਚ 2022 ਤੋਂ ਹੁਣ ਤੱਕ ਸੂਬੇ ਨੂੰ 1,45,371 ਕਰੋੜ ਰੁਪਏ ਦੇ 8,049 ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਹਨ। ਇਨ੍ਹਾਂ ਪ੍ਰੋਜੈਕਟਾਂ ਦੇ ਮੁਕੰਮਲ ਹੋਣ ਨਾਲ ਸੂਬੇ ਦੇ 5.21 ਲੱਖ ਤੋਂ ਵੱਧ ਨੌਜਵਾਨਾਂ ਨੂੰ ਰੁਜ਼ਗਾਰ ਮਿਲਣ ਦੀ ਉਮੀਦ ਹੈ। ਰਿਹਾਇਸ਼ ਅਤੇ ਸ਼ਹਿਰੀ ਵਿਕਾਸ ਖੇਤਰ ਲਈ 7257 ਕਰੋੜ ਰੱਖੇ- ਯੋਜਨਾਬੰਦ ਸ਼ਹਿਰੀਕਰਨ ਮਜ਼ਬੂਤ ਕਰਨ ਅਤੇ ਨਾਗਰਿਕ ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਨ ਲਈ ਸਾਲ 2026-27 ਵਿੱਚ ਸ਼ਹਿਰੀ ਵਿਕਾਸ ਖੇਤਰ ਲਈ 7,257 ਕਰੋੜ ਰੁਪਏ ਦਾ ਬੱਜਟ ਰੱਖਿਆ ਗਿਆ।

**ਮਿਊਂਸਪਲ ਫੰਡਾਂ ਵਿੱਚ ਚਾਰ ਗੁਣਾ ਵਾਧਾ** : ਪੰਜਾਬ ਸਰਕਾਰ ਨੇ ਸੂਬੇ ਦੇ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਨਵੀਂ ਦਿੱਖ ਦੇਣ ਲਈ ਮਿਊਂਸਪਲ ਡਿਵੈੱਲਪਮੈਂਟ ਫੰਡ ਵਿੱਚ ਬੇਮਿਸਾਲ ਵਾਧਾ ਕੀਤਾ ਹੈ। ਵਿੱਤ ਮੰਤਰੀ ਚੀਮਾ ਨੇ ਐਲਾਨ ਕੀਤਾ ਕਿ ਵਿੱਤੀ ਸਾਲ 2026-27 ਲਈ ਇਸ ਫੰਡ ਨੂੰ ਪਿਛਲੇ ਸਾਲ ਦੇ 225 ਕਰੋੜ ਰੁਪਏ ਤੋਂ ਚਾਰ ਗੁਣਾ ਵਧਾ ਕੇ 1,000 ਕਰੋੜ ਰੁਪਏ ਕਰ ਦਿੱਤਾ ਗਿਆ ਹੈ। ਇਹ ਰਾਸ਼ੀ ਸਾਰੀਆਂ ਸ਼ਹਿਰੀ ਸਥਾਨਕ ਇਕਾਈਆਂ ਨੂੰ ਸੜਕਾਂ, ਸਟਰੀਟ ਲਾਈਟਾਂ, ਜਲ ਸਪਲਾਈ, ਸੀਵਰੇਜ, ਸਫ਼ਾਈ ਅਤੇ ਜਨਤਕ ਸੁਰੱਖਿਆ ਪ੍ਰਣਾਲੀਆਂ ਵਰਗੇ ਜ਼ਰੂਰੀ ਕਾਰਜਾਂ ਲਈ ਮੁਹੱਈਆ ਕਰਵਾਈ ਜਾਵੇਗੀ।

**‘ਰੰਗਲਾ ਪੰਜਾਬ ਵਿਕਾਸ ਸਕੀਮ’ ਲਈ 1170 ਕਰੋੜ ਦਾ ਬਜਟ** : ਵਿੱਤ ਮੰਤਰੀ ਨੇ ਸੂਬੇ ਦੇ ਸਰਵਪੱਖੀ ਵਿਕਾਸ ਲਈ ‘ਰੰਗਲਾ ਪੰਜਾਬ ਵਿਕਾਸ ਸਕੀਮ’ ਦੇ ਬਜਟ ਵਿੱਚ ਵੱਡਾ ਵਾਧਾ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸਾਰੇ 117 ਵਿਧਾਨ ਸਭਾ ਹਲਕਿਆਂ ਵਿੱਚ ਬਰਾਬਰ ਵਿਕਾਸ ਨੂੰ ਯਕੀਨੀ ਬਣਾਉਣ ਲਈ ਇਸ ਸਕੀਮ ਦੀ ਬਜਟ ਰਾਸ਼ੀ 585 ਕਰੋੜ ਰੁਪਏ ਤੋਂ ਵਧਾ ਕੇ 1170 ਕਰੋੜ ਰੁਪਏ ਕਰਨ ਦਾ ਪ੍ਰਸਤਾਵ ਹੈ। ਇਸ ਵਾਧੇ ਨਾਲ ਹੁਣ ਹਰੇਕ ਵਿਧਾਨ ਸਭਾ ਹਲਕੇ ਨੂੰ ਸਥਾਨਕ ਬੁਨਿਆਦੀ ਢਾਂਚੇ ਅਤੇ ਜਨਤਕ ਸੰਪਤੀਆਂ ਦੇ ਨਵੀਨੀਕਰਨ ਲਈ ਸਾਲਾਨਾ 10 ਕਰੋੜ ਰੁਪਏ (ਪਹਿਲਾਂ 5 ਕਰੋੜ) ਮਿਲਣਗੇ। ਖੇਤੀਬਾੜੀ ਲਈ 15,377 ਕਰੋੜ ਰੁਪਏ ਰਾਖਵੇਂ-ਵਿੱਤ ਮੰਤਰੀ ਨੇ ਵਿਧਾਨ ਸਭਾ ਵਿੱਚ ਬਜਟ ਪੇਸ਼ ਕਰਦਿਆਂ ਖੇਤੀਬਾੜੀ ਖੇਤਰ ਲਈ ਕਈ ਅਹਿਮ ਐਲਾਨ ਕੀਤੇ। ਕਿਸਾਨੀ ਦੇ ਇਸ ਵੱਡੇ ਯੋਗਦਾਨ ਨੂੰ ਹੋਰ ਮਜ਼ਬੂਤ ਕਰਨ ਅਤੇ ਖੇਤੀਬਾੜੀ ਦੇ ਮੁੜ ਉਭਾਰ ਲਈ ਸਰਕਾਰ ਨੇ ਵਿੱਤੀ ਸਾਲ 2026-27 ਵਾਸਤੇ ਖੇਤੀਬਾੜੀ ਅਤੇ ਇਸ ਨਾਲ ਸੰਬੰਧਤ ਖੇਤਰਾਂ ਲਈ ਕੁੱਲ 15,377 ਕਰੋੜ ਰੁਪਏ ਦੀ ਰਾਸ਼ੀ ਰਾਖਵੀਂ ਰੱਖੀ ਹੈ। ਵਿੱਤ ਮੰਤਰੀ ਨੇ ਸਪੱਸ਼ਟ ਕੀਤਾ ਕਿ ਇਹ ਫੰਡ ਮੁੱਖ ਤੌਰ ’ਤੇ ਫ਼ਸਲੀ ਵਿਭਿੰਨਤਾ, ਸਥਿਰਤਾ, ਮੰਡੀ ਸੁਧਾਰਾਂ ਅਤੇ ਕਿਸਾਨਾਂ ਦੀ ਭਲਾਈ ਨਾਲ ਜੁੜੇ ਪ੍ਰੋਜੈਕਟਾਂ ’ਤੇ ਖ਼ਰਚ ਕੀਤੇ ਜਾਣਗੇ।

**ਸਿਹਤ ਖੇਤਰ ਲਈ 6879 ਕਰੋੜ ਦਾ ਬਜਟ** : ਪੰਜਾਬ ਸਰਕਾਰ ਵੱਲੋਂ ਸਿਹਤ ਖੇਤਰ ਨੂੰ ਵਿਸ਼ੇਸ਼ ਤਰਜੀਹ ਦਿੱਤੀ ਗਈ ਹੈ। ਵਿੱਤ ਮੰਤਰੀ ਨੇ ਸਿਹਤ ਅਤੇ ਪਰਵਾਰ ਭਲਾਈ ਲਈ ਕੁੱਲ 6,879 ਕਰੋੜ ਰੁਪਏ ਦਾ ਬੱਜਟ ਰਾਖਵਾਂ ਰੱਖਿਆ ਹੈ। ਇਸ ਰਾਸ਼ੀ ਦਾ ਵੱਡਾ ਹਿੱਸਾ ਸੂਬੇ ਦੇ ਹਸਪਤਾਲਾਂ ਦੀ ਦਸ਼ਾ ਸੁਧਾਰਨ ਅਤੇ ਨਵੇਂ ਸਿਹਤ ਕੇਂਦਰ ਸਥਾਪਤ ਕਰਨ ’ਤੇ ਖ਼ਰਚ ਕੀਤਾ ਜਾਵੇਗਾ। ਉਨ੍ਹਾ ਦੱਸਿਆ ਕਿ ਅਗਲੇ ਵਿੱਤੀ ਸਾਲ ਵਿੱਚ 143 ਆਮ ਆਦਮੀ ਕਲੀਨਿਕ ਖੋਲ੍ਹੇ ਜਾਣਗੇ। ਮੁੱਖ ਮੰਤਰੀ ਸਿਹਤ ਯੋਜਨਾ ਲਈ 2000 ਕਰੋੜ ਦੀ ਤਜਵੀਜ਼ ਰੱਖੀ ਹੈ। ਸਿੱਖਿਆ ਖੇਤਰ ਲਈ 19,279 ਕਰੋੜ ਰੁਪਏ- ਪੰਜਾਬ ਦੇ ਵਿੱਤ ਮੰਤਰੀ ਵੱਲੋਂ ਬਜਟ ਵਿੱਚ ਸਿੱਖਿਆ ਖੇਤਰ ਲਈ ਵੱਡੇ ਐਲਾਨ ਕੀਤੇ ਗਏ ਹਨ। ਸਰਕਾਰ ਨੇ ਸਿੱਖਿਆ ਲਈ ਕੁੱਲ 19,279 ਕਰੋੜ ਰੁਪਏ ਦਾ ਬਜਟ ਰੱਖਿਆ ਹੈ, ਜੋ ਕਿ ਪਿਛਲੇ ਸਾਲ ਦੇ ਮੁਕਾਬਲੇ 7 ਫ਼ੀਸਦੀ ਵੱਧ ਹੈ। ਇਹ ਵਾਧਾ ਸੂਬੇ ਦੇ ਸਰਕਾਰੀ ਸਕੂਲਾਂ ਅਤੇ ਉੱਚ ਸਿੱਖਿਆ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਕੀਤਾ ਗਿਆ ਹੈ।

### ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਸਾਰੇ...

ਹੈ। ਮੀਡੀਆ ਨਾਲ ਗੱਲਬਾਤ ਕਰਦਿਆ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੀਆਂ ਮਾਵਾਂ, ਧੀਆਂ ਅਤੇ ਭੈਣਾਂ ਨੂੰ ਵਧਾਈ ਦਿੰਦਿਆਂ ਅਰਦਾਸ ਕੀਤੀ ਕਿ ਉਹ ਸਦਾ ਹਰ ਖੇਤਰ ਵਿੱਚ ਸਫਲਤਾ ਦੀਆਂ ਨਵੀਆਂ ਕਹਾਣੀਆਂ ਲਿਖਦੀਆਂ ਰਹਿਣ। ਉਨ੍ਹਾਂ ਕਿਹਾ ਕਿ ਅੱਜ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਮਹਿਲਾਵਾਂ ਦੀ ਭਲਾਈ ਨੂੰ ਮੁੱਖ ਰੱਖਦਿਆਂ ਇਹ ਬਜਟ ਪੇਸ਼ ਕੀਤਾ ਗਿਆ ਹੈ, ਜੋ ‘ਆਪ’ ਸਰਕਾਰ ਵੱਲੋਂ ਉਨ੍ਹਾਂ ਨੂੰ ਸਮਾਜਿਕ ਅਤੇ ਆਰਥਿਕ ਤੌਰ ’ਤੇ ਸਸ਼ਕਤ ਬਣਾਉਣ ਸਬੰਧੀ ਕੀਤੇ ਗਏ ਮੁੱਖ ਵਾਅਦੇ ਨੂੰ ਪੂਰਾ ਕਰਦਾ ਹੈ। ਬਜਟ ਨੂੰ ਲੋਕ-ਪੱਖੀ ਦੱਸਦਿਆਂ ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਉਂਦਾ ਹੈ ਕਿ ਔਰਤਾਂ ਅਤੇ ਸਮਾਜ ਦੇ ਹੋਰ ਵਰਗਾਂ ਨੂੰ ਭਲਾਈ ਉਪਾਵਾਂ ਅਤੇ ਜਨਤਕ ਸੇਵਾਵਾਂ ਰਾਹੀਂ ਨਿਰੰਤਰ ਸਹਾਇਤਾ ਮਿਲਦੀ ਰਹੇ। ਉਨ੍ਹਾਂ ਕਿਹਾ ਕਿ ਆਪ’ ਸਰਕਾਰ ਨੇ ਲੋਕਾਂ ਨਾਲ ਕੀਤਾ ਸਭ ਤੋਂ ਵੱਡਾ ਚੋਣ ਵਾਅਦਾ ਪੂਰਾ ਕੀਤਾ ਹੈ ਅਤੇ ਸੂਬੇ ਦੀਆਂ ਮਹਿਲਾਵਾਂ ਨੂੰ ਹੁਣ ‘ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ’ ਤਹਿਤ 1,000 ਪ੍ਰਤੀ ਮਹੀਨਾ ਮਿਲੇਣਗੇ, ਜਦੋਂ ਕਿ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਮਹਿਲਾਵਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਮਿਲੇਣਗੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਹਿਲਾਵਾਂ ਨੂੰ ਇਸ ਯੋਜਨਾ ਅਧੀਨ ਸੁਖਾਲੇ ਢੰਗ ਨਾਲ ਰਜਿਸਟ?ਰੇਸ਼ਨ ਦੀ ਸੁਵਿਧਾ ਪ੍ਰਦਾਨ ਕਰਨ ਲਈ ਸੂਬੇ ਭਰ ਵਿੱਚ ਵਿਸ਼ੇਸ਼ ਕੈਂਪ ਲਾਏ ਜਾਣਗੇ। ਪੰਜਾਬ ਦੇ ਮੁੱਖ ਮੰਤਰੀ ਨੇ ਸਾਂਝਾ ਕੀਤਾ ਕਿ ਇਸ ਯੋਜਨਾ ਲਈ ਰਜਿਸਟ੍ਰੇਸ਼ਨ ਪ੍ਰਕਿਰਿਆ ਇਸ ਵਿਸਾਖੀ ਤੋਂ ਸ਼ੁਰੂ ਹੋਵੇਗੀ ਅਤੇ ਇਸਨੂੰ ਜੰਗੀ ਪੱਧਰ ’ਤੇ ਨੇਪਰੇ ਚਾੜ੍ਹਿ ਆ ਜਾਵੇਗਾ ਤਾਂ ਜੋ ਸਾਰੇ ਯੋਗ ਲਾਭਪਾਤਰੀਆਂ ਨੂੰ ਜਲਦ ਤੋਂ ਜਲਦ ਕਵਰ ਕੀਤਾ ਜਾ ਸਕੇ।

### ਮੁੱਖ ਮੰਤਰੀ ਵੱਲੋਂ ਪ੍ਰਵਾਸੀ ਪੰਜਾਬੀ ਕਾਨੂੰਨੀ...

ਰਣਨੀਤੀ, ਸਰਹੱਦ ਪਾਰ ਦੇ ਨਿਪਟਾਰਿਆਂ ਅਤੇ ਹੋਰ ਮੁੱਖ ਵਿਸ਼ਿਆਂ ਸਮੇਤ ਵੱਖ-ਵੱਖ ਮਹੱਤਵਪੂਰਨ ਕਾਨੂੰਨੀ ਵਿਸ਼ਿਆਂ ’ਤੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਭਗਵੰਤ ਸਿੰਘ ਮਾਨ ਨੇ ਉਮੀਦ ਪ੍ਰਗਟਾਈ ਕਿ ਇਹ ਪਹਿਲ ਆਮ ਲੋਕਾਂ ਲਈ ਵੀ ਵਧੇਰੇ ਲਾਭਦਾਇਕ ਅਤੇ ਸਾਰਥਕ ਸਾਬਤ ਹੋਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਨਿਆਂ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਨਾਗਰਿਕਾਂ ਲਈ ਸਮੇਂ ਸਿਰ ਨਿਆਂ ਨੂੰ ਯਕੀਨੀ ਬਣਾਉਣ ਲਈ ਸਾਲ 2022 ਤੋਂ 159 ਕਾਨੂੰਨੀ ਅਧਿਕਾਰੀਆਂ ਦੀ ਭਰਤੀ ਕੀਤੀ ਗਈ ਹੈ।

### ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ‘ਆਪ’ ਸਰਕਾਰ...

ਮੁਲਜ਼ਮ ਜਦੋਂ ਬੈਰੀਕੇਡ ਤੋੜ ਕੇ ਅੱਗੇ ਵਧੇ ਤਾਂ ਪੁਲੀਸ ਨੇ ਪਹਿਲਾਂ ਪਾਣੀ ਦੀਆਂ ਬੁਛਾੜਾਂ ਮਾਰੀਆਂ ਅਤੇ ਫਿਰ ਅੱਥਰੂ ਗੈਸ ਦੇ ਗੋਲੇ ਸੁੱਟ ਕੇ ਧਰਨਾਕਾਰੀਆਂ ਨੂੰ ਪਿੱਛੇ ਧੱਕ ਦਿੱਤਾ। ਧਰਨਾਕਾਰੀਆਂ ਨੇ ਐਲਾਨ ਕੀਤਾ ਕਿ 9 ਮਾਰਚ ਨੂੰ ਮੁਹਾਲੀ ਦੇ ਫੇਜ਼ ਛੇ ਵਿੱਚ ਇਕੱਤਰ ਹੋ ਕੇ ਮੁੜ ਚੰਡੀਗੜ੍ਹ ਵੱਲ ਕੂਚ ਕੀਤਾ ਜਾਵੇਗਾ। ਸਾਰੇ ਦਫ਼ਤਰਾਂ ਵਿੱਚ ਕਲਮ ਛੋੜ ਹੜਤਾਲ ਕਰ ਕੇ ਕੰਮ ਬੰਦ ਕੀਤਾ ਜਾਵੇਗਾ।

### 2027 ਵਿੱਚ ਅਕਾਲੀ ਦਲ ਦੀ ਸਰਕਾਰ ਬਨਣ...

ਕੋਈ ਵੀ ਮਹਿਲਾ ਵਾਂਝੀ ਨਹੀਂ ਰਹਿਣੀ ਚਾਹੀਦੀ। ਉਹਨਾਂ ਨੇ ਇਹ ਵੀ ਮੰਗ ਕੀਤੀ ਕਿ ਸਾਰੇ ਲਾਭਪਾਤਰੀਆਂ ਨੂੰ ਪਹਿਲਾਂ 48-48 ਹਜ਼ਾਰ ਰੁਪਏ ਪਿਛਲੇ 4 ਸਾਲਾਂ ਦੇ ਬਕਾਏ ਦਿੱਤੇ ਜਾਣ। ਉਹਨਾਂ ਕਿਹਾ ਕਿ ਜੇਕਰ ਅਜਿਹਾ ਨਾ ਕੀਤਾ ਗਿਆ ਤਾਂ ਅਕਾਲੀ ਦਲ ਔਰਤਾਂ ਨੂੰ ਅਪੀਲ ਕਰੇਗਾ ਕਿ ਜਦੋਂ ਵੀ ਆਪ ਵਿਧਾਇਕ ਉਹਨਾਂ ਦੀਆਂ ਵੋਟਾਂ ਮੰਗਣ ਆਉਣ ਤਾਂ ਉਹ ਉਹਨਾਂ ਦਾ ਘਿਰਾਓ ਕਰਨ। ਸਰਦਾਰ ਬਾਦਲ ਨੇ ਜ਼ੋਰ ਦੇ ਕੇ ਇਹ ਵੀ ਕਿਹਾ ਕਿ ਅਕਾਲੀ ਦਲ ਔਰਤਾਂ ਦੀ ਭਲਾਈ ਵਾਸਤੇ ਵਚਨਬੱਧ ਹੈ। ਉਹਨਾਂ ਕਿਹਾ ਕਿ ਅੱਜ ਕੌਮਾਂਤਰੀ ਮਹਿਲਾ ਦਿਵਸ ਦੇ ਮੌਕੇ ’ਤੇ ਮੈਂ ਐਲਾਨ ਕਰਦਾ ਹਾਂ ਕਿ ਜਿਥੇ ਸ਼ਗਨ ਸਕੀਮ ਅਧੀਨ ਗਰੀਬ ਵਰਗ ਦੀਆਂ ਧੀਆਂ ਵਾਸਤੇ ਰਾਸ਼ੀ ਵਧਾ ਕੇ 1 ਲੱਖ ਰੁਪਏ ਕੀਤੀ ਜਾਵੇਗੀ, ਉਥੇ ਹੀ ਅਗਲੀ ਅਕਾਲੀ ਦਲ ਦੀ ਸਰਕਾਰ ਆਂਗਣਵਾੜੀ ਵਰਕਰਾਂ ਨੂੰ ਪ੍ਰੀ ਨਰਸਰੀ ਟੀਚਰ ਗ੍ਰੇਡ ਦੇਵੇਗੀ ਅਤੇ ਮਿਡ ਡੇਅ ਮੀਲ ਤੇ ਆਸ਼ਾ ਵਰਕਰਾਂ ਨੂੰ ਘੱਟੋ ਘੱਟ ਉਜਰਤਾਂ ਐਕਟ ਅਧੀਨ ਲਿਆਂਦਾ ਜਾਵੇਗਾ। ਸਰਦਾਰ ਬਾਦਲ ਨੇ ਪੰਜਾਬ ਲਈ ਆਪਣੇ ਦ੍ਰਿਸ਼ਟੀਕੋਣ ਦੀ ਗੱਲ ਕਰਦਿਆਂ ਕਿਹਾ ਕਿ ਅਕਾਲੀ ਦਲ ਸੂਬੇ ਦੇ ਸਾਰੇ ਦਰਿਆਵਾਂ ਦੀ ਸਫਾਈ ਕਰਾਵੇਗਾ। ਉਹਨਾਂ ਕਿਹਾ ਕਿ ਅਸੀਂ ਬਿਆਸ ਤੇ ਸਤਲੁਜ ਦਰਿਆ ਵਿਚ ਇਕ ਬੂੰਦ ਵੀ ਗੰਦਾ ਪਾਣੀ ਨਹੀਂ ਜਾਣ ਦੇਵਾਂਗੇ। ਉਹਨਾਂ ਕਿਹਾ ਕਿ ਮਾਲਵਾ ਪੱਟੀ ਵਿਚ ਕੈਂਸਰ ਰੋਕਣ ਵਾਸਤੇ ਅਜਿਹਾ ਕਰਨਾ ਜ਼ਰੂਰੀ ਹੈ। ਉਹਨਾਂ ਇਹ ਵੀ ਐਲਾਨ ਕੀਤਾ ਕਿ ਸਾਰੇ ਕਿਸਾਨ ਜਿਹਨਾਂ ਕੋਲ ਟਿਊਬਵੈਲ ਕੁਨੈਕਸ਼ਨ ਨਹੀਂ ਹਨ, ਨੂੰ ਅਕਾਲੀ ਦਲ ਦੀ ਸਰਕਾਰ ਬਣਨ ’ਤੇ ਕੁਨੈਕਸ਼ਨ ਦਿੱਤੇ ਜਾਣਗੇ। ਉਹਨਾਂ ਕਿਹਾ ਕਿ ਅਸੀਂ ਸਿੰਜਾਈ ਵਾਸਤੇ ਜ਼ਮੀਨਦੋਜ਼ ਪਾਈਪਾਂ ਵੀ ਪਾਵਾਂਗੇ ਅਤੇ ਰਾਜਸਥਾਨਕ ਨਹਿਰ ਰਾਹੀਂ ਜਾਂਦਾ ਪਾਣੀ ਰੋਕ ਕੇ ਇਸਨੂੰ ਆਪਣੇ ਕਿਸਾਨਾਂ ਦੇ ਖੇਤਾਂ ਵਾਸਤੇ ਪ੍ਰਦਾਨ ਕਰਾਂਗੇ। ਸਰਦਾਰ ਬਾਦਲ ਨੇ ਇਹ ਵੀ ਐਲਾਨ ਕੀਤਾ ਕਿ ਲੋਕਾਂ ਨੂੰ ਆਟਾ ਦਾਲ ਸਕੀਮ ਤਹਿਤ 4 ਰੁਪਏ ਕਿਲੋ ਆਟਾ ਤੇ 20 ਰੁਪਏ ਕਿਲੋ ਦਾਲ ਪ੍ਰਦਾਨ ਕੀਤੀ ਜਾਵੇਗੀ ਅਤੇ ਬੁਢਾਪਾ ਪੈਨਸ਼ਨ ਵਧਾ ਕੇ 3100 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇਗੀ ਤੇ ਨੌਜਵਾਨਾਂ ਨੂੰ 10 ਲੱਖ ਰੁਪਏ ਤੱਕ ਵਿਆਜ਼ ਮੁਕਤ ਕਰਜ਼ਾ ਦਿੱਤਾ ਜਾਵੇਗਾ।

ਇਸ ਮੌਕੇ ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਪਿਛਲੀ ਅਕਾਲੀ ਦਲ ਦੀ ਸਰਕਾਰ ਨੇ ਭੁੱਚੋ ਹਲਕੇ ਵਿਚ ਵਿਕਾਸ ਕਾਰਜਾਂ ’ਤੇ 575 ਕਰੋੜ ਰੁਪਏ ਖਰਚ ਕੀਤੇ ਸਨ। ਉਹਨਾਂ ਕਿਹਾ ਕਿ ਨਵੀਂ ਦਾਣਾ ਮੰਡੀ, 9 ਨਵੇਂ ਬਿਜਲੀ ਗ੍ਰਿਡ ਅਤੇ 19 ਸਕੂਲਾਂ ਨੂੰ ਅਪਗ੍ਰੇਡ ਕਰਨ ਦੇ ਨਾਲ ਨਾਲ ਨਵੇਂ ਜਲ ਸਪਲਾਈ ਘਰ ਤੇ ਪ੍ਰਾਇਮਰੀ ਸਕੂਲ ਖੋਲ੍ਹੇ ਗਏ ਤੇਗੋਨਿਆਣਾ ਸਬ ਤਹਿਸੀਲ ਬਣਾਈ ਤੇ ਨਥਾਣਾ ਮਾਰਕੀਟ ਕਮੇਟੀ ਬਣਾਈ ਗਈ। ਇਸ ਮੌਕੇ ਸੀਨੀਅਰ ਆਗੂ ਸਿਕੰਦਰ ਸਿੰਘ ਮਲੂਕਾ, ਡਾ. ਦਰਬਾਰਾ ਸਿੰਘ ਗੁਰੂ, ਮੋਹਿਤ ਗੁਪਤਾ,ਹਰਗੋਬਿੰਦ ਕੌਰ, ਜਗਸੀਰ ਸਿੰਘ ਕਲਿਆਣ ਤੇ ਬਲਕਾਰ ਬਰਾੜ ਨੇ ਵੀ ਸੰਬੋਧਨ ਕੀਤਾ।

ਹਫਤਾਵਾਰੀ ‘ਜ਼ਿਕਰ ਪੰਜਾਬ’ ਅਖ਼ਬਾਰ ਵਿੱਚ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਛਪਣਯੋਗ ਸਮੱਗਰੀ ਛਪਵਾਉਣ ਲਈ
ਸੰਪਰਕ:-
9815024577
E-mail:
zikarpunjab44@gmail.com

ਅਸ਼ਵਨੀ ਜੇਤਲੀ ਮਾਲਕ, ਐਡੀਟਰ/ਪ੍ਰਿੰਟਰ ਤੇ ਪਬਲਿਸ਼ਰ ਨੇ ਰੋਟਰੀ ਪ੍ਰਿੰਟਰਜ਼ ਤੋਂ ਛਪਵਾ ਕੇ ਦ.ਫਤਰ ਜ਼ਿਕਰ ਪੰਜਾਬ (ਸਪਤਾਹਿਕ) 7, ਮਾਣਕ ਇਨਕਲੇਵ, ਧਾਂਦਰਾ ਰੋਡ, ਲੁਧਿਆਣਾ ਤੋਂ ਪ੍ਰਕਾਸ਼ਿਤ ਕੀਤਾ।
Published, Printed & Owned by Ashwani Jaitly Published at 7, Manak Enclave, Dhandra Road, Ludhiana, Punjab State Printed at Rotary Printers, Kot Almgir, Ludhiana, Punjab State Editor- Ashwani Jaitly

ਸੰਪਾਦਕੀ

# ਮੌਸਮੀ ਤਬਦੀਲੀਆਂ

ਮੌਸਮ ਦਾ ਮਿਜਾਜ਼ ਬਦਲ ਰਿਹਾ ਹੈ। ਸਰਦੀਆਂ ਦੇ ਮੌਸਮ ਦਾ ਸਮਾਂ ਘਟਣਾ, ਸਰਦੀਆਂ ਦੌਰਾਨ ਮੁਕਾਬਲਤਨ ਵੱਧ ਤਾਪਮਾਨ ਅਤੇ ਸਰਦੀਆਂ ਦੇ ਮੌਸਮ ਤੋਂ ਬਾਅਦ ਤਾਪਮਾਨ 'ਚ ਅਚਾਨਕ ਵਾਧਾ ਤਿੱਖੀਆਂ ਮੌਸਮੀ ਤਬਦੀਲੀਆਂ ਨੂੰ ਦਰਸਾਉਂਦਾ ਹੈ। ਬਸੰਤ ਰੁੱਤ ਦਾ ਗਾਇਬ ਹੋਣਾ ਅਤੇ ਗਰਮੀਆਂ ਦੀ ਅਗੇਤੀ ਦਸਤਕ ਖੇਤਰੀ ਵਾਯੂਮੰਡਲੀ ਤਬਦੀਲੀਆਂ ਅਤੇ ਦੀਰਘਕਾਲੀ ਜਲਵਾਯੂ ਪਰਿਵਰਤਨ ਦਾ ਸਿੱਟਾ ਮੰਨਿਆ ਜਾ ਰਿਹਾ ਹੈ। ਜਲਵਾਯੂ ਪਰਿਵਰਤਨ ਦਾ ਜੀਵਨ ਅਤੇ ਰੋਜ਼ੀ-ਰੋਟੀ 'ਤੇ ਪ੍ਰਭਾਵ ਚਰਚਾ ਦਾ ਵਿਸ਼ਾ ਹੈ। ਮਾਹਿਰਾਂ ਵੱਲੋਂ ਉੱਤਰੀ ਭਾਰਤ ਦੇ ਖੇਤੀਬਾੜੀ ਵਾਲੇ ਖੇਤਰਾਂ 'ਤੇ ਵਧਦੇ ਤਾਪਮਾਨ ਦੇ ਪੈਣ ਵਾਲੇ ਆਰਥਿਕ ਪ੍ਰਭਾਵਾਂ ਬਾਰੇ ਚਿੰਤਾ ਪ੍ਰਗਟਾਈ ਜਾ ਰਹੀ ਹੈ। ਹਿਮਾਚਲ ਪ੍ਰਦੇਸ਼ ਦੇ ਸੇਬ ਦੇ ਬਾਗ਼ਾਂ ਵਿੱਚ ਠੰਢ ਘਟਣ ਕਾਰਨ ਫ਼ਲਾਂ ਦੀਆਂ ਫ਼ਸਲਾਂ ਦੇ ਕੁਦਰਤੀ ਚੱਕਰ ਵਿੱਚ ਵਿਗਾੜ ਪੈਦਾ ਹੋ ਰਿਹਾ ਹੈ। ਅਜਿਹੀ ਸਥਿਤੀ ਵਿੱਚ ਫਲਾਂ ਦੀ ਗੁਣਵੱਤਾ ਘਟਣ ਦੇ ਨਾਲ-ਨਾਲ ਇਨ੍ਹਾਂ ਦੀ ਪੈਦਾਵਾਰ ਵੀ ਘਟਣ ਦਾ ਖ਼ਦਸ਼ਾ ਹੈ। ਜੇਕਰ ਹਾਲਾਤ ਅਜਿਹੇ ਹੀ ਰਹੇ ਤਾਂ ਜਲਵਾਯੂ ਅਨੁਕੂਲ ਬਾਗ਼ਬਾਨੀ ਨੂੰ ਅਪਣਾਉਣਾ ਪਵੇਗਾ, ਜਿਸ ਨਾਲ ਸੇਬ ਪੱਟੀ ਹੋਰ ਉੱਚੇ ਖੇਤਰਾਂ 'ਤੇ ਤਬਦੀਲ ਹੋ ਜਾਵੇਗੀ। ਸੋਕਾ ਸਹਿਣ ਤੇ ਘੱਟ ਪਾਣੀ ਵਾਲੀਆਂ ਫ਼ਸਲਾਂ ਅਤੇ ਹੋਰ ਬਦਲਵੀਆਂ ਫ਼ਸਲਾਂ ਦੀ ਕਾਸ਼ਤ ਨੂੰ ਹੁਣ ਵਿਕਲਪ ਵਜੋਂ ਨਹੀਂ ਦੇਖਿਆ ਜਾ ਸਕਦਾ। ਇਸ ਲਈ ਸਪੱਸ਼ਟ ਰਣਨੀਤੀ ਬਣਾਉਣ ਦੀ ਲੋੜ ਹੈ। ਮਾਰਚ ਦੇ ਪਹਿਲੇ ਹਫ਼ਤੇ ਵਿੱਚ ਤਾਪਮਾਨ ਦੀ ਚਿਤਾਵਨੀ ਸਪੱਸ਼ਟ ਸੰਕੇਤ ਹੈ ਕਿ ਆਉਂਦੇ ਦਿਨਾਂ 'ਚ ਮੌਸਮ ਦਾ ਮਿਜ਼ਾਜ ਕਿਹੋ ਜਿਹਾ ਹੋਵੇਗਾ। ਅਧਿਐਨਾਂ ਅਨੁਸਾਰ ਭਾਰਤ ਵਿੱਚ ਲੂ ਚੱਲਣ ਦੇ ਦਿਨਾਂ ਦੀ ਗਿਣਤੀ ਸਾਲ 1980 ਤੋਂ ਬਾਅਦ ਦੁੱਗਣੀ ਤੋਂ ਵੀ ਵਧ ਗਈ ਹੈ। ਅੰਨ੍ਹੇਵਾਹ ਸ਼ਹਿਰੀਕਰਨ, ਸੰਘਣੀ ਵਸੋਂ ਅਤੇ ਹਰੀਆਂ ਪੱਟੀਆਂ ਹੇਠਲਾ ਰਕਬਾ ਘਟਣ ਕਾਰਨ ਤਾਪਮਾਨ ਵਧ ਰਿਹਾ ਹੈ, ਜਿਸ ਕਾਰਨ ਭਵਿੱਖ ਵਿੱਚ ਜਲ ਤੇ ਊਰਜਾ ਸੰਕਟਾਂ ਨਾਲ ਨਜਿੱਠਣ ਲਈ ਫੌਰੀ ਤੌਰ 'ਤੇ ਯੋਜਨਾਵਾਂ ਬਣਾਉਣ ਤੇ ਲਾਗੂ ਕਰਨ ਦੀ ਲੋੜ ਹੈ। ਸਰਦੀਆਂ ਤੋਂ ਗਰਮੀਆਂ ਵਿੱਚ ਤੇਜ਼ੀ ਨਾਲ ਹੋਣ ਵਾਲੇ ਬਦਲਾਅ ਦੇ ਸੰਦਰਭ 'ਚ ਨਾਗਰਿਕਾਂ ਦੀਆਂ ਜ਼ਿੰਮੇਵਾਰੀਆਂ ਅਤੇ ਕਰਤੱਵਾਂ ਨੂੰ ਵੀ ਨਵੇਂ ਸਿਰਿਉਂ ਉਲੀਕਣ ਦੀ ਲੋੜ ਹੈ। ਹਾਲਾਂਕਿ ਇਸ ਸੰਕਟ ਨਾਲ ਨਜਿੱਠਣ ਲਈ ਸਰਕਾਰਾਂ ਦੀਆਂ ਯੋਜਨਾਵਾਂ ਦਾ ਖਾਕਾ ਨਾਗਰਿਕਾਂ ਦੀਆਂ ਜ਼ਿੰਮੇਵਾਰੀਆਂ ਤੈਅ ਕਰਨ ਨਾਲੋਂ ਵੱਧ ਮਹੱਤਪੂਰਨ ਹੈ। ਹਾਂ, ਇਹ ਵੀ ਹਕੀਕਤ ਹੈ ਕਿ ਜਲਵਾਯੂ ਪਰਿਵਰਤਨ ਨਾਲ ਨਜਿੱਠਣ ਦੀ ਰਣਨੀਤੀ ਵਿੱਚ ਨਾਗਰਿਕਾਂ ਦੀ ਭਾਗੀਦਾਰੀ ਵਾਲਾ ਦ੍ਰਿਸ਼ਟੀਕੋਣ ਮਹੱਤਵਪੂਰਨ ਸਾਬਿਤ ਹੋ ਸਕਦਾ ਹੈ। ਆਲਮੀ ਵਾਤਾਵਰਣਕ ਤਬਦੀਲੀਆਂ ਦੇ ਇਸ ਦੌਰ ਵਿੱਚ ਤਾਪਮਾਨ 'ਚ ਬਹੁਤ ਵਾਧਾ ਹੋ ਸਕਦਾ ਹੈ, ਜਿਸ ਕਾਰਨ ਪ੍ਰਸ਼ਾਸਕੀ ਯੋਜਨਾਵਾਂ ਫੇਲ੍ਹ ਹੋਣ ਦੀ ਸੰਭਾਵਨਾ ਵਧ ਸਕਦੀ ਹੈ। ਇਸ ਲਈ ਬਿਹਤਰ ਰਣਨੀਤੀ ਤਿਆਰ ਕਰਨੀ ਸਾਡੀ ਪਹਿਲੀ ਤਰਜੀਹ ਹੋਣੀ ਚਾਹੀਦੀ ਹੈ। ਅਨੁਮਾਨਿਤ ਬਿਜਲੀ ਦੀ ਮੰਗ ਅਤੇ ਸਪਲਾਈ ਵਿਚਲੇ ਪਾੜੇ ਨੂੰ ਘਟਾਉਣ, ਸਮੇਂ ਸਿਰ ਸਿਹਤ ਸੰਭਾਲ ਲਈ ਚਿਤਾਵਨੀਆਂ ਜਾਰੀ ਕਰਨ ਅਤੇ ਮੌਸਮ ਦੇ ਮਾਰੂ ਪ੍ਰਭਾਵਾਂ ਨੂੰ ਘਟਾਉਣ ਲਈ ਸੁਝਾਵਾਂ ਦੀ ਬੇਹੱਦ ਲੋੜ ਹੋਵੇਗੀ। ਬਿਜਲੀ ਅਤੇ ਪਾਣੀ ਦੀ ਬਰਬਾਦੀ ਰੋਕਣ ਲਈ ਸਖ਼ਤੀ ਕਰਨੀ ਵੀ ਇਸ ਦਿਸ਼ਾ 'ਚ ਮਹੱਤਵਪੂਰਨ ਕਦਮ ਹੋਵੇਗਾ।



**- ਅਸ਼ਵਨੀ ਜੇਤਲੀ**

# ਸਿਵਲ ਹਸਪਤਾਲ ਜਾਂ ਬਿਮਾਰੀ ਦਾ ਦੂਸਰਾ ਘਰ?

ਅੱਜ ਸਾਡਾ ਦੇਸ਼ ਤਰੱਕੀ ਦੇ ਰਸਤੇ ਤੇ ਤੇਜ਼ੀ ਨਾਲ ਅੱਗੇ ਵੱਧ ਰਿਹਾ ਹੈ, ਪਰ ਇਹ ਵੀ ਸੋਚਣ ਵਾਲੀ ਗੱਲ ਹੈ ਕਿ ਕੀ ਸਾਡੀ ਜਨਤਾ ਦੀ ਸਿਹਤ ਵੀ ਉਸੇ ਗਤੀ ਨਾਲ ਸੁਧਰ ਰਹੀ ਹੈ? ਜਿੱਥੇ ਲੋਕ ਉਮੀਦ ਲੈ ਕੇ ਇਲਾਜ ਲਈ ਜਾਂਦੇ ਹਨ, ਜੇਕਰ ਉਥੋਂ ਹੀ ਉਹ ਹੋਰ ਬੀਮਾਰ ਹੋ ਕੇ ਵਾਪਸ ਆਉਣ, ਤਾਂ ਇਹ ਚਿੰਤਾ ਦਾ ਵਿਸ਼ਾ ਹੈ। ਇਸਦਾ ਇੱਕ ਵੱਡਾ ਕਾਰਨ ਸਾਫ਼-ਸਫ਼ਾਈ ਦੀ ਘਾਟ ਅਤੇ ਪ੍ਰਬੰਧਕੀ ਕਮਜ਼ੋਰੀ ਹੈ। ਮੱਧ ਵਰਗ ਅਤੇ ਗਰੀਬ ਪਰਿਵਾਰ ਮਹਿੰਗੇ ਨਿੱਜੀ ਹਸਪਤਾਲਾਂ ਦਾ ਖ਼ਰਚਾ ਨਹੀਂ ਝੱਲ ਸਕਦੇ, ਇਸ ਲਈ ਉਹ ਸਰਕਾਰੀ ਸਿਵਲ ਹਸਪਤਾਲਾਂ ਦਾ ਰੁਖ ਕਰਦੇ ਹਨ, ਤਾਂ ਜੋ ਘੱਟ ਖ਼ਰਚ ਵਿੱਚ ਵਧੀਆ ਇਲਾਜ ਮਿਲ ਸਕੇ। ਪਰ ਅਫ਼ਸੋਸ ਦੀ ਗੱਲ ਹੈ ਕਿ ਉਥੇ ਵੀ ਉਨ੍ਹਾਂ ਨੂੰ ਕਈ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਬਜ਼ੁਰਗਾਂ ਦਾ ਲੰਬੀਆਂ ਕਤਾਰਾਂ ਵਿੱਚ ਖੜ੍ਹ ਕੇ ਪਰਚੀ ਕਟਵਾਉਣਾ, ਕਈ ਵਾਰ ਡਾਕਟਰਾਂ ਦਾ ਸਮੇਂ ਸਿਰ ਨਾ ਮਿਲਣਾ ਅਤੇ ਕੁਝ ਸਟਾਫ਼ ਮੈਂਬਰਾਂ ਦਾ ਗਲਤ ਰਵੱਈਆ, ਇਹ ਸਭ ਆਮ ਇਨਸਾਨ ਦੇ ਮਨ 'ਤੇ ਗਹਿਰਾ ਅਸਰ ਛੱਡਦੇ ਹਨ। ਆਰਥਿਕ ਮਜ਼ਬੂਰੀ ਉਨ੍ਹਾਂ ਨੂੰ ਇਹ ਸਭ ਸਹਿਣ ਲਈ ਮਜਬੂਰ ਕਰ ਦਿੰਦੀ ਹੈ। ਰੋਜ਼ਾਨਾ ਸੈਂਕੜਿਆਂ ਮਰੀਜ਼ਾਂ ਦੀ ਆਵਾਜਾਈ ਕਾਰਨ ਸਫ਼ਾਈ ਕਾਇਮ ਰੱਖਣਾ ਚੁਣੌਤੀਪੂਰਨ ਹੋ ਸਕਦਾ ਹੈ, ਪਰ ਜਿੱਥੇ ਆਪਰੇਸ਼ਨ ਹੋਏ ਮਰੀਜ਼ ਲੰਬੇ ਸਮੇਂ ਲਈ ਦਾਖ਼ਲ ਰਹਿੰਦੇ ਹਨ, ਉਥੇ ਸਫ਼ਾਈ ਸਭ ਤੋਂ ਪਹਿਲੀ ਤਰਜੀਹ ਹੋਣੀ ਚਾਹੀਦੀ ਹੈ। ਅਕਸਰ ਵਾਰਡਾਂ ਵਿੱਚ ਮੱਖੀਆਂ, ਦਵਾਈਆਂ ਦੀ ਦੁਰਗੰਧ, ਗੰਦਗੀ ਅਤੇ ਵਾਸ਼ਰੂਮਾਂ ਦੀ ਬਦਬੂ ਮਰੀਜ਼ਾਂ ਅਤੇ ਉਨ੍ਹਾਂ ਦੇ ਸਹਾਇਕਾਂ ਲਈ ਤਕਲੀਫ਼ਦਾਇਕ ਬਣ ਜਾਂਦੀ ਹੈ। ਕਈ ਥਾਵਾਂ 'ਤੇ ਢੱਕਣ ਵਾਲੇ ਕੂੜੇਦਾਨ ਵੀ ਮੌਜੂਦ ਨਹੀਂ ਹੁੰਦੇ, ਜਿਸ ਨਾਲ ਇਨਫੈਕਸ਼ਨ ਦਾ ਖ਼ਤਰਾ ਵਧ ਜਾਂਦਾ ਹੈ। ਖਾਣ-ਪੀਣ ਦੀਆਂ ਚੀਜ਼ਾਂ 'ਤੇ ਮੱਖੀਆਂ ਦਾ ਬੈਠਣਾ ਬਿਮਾਰੀਆਂ ਨੂੰ ਹੋਰ ਫੈਲਾ ਸਕਦਾ ਹੈ। ਅਕਸਰ ਮਰੀਜ਼ ਕਹਿੰਦੇ ਸੁਣੇ ਜਾਂਦੇ ਹਨ, "ਇਹ ਤਾਂ ਸਰਕਾਰੀ ਹਸਪਤਾਲ ਹੈ, ਇਥੇ ਤਾਂ ਐਵੇਂ ਹੀ ਹੁੰਦਾ ਹੈ।" ਇਹ ਸੋਚ ਦਰਸਾਉਂਦੀ ਹੈ ਕਿ ਲੋਕਾਂ ਦੀਆਂ ਉਮੀਦਾਂ ਘੱਟ ਹੋ ਚੁੱਕੀਆਂ ਹਨ। ਸਿਵਲ ਹਸਪਤਾਲ ਕਈ ਵਾਰ "ਰੈਫਰ ਹਸਪਤਾਲ" ਦੇ ਨਾਂ ਨਾਲ ਵੀ ਜਾਣੇ ਜਾਂਦੇ ਹਨ, ਜੋ ਪ੍ਰਬੰਧਨ ਦੀ ਕਮਜ਼ੋਰੀ ਵੱਲ ਇਸ਼ਾਰਾ ਕਰਦਾ ਹੈ। ਜੇ ਸਰਕਾਰ ਵੱਲੋਂ ਬਿਨਾਂ ਪਹਿਲਾਂ ਸੂਚਨਾ ਦਿੱਤੇ ਅਚਾਨਕ ਨਿਰੀਖਣ ਕੀਤੇ ਜਾਣ, ਤਾਂ ਅਸਲੀ ਹਕੀਕਤ ਸਾਹਮਣੇ ਆ ਸਕਦੀ ਹੈ। ਸਿਹਤ ਸਹੂਲਤਾਂ ਸਿਰਫ਼ ਇਮਾਰਤਾਂ ਨਾਲ ਨਹੀਂ, ਸਗੋਂ ਸਾਫ਼-ਸਫ਼ਾਈ, ਸੁਚੱਜੇ ਪ੍ਰਬੰਧ ਅਤੇ ਮਨੁੱਖੀ ਸਹਿਯੋਗ ਨਾਲ ਮਜ਼ਬੂਤ ਹੁੰਦੀਆਂ ਹਨ। ਹਸਪਤਾਲ ਪ੍ਰਬੰਧਨ ਅਤੇ ਕਰਮਚਾਰੀਆਂ ਨੂੰ ਚਾਹੀਦਾ ਹੈ ਕਿ ਸਫ਼ਾਈ ਦੇ ਮਿਆਰਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ, ਵਾਰਡਾਂ ਵਿੱਚ ਢੱਕਣ ਵਾਲੇ ਕੂੜੇਦਾਨ ਲਾਜ਼ਮੀ ਹੋਣ ਅਤੇ ਸਮੇਂ-ਸਿਰ ਸਫ਼ਾਈ ਕੀਤੀ ਜਾਵੇ। ਨਾਲ ਹੀ, ਮਰੀਜ਼ਾਂ ਦੇ ਸਹਾਇਕਾਂ ਨੂੰ ਵੀ ਸਫ਼ਾਈ ਸਬੰਧੀ ਜਾਗਰੂਕ ਕੀਤਾ ਜਾਵੇ। ਜਦ ਤੱਕ ਇਹ ਬੁਨਿਆਦੀ ਸੁਧਾਰ ਨਹੀਂ ਹੁੰਦੇ, ਤਦ ਤੱਕ ਆਮ ਇਨਸਾਨ ਲਈ ਸਿਵਲ ਹਸਪਤਾਲ ਉਮੀਦ ਦਾ ਕੇਂਦਰ ਨਹੀਂ, ਸਗੋਂ ਮਜ਼ਬੂਰੀ ਬਣਿਆ ਰਹੇਗਾ। ਇੱਕ ਸਿਹਤਮੰਦ ਮਰੀਜ਼ ਲਈ ਸਿਹਤਮੰਦ ਵਾਤਾਵਰਣ ਬਹੁਤ ਜ਼ਰੂਰੀ ਹੈ, ਕਿਉਂਕਿ ਇਲਾਜ ਸਿਰਫ਼ ਦਵਾਈ ਨਾਲ ਨਹੀਂ, ਸਾਫ਼-ਸੁਥਰੇ ਮਾਹੌਲ ਨਾਲ ਵੀ ਹੁੰਦਾ ਹੈ।

**- ਰੱਜੀ, ਸਰਹਿੰਦ**

# ਜਨਤਕ ਸਿਹਤ ਨੂੰ ਮਜ਼ਬੂਤ ਬਣਾਉਣਾ: ਕਿਫਾਇਤੀ ਅਤੇ ਗੁਣਵੱਤਾ ਵਾਲੀਆਂ ਜੈਨੇਰਿਕ ਦਵਾਈਆਂ ਲਈ ਜਨ ਔਸ਼ਧੀ ਪ੍ਰੋਜੈਕਟ ਦਾ ਰਣਨੀਤਕ ਵਿਕਾਸ

ਕਿਸੇ ਰਾਸ਼ਟਰ ਦੀ ਪ੍ਰਗਤੀ ਦਾ ਅਸਲ ਪੈਮਾਨਾ ਅਕਸਰ ਇਸ ਗੱਲ ਵਿੱਚ ਝਲਕਦਾ ਹੈ ਕਿ ਉਸ ਦੇ ਨਾਗਰਿਕ ਸਿਹਤ ਸੇਵਾ ਵਰਗੀਆਂ ਬੁਨਿਆਦੀ ਜ਼ਰੂਰਤਾਂ ਤੱਕ ਕਿੰਨੀ ਆਸਾਨੀ ਨਾਲ ਪਹੁੰਚ ਸਕਦੇ ਹਨ ਦਹਾਕਿਆਂ ਤੱਕ, ਭਾਰਤ ਦੇ ਲੱਖਾਂ ਲੋਕਾਂ ਦੀ ਸਿਹਤ ਅਤੇ ਆਰੋਗਯ ਲਈ ਦਵਾਈਆਂ ਦੀ ਉੱਚ ਲਾਗਤ ਇੱਕ ਮੁੱਖ ਵਿੱਤੀ ਰੁਕਾਵਟ ਰਹੀ ਹੈ ਇਸ ਸੰਦਰਭ ਵਿੱਚ, ਪ੍ਰਧਾਨ ਮੰਤਰੀ ਭਾਰਤੀਯ ਜਨਔਸ਼ਧੀ ਪਰਿਯੋਜਨਾ (ਪੀਐੱਮਬੀਜੇਪੀ), ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਗੁਣਵੱਤਾ ਵਾਲੀਆਂ ਜੈਨੇਰਿਕ ਦਵਾਈਆਂ ਨੂੰ ਉਨ੍ਹਾਂ ਦੇ ਬ੍ਰਾਂਡਿਡ ਹਮਰੁਤਬੇ ਦੀ ਤੁਲਨਾ ਵਿੱਚ ਕਾਫ਼ੀ ਘੱਟ ਕੀਮਤ 'ਤੇ ਉਪਲਬਧ ਕਰਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਪਹਿਲ ਹੈ ਇਹ ਪ੍ਰੋਜੈਕਟ ਜਨਤਕ ਸਿਹਤ ਦੇਖਭਾਲ ਵਿੱਚ ਇੱਕ ਮਹੱਤਵਪੂਰਨ ਪਾੜੇ ਨੂੰ ਦੂਰ ਕਰਕੇ ਇੱਕ ਵਿਆਪਕ ਅਤੇ ਵਿਵਸਥਿਤ ਪਰਿਵਰਤਨ ਲਿਆਉਣ ਵਿੱਚ ਸਫਲ ਰਹੀ ਹੈ ਵਿਸ਼ਵ ਪੱਧਰ 'ਤੇ, ਜੈਨੇਰਿਕ ਦਵਾਈਆਂ ਸੁਲੱਭ ਸਿਹਤ ਦੇਖਭਾਲ ਪ੍ਰਣਾਲੀ ਦਾ ਬੁਨਿਆਦੀ ਨੀਂਹ ਪੱਥਰ ਹੈ ਵਿਸ਼ਵ ਭਰ ਵਿੱਚ ਡਾਕਟਰਾਂ ਵੱਲੋਂ ਦਿੱਤੀਆਂ ਜਾਣ ਵਾਲੀਆਂ ਕੁੱਲ ਦਵਾਈਆਂ ਵਿੱਚ ਇਨ੍ਹਾਂ ਦੀ ਹਿੱਸੇਦਾਰੀ ਲਗਭਗ 80-90% ਹੈ ਅਤੇ ਇਸ ਨੇ ਜ਼ਰੂਰੀ ਦਵਾਈਆਂ ਤੱਕ ਪਹੁੰਚ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ ਹਾਲਾਂਕਿ ਜੈਨੇਰਿਕ ਦਵਾਈਆਂ ਪੈਕੇਜ, ਲੇਬਲ ਅਤੇ ਅਕਿਰਿਆਸ਼ੀਲ ਅੰਗਾਂ ਦੀ ਦ੍ਰਿਸ਼ਟੀ ਨਾਲ ਵੱਖ ਹੋ ਸਕਦੀਆਂ ਹਨ, ਪਰ ਖੋਜ ਤੋਂ ਪਤਾ ਚੱਲਿਆ ਹੈ ਕਿ ਇਹ ਅੰਤਰ ਉਨ੍ਹਾਂ ਦੇ ਇਲਾਜ ਸੰਬੰਧੀ ਪ੍ਰਭਾਵ 'ਤੇ ਅਸਰ ਨਹੀਂ ਪਾਉਂਦੇ ਹਨ ਖੁਰਾਕ, ਸੁਰੱਖਿਆ, ਸਮਰੱਥਾ, ਗੁਣਵੱਤਾ ਅਤੇ ਟੀਚਾਬੱਧ ਵਰਤੋਂ ਦੇ ਸੰਦਰਭ ਵਿੱਚ ਜੈਨੇਰਿਕ ਦਵਾਈਆਂ ਬ੍ਰਾਂਡੇਡ ਦਵਾਈਆਂ ਦੇ ਬਰਾਬਰ ਹਨ ਅਤੇ ਉਤਪਾਦਨ ਅਤੇ ਗੁਣਵੱਤਾ ਦੇ ਸਖ਼ਤ ਮਾਪਦੰਡਾਂ ਦਾ ਇੱਕੋ ਜਿਹੇ ਰੂਪ ਵਿੱਚ ਪਾਲਣਾ ਕਰਦੀਆਂ ਹਨ ਪੀਐੱਮਬੀਜੇਪੀ ਸਿਰਫ਼ ਇੱਕ ਖੁਦਰਾ-ਵਿਕਰੀ ਪ੍ਰੋਗਰਾਮ ਨਹੀਂ ਹੈ; ਇਹ ਭਾਰਤ ਦੀ ਸਿਹਤ ਸੇਵਾ ਪ੍ਰਣਾਲੀ ਦੇ ਢਾਂਚਾਗਤ ਸਸ਼ਕਤੀਕਰਣ ਨੂੰ ਦਰਸਾਉਂਦਾ ਹੈ ਇਹ ਇਸ ਸਾਲ ਦੇ ਜਨਔਸ਼ਧੀ ਹਫ਼ਤੇ ਦੇ ਥੀਮ ਵਿੱਚ ਝਲਕਦਾ ਹੈ, ਜਨ ਔਸ਼ਧੀ ਸਸਤੀ ਵੀ, ਭਰੋਸੇਮੰਦ ਵੀ, ਸਿਹਤ ਦੀ ਗੱਲ, ਬੱਚਤ ਨਾਲ, ਇਹ ਥੀਮ ਲੱਖਾਂ ਲਾਭਪਾਤਰੀਆਂ ਨਾਲ ਡੂੰਘਾਈ ਨਾਲ ਗੂੰਜਦੀ ਹੈ 18,000 ਤੋਂ ਵੱਧ ਜਨਔਸ਼ਧੀ ਕੇਂਦਰਾਂ ਦੇ ਤੇਜ਼ੀ ਨਾਲ ਵਧ ਰਹੇ ਨੈੱਟਵਰਕ ਰਾਹੀਂ, ਯੋਜਨਾ ਨੇ ਯਕੀਨੀ ਬਣਾਇਆ ਹੈ ਕਿ ਦਵਾਈਆਂ ਬਜ਼ਾਰ ਦਰਾਂ ਦੇ ਮੁਕਾਬਲੇ 50% ਤੋਂ 80% ਤੱਕ ਘੱਟ ਕੀਮਤਾਂ 'ਤੇ ਉਪਲਬਧ ਹੋਣ ਅਤੇ ਸਾਰੇ ਸਮਾਜਿਕ-ਆਰਥਿਕ ਪਿਛੋਕੜ ਵਾਲੇ ਪਰਿਵਾਰਾਂ ਨੂੰ ਸਹਿਯੋਗ ਪ੍ਰਦਾਨ ਕਰਦੀਆਂ ਹੋਣ ਖੇਤਰੀ ਸਰਵੇਖਣਾਂ ਤੋਂ ਪਤਾ ਚੱਲਿਆ ਹੈ ਕਿ ਲਾਭਪਾਤਰੀ ਲਾਗਤ ਬੱਚਤ ਅਤੇ ਦਵਾਈਆਂ ਤੱਕ ਬਿਹਤਰ ਪਹੁੰਚ ਦੀ ਸ਼ਲਾਘਾ ਕਰਦੇ ਹਨ ਯੋਜਨਾ ਦਾ ਪੈਮਾਨਾ ਇਸ ਦੇ ਉਤਪਾਦ ਸੰਗ੍ਰਹਿ ਤੋਂ ਵੀ ਪ੍ਰਤੀਬਿੰਬਤ ਹੁੰਦਾ ਹੈ ਜਨਔਸ਼ਧੀ 2,110 ਦਵਾਈਆਂ ਅਤੇ 315 ਸਰਜੀਕਲ ਉਤਪਾਦਾਂ ਦਾ ਵਿਸ਼ਾਲ ਸੰਗ੍ਰਹਿ ਪੇਸ਼ ਕਰਦਾ ਹੈ, ਜੋ 29 ਵੱਖ-ਵੱਖ ਇਲਾਜ ਖੇਤਰਾਂ ਨੂੰ ਸ਼ਾਮਲ ਕਰਦਾ ਹੈ ਭਾਰਤੀ ਔਸ਼ਧੀ ਅਤੇ ਚਿਕਿਤਸਾ ਉਪਕਰਣ ਬਿਊਰੋ (ਪੀਐੱਮਬੀਆਈ) ਦੀ ਸਿੱਧੀ ਨਿਗਰਾਨੀ ਹੇਠ, ਸੰਗ੍ਰਹਿ ਦਾ ਵਿਸਥਾਰ ਇੱਕ ਗਤੀਸ਼ੀਲ, ਡੇਟਾ-ਸੰਚਾਲਿਤ ਪ੍ਰਕਿਰਿਆ ਹੈ, ਜਿਸ ਵਿੱਚ ਬਜ਼ਾਰ ਵਿਸ਼ਲੇਸ਼ਣ,




ਹਿਤਧਾਰਕਾਂ ਦੀ ਭਾਗੀਦਾਰੀ ਅਤੇ ਇੱਕ ਸਮਰਪਿਤ ਮਾਹਰ ਕਮੇਟੀ ਦੀ ਸਖ਼ਤ ਨਿਗਰਾਨੀ ਸ਼ਾਮਲ ਹੈ ਇਸ ਨਾਲ ਇਹ ਯਕੀਨੀ ਹੁੰਦਾ ਹੈ ਕਿ ਯੋਜਨਾ ਦੇਸ਼ ਦੀਆਂ ਬਦਲਦੀਆਂ ਸਿਹਤ ਜ਼ਰੂਰਤਾਂ ਅਤੇ ਔਸ਼ਧੀ ਮੰਗਾਂ ਦੇ ਅਨੁਰੂਪ ਵਿਕਸਿਤ ਹੁੰਦੀ ਰਹੇ

ਸਖ਼ਤ ਰੈਗੂਲੇਟਰੀ ਨਿਗਰਾਨੀ ਦੇ ਨਾਲ, ਭਾਰਤੀ ਦਵਾ ਕੰਪਨੀਆਂ 200 ਤੋਂ ਵੱਧ ਦੇਸ਼ਾਂ ਲਈ ਭਰੋਸੇਮੰਦ ਸਪਲਾਇਰ ਬਣ ਗਈਆਂ ਹਨ, ਜਿਸ ਵਿੱਚ ਅਮਰੀਕਾ, ਯੂਕੇ ਅਤੇ ਯੂਰੋਪੀਅਨ ਯੂਨੀਅਨ ਵਰਗੇ ਵਧੇਰੇ ਨਿਯਮਿਤ ਬਜ਼ਾਰ ਵੀ ਸ਼ਾਮਲ ਹਨ ਭਾਰਤੀ ਦਵਾ ਕੰਪਨੀਆਂ ਲੈਟਿਨ ਅਮਰੀਕਾ, ਅਫਰੀਕਾ ਅਤੇ ਪੂਰਬੀ ਯੂਰਪ ਵਰਗੇ ਉਭਰ ਰਹੇ ਬਜ਼ਾਰਾਂ ਵਿੱਚ ਵੀ ਵਿਸਥਾਰ ਕਰ ਰਹੀਆਂ ਹਨ

ਇਹ ਉਦਯੋਗ ਜੈਵਿਕ ਦਵਾਈਆਂ ਵਰਗੀਆਂ ਦਵਾਈਆਂ (ਬਾਇਓਸਿਮਿਲਰ), ਜੈਵਿਕ ਦਵਾਈਆਂ ਦੇ ਜੈਨੇਰਿਕ ਫਾਰਮੈਟਾਂ 'ਤੇ ਵੀ ਧਿਆਨ ਕੇਂਦ੍ਰਿਤ ਕਰ ਰਿਹਾ ਹੈ, ਨਾਲ ਹੀ ਜਟਿਲ ਜੈਨੇਰਿਕ ਅਤੇ ਵਿਸ਼ੇਸ਼ ਦਵਾਈਆਂ ਦਾ ਉਤਪਾਦਨ ਕਰਨ ਲਈ ਖੋਜ ਅਤੇ ਵਿਕਾਸ ਵਿੱਚ ਵੀ ਵਧੇਰੇ ਨਿਵੇਸ਼ ਕਰ ਰਿਹਾ ਹੈ ਇਹ ਦੂਰਦਰਸ਼ੀ ਪ੍ਰੋਗਰਾਮ ਭਾਰਤ ਨੂੰ ਨਾ ਸਿਰਫ਼ ਇੱਕ ਆਲਮੀ ਉਤਪਾਦਨ ਕੇਂਦਰ ਵਜੋਂ, ਸਗੋਂ ਕਿਫਾਇਤੀ ਦਵਾਈਆਂ ਦੇ ਖੇਤਰ ਵਿੱਚ ਭਵਿੱਖ ਦੇ ਨਵੀਨਤਾ ਮੋਹਰੀ ਦੇਸ਼ ਵਜੋਂ ਵੀ ਸਥਾਪਿਤ ਕਰਦੇ ਹਨ

ਗੁਣਵੱਤਾ ਬਨਾਮ ਮੁੱਲ 'ਤੇ ਬਹਿਸ ਕਦੇ-ਕਦੇ ਜਨਤਕ ਧਾਰਨਾ ਨੂੰ ਪ੍ਰਭਾਵਿਤ ਕਰਦੀ ਹੈ ਇੱਕ ਬਹੁ-ਪੱਧਰੀ ਗੁਣਵੱਤਾ ਭਰੋਸਾ ਵਿਵਸਥਾ ਰਾਹੀਂ, ਪੀਐੱਮਬੀਜੇਪੀ ਨੇ ਇਸ ਮਿਥਿਹਾਸ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਤੋੜ ਦਿੱਤਾ ਹੈ ਕਿ ਕਿਫਾਇਤੀ ਹੋਣਾ ਨਿਰਮਾਣ ਮਿਆਰਾਂ ਵਿੱਚ ਸਮਝੌਤੇ ਦਾ ਸੰਕੇਤ ਦਿੰਦਾ ਹੈ ਦਵਾਈਆਂ ਡਬਲਿਊਐੱਚਓ-ਜੀਐੱਮਪੀ ਪ੍ਰਮਾਣਿਤ ਨਿਰਮਾਤਾਵਾਂ ਤੋਂ ਖਰੀਦੀਆਂ ਜਾਂਦੀਆਂ ਹਨ, ਜੋ ਆਲਮੀ ਉਤਪਾਦਨ ਮਿਆਰਾਂ ਦੀ ਪਾਲਣਾ ਨੂੰ ਯਕੀਨੀ ਬਣਾਉਂਦੀਆਂ ਹਨ ਨਿਯਮ ਨਿਰਧਾਰਿਤ ਕਰਦੇ ਹਨ ਕਿ ਫਾਰਮੇਸੀ ਦੀ ਸ਼ੈਲਫ ਤੱਕ ਪਹੁੰਚਣ ਤੋਂ ਪਹਿਲਾਂ ਦਵਾਈ ਦੇ ਹਰ ਬੈਚ ਦੀ ਟੈਸਟਿੰਗ ਅਤੇ ਕੈਲੀਬ੍ਰੇਸ਼ਨ ਪ੍ਰਯੋਗਸ਼ਾਲਾਵਾਂ ਲਈ ਰਾਸ਼ਟਰੀ ਮਾਨਤਾ ਬੋਰਡ (ਐੱਨਏਬੀਐੱਲ) ਦੁਆਰਾ ਮਨਜ਼ੂਰਸ਼ੁਦਾ ਪ੍ਰਯੋਗਸ਼ਾਲਾਵਾਂ ਵਿੱਚ ਸਖਤੀ ਨਾਲ ਤਸਦੀਕ ਹੋਣ ਲਾਜ਼ਮੀ ਹੈ ਇਹ ਦਵਾਈਆਂ ਡਰੱਗਸ ਐਂਡ ਕੌਸਮੈਟਿਕਸ ਐਕਟ, 1940 ਦੇ ਨਿਯਮਾਂ ਦੀ ਪਾਲਣਾ ਕਰਦੀਆਂ ਹਨ ਅਤੇ ਬ੍ਰਾਂਡਿਡ ਵਿਕਲਪਾਂ ਦੇ ਸੁਰੱਖਿਆ ਅਤੇ ਪ੍ਰਭਾਵਸ਼ੀਲਤਾ ਮਿਆਰਾਂ ਦੇ ਅਨੁਸਾਰ ਹਨ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਖਰੀਦ ਤੋਂ ਪਹਿਲਾਂ ਸਾਵਧਾਨੀਪੂਰਵਕ ਸਮੀਖਿਆ ਕੀਤੀ ਜਾਂਦੀ ਹੈ ਅਤੇ ਖਰੀਦ ਤੋਂ ਬਾਅਦ ਪ੍ਰਯੋਗਸ਼ਾਲਾ ਵਿੱਚ ਟੈਸਟਿੰਗ ਕੀਤੀ ਜਾਂਦੀ ਹੈ ਪ੍ਰੋਜੈਕਟ ਦੀ ਲਾਗੂਕਰਨ ਏਜੰਸੀ, ਪੀਐੱਮਬੀਆਈ ਨਿਯਮਿਤ ਤੌਰ 'ਤੇ ਦਵਾਈਆਂ ਦੀ ਗੁਣਵੱਤਾ ਦੀ ਨਿਗਰਾਨੀ ਅਤੇ ਸਮੀਖਿਆ ਕਰਦੀ ਹੈ, ਤਾਂ ਜੋ ਸਥਾਪਿਤ ਨਿਯਮਾਂ ਦੀ ਪਾਲਣਾ ਵਿੱਚ ਕੋਈ ਢਿੱਲ ਨਾ ਹੋਣਾ ਯਕੀਨੀ ਬਣਾਇਆ ਜਾ ਸਕੇ

ਇੱਕ ਆਈਟੀ-ਸੰਚਾਲਿਤ ਵੰਡ ਨੈੱਟਵਰਕ, ਜਿਸ ਨੂੰ ਪੰਜ ਅਤਿ-ਆਧੁਨਿਕ ਵੇਅਰਹਾਊਸਾਂ ਅਤੇ 41 ਵਿਸ਼ੇਸ਼ ਵਿਤਰਕਾਂ ਦੁਆਰਾ ਸਮਰਥਨ ਪ੍ਰਾਪਤ ਹੈ, ਨੇ ਇਹ ਯਕੀਨੀ ਬਣਾਇਆ ਹੈ ਕਿ ਸਪਲਾਈ ਚੇਨ ਰੁਕਾਵਟਾਂ ਦੇ ਵਿਰੁੱਧ ਲਚਕਦਾਰ ਬਣੀ ਰਹੇ

ਤਿੰਨ ਥੰਮ੍ਹਾਂ - ਪਹੁੰਚ, ਗੁਣਵੱਤਾ ਅਤੇ ਸਸਤੀ ਕੀਮਤ -'ਤੇ ਧਿਆਨ ਕੇਂਦ੍ਰਿਤ ਕਰਕੇ, ਪੀਐੱਮਬੀਜੇਪੀ ਨੇ ਲੱਖਾਂ ਲੋਕਾਂ ਨੇ ਇਲਾਜ ਦੇ ਖਰਚ ਨੂੰ ਕਾਫੀ ਹੱਦ ਤੱਕ ਘਟਾ ਦਿੱਤਾ ਹੈ ਨਿਰੰਤਰ ਸੰਸਥਾਗਤ ਸਮਰਥਨ, ਲੋਕਾਂ ਦੀ ਵਧਦੀ ਜਾਗਰੂਕਤਾ ਅਤੇ ਬੁਨਿਆਦੀ ਢਾਂਚੇ ਵਿੱਚ ਸੁਧਾਰਾਂ ਦੇ ਨਾਲ, ਹਰ ਜ਼ਿਲ੍ਹੇ ਵਿੱਚ ਜਨ ਔਸ਼ਧੀ ਕੇਂਦਰ ਦਾ ਸੁਪਨਾ ਹੁਣ ਦੂਰ ਦੀ ਇੱਛਾ ਨਹੀਂ ਰਿਹਾ, ਸਗੋਂ ਇਹ ਠੋਸ ਰੂਪ ਲੈ ਚੁੱਕਾ ਹੈ ਅਤੇ ਅਸਲੀਅਤ ਦੇ ਨੇੜੇ ਹੈ

'ਵਿਕਸਿਤ ਭਾਰਤ@2047' ਵਿਜ਼ਨ ਦੇ ਤਹਿਤ ਮੁੱਖ ਧਿਆਨ ਇਸ ਗੱਲ 'ਤੇ ਹੈ ਕਿ ਹਰ ਕਿਸੇ ਲਈ ਇੱਕ ਮਜ਼ਬੂਤ, ਨਿਆਂਸੰਗਤ ਅਤੇ ਕਿਫਾਇਤੀ ਸਿਹਤ ਸੰਭਾਲ ਪ੍ਰਣਾਲੀ ਬਣਾਈ ਜਾਵੇ ਇਸ ਵਿੱਚ ਬਿਹਤਰ ਹਸਪਤਾਲ, ਘੱਟ ਮੈਡੀਕਲ ਖਰਚ, ਇਲਾਜ ਤੱਕ ਅਸਾਨ ਪਹੁੰਚ ਅਤੇ ਸਸਤੀਆਂ ਦਵਾਈਆਂ ਦੀ ਉਪਲਬਧਤਾ ਸ਼ਾਮਲ ਹਨ ਬਹੁ-ਖੇਤਰੀ ਸਹਿਯੋਗਾਂ ਰਾਹੀਂ, ਪੀਐੱਮਬੀਜੇਪੀ ਨੇ ਇਹ ਸਾਬਤ ਕੀਤਾ ਹੈ ਕਿ ਸਹੀ ਸੰਸਥਾਗਤ ਵਿਜ਼ਨ ਨਾਲ, ਸਿਹਤ ਸੰਭਾਲ ਉੱਚ ਗੁਣਵੱਤਾ ਯੁਕਤ ਅਤੇ ਵਿਸ਼ਵਵਿਆਪੀ ਤੌਰ 'ਤੇ ਪਹੁੰਚਯੋਗ ਦੋਵੇਂ ਹੋ ਸਕਦੀ ਹੈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਇਹ ਪ੍ਰੋਜੈਕਟ ਪ੍ਰਗਤੀ ਕਰਦਾ ਰਹੇ ਅਤੇ ਕਿਫਾਇਤੀ ਸਿਹਤ ਸੰਭਾਲ ਦੇ ਗਲੋਬਲ ਮਾਡਲ ਵਜੋਂ ਆਪਣੀ ਸਥਿਤੀ ਨੂੰ ਨਿਰੰਤਰ ਬਣਾਏ ਰੱਖੇ



**- ਸ਼੍ਰੀ ਜਗਤ ਪ੍ਰਕਾਸ਼ ਨੱਡਾ**

**(ਲੇਖਕ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਅਤੇ ਰਸਾਇਣ ਅਤੇ ਖਾਦ ਮੰਤਰੀ ਹਨ)**

# ਦੇਖਭਾਲ ਨਾਲ ਜੁੜੀ ਆਰਥਿਕਤਾ: ਮਹਿਲਾਵਾਂ ਦੀ ਅਗਵਾਈ ਵਾਲੇ ਵਿਕਾਸ ਦੀ ਢਾਂਚਾਗਤ ਨੀਂਹ

ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਉਂਦੇ ਹੋਏ, ਅਸੀਂ ਨਾ ਸਿਰਫ਼ ਭਾਰਤ ਦੀਆਂ ਮਹਿਲਾਵਾਂ ਦੀਆਂ ਪ੍ਰਾਪਤੀਆਂ ਦਾ ਸਨਮਾਨ ਕਰਦੇ ਹਾਂ, ਸਗੋਂ ਉਨ੍ਹਾਂ ਦੀ ਲਗਨ, ਪਾਲਣ-ਪੋਸ਼ਣ, ਦ੍ਰਿੜ ਇਰਾਦੇ ਅਤੇ ਪਰਿਵਰਤਨਸ਼ੀਲ ਭਾਵਨਾ ਦਾ ਵੀ ਸਨਮਾਨ ਕਰਦੇ ਹਾਂ। ਮਹਿਲਾ ਦਿਵਸ ਸਿਰਫ਼ ਕੈਲੰਡਰ 'ਤੇ ਇੱਕ ਤਾਰੀਖ ਨਹੀਂ ਹੈ, ਸਗੋਂ ਇਹ ਇਸ ਗੱਲ ਦੀ ਪੁਸ਼ਟੀ ਹੈ ਕਿ ਭਾਰਤ ਦੀ ਵਿਕਾਸ ਯਾਤਰਾ ਵਿੱਚ ਮਹਿਲਾਵਾਂ ਦੀ ਭੂਮਿਕਾ ਪੈਰੀਫਿਰਲ ਵਿੱਚ ਨਹੀਂ, ਸਗੋਂ ਕੇਂਦਰ ਵਿੱਚ ਰਹੀ ਹੈ। ਸਾਡੀਆਂ ਮਹਿਲਾਵਾਂ ਸਿਰਫ ਸੰਸਥਾਵਾਂ ਅਤੇ ਬੋਰਡਰੂਮਾਂ ਤੱਕ ਸੀਮਤ ਨਹੀਂ ਹਨ; ਉਹ ਵਿਹੜਿਆਂ, ਖੇਤਾਂ, ਪ੍ਰਯੋਗਸ਼ਾਲਾਵਾਂ, ਕਲਾਸਰੂਮਾਂ, ਸੁਰੱਖਿਆ ਬਲਾਂ ਅਤੇ ਪ੍ਰਸ਼ਾਸਨਿਕ ਪ੍ਰਣਾਲੀਆਂ ਵਿੱਚ ਲੀਡਰਸ਼ਿਪ ਦਾ ਇੱਕ ਨਵਾਂ ਅਧਿਆਇ ਲਿਖ ਰਹੀਆਂ ਹਨ।

ਉੱਚ ਸਿੱਖਿਆ ਵਿੱਚ ਮਹਿਲਾਵਾਂ ਦੀ ਭਾਗੀਦਾਰੀ ਲਗਾਤਾਰ ਵਧ ਰਹੀ ਹੈ। ਵਿਗਿਆਨ, ਤਕਨਾਲੋਜੀ, ਇੰਜੀਨੀਅਰਿੰਗ ਅਤੇ ਗਣਿਤ (ਸਟੈੱਮ) ਦੇ ਖੇਤਰਾਂ ਵਿੱਚ ਨਵੀਆਂ ਪ੍ਰਾਪਤੀਆਂ ਕਰ ਰਹੀਆਂ ਹਨ। ਰੱਖਿਆ ਸੇਵਾਵਾਂ ਵਿੱਚ ਮਹਿਲਾ ਅਧਿਕਾਰੀ ਵਿਲੱਖਣਤਾ ਨਾਲ ਪ੍ਰਦਰਸ਼ਨ ਕਰ ਰਹੀਆਂ ਹਨ - ਲੜਾਕੂ ਜਹਾਜ਼ ਉਡਾਉਣ ਤੋਂ ਲੈ ਕੇ ਰਾਸ਼ਟਰੀ ਰੱਖਿਆ ਅਕੈਡਮੀ ਵਿੱਚ ਸਿਖਲਾਈ ਤੱਕ, ਉਹ ਨਵੀਆਂ ਦਿਸ਼ਾਵਾਂ ਦਾ ਵਿਸਥਾਰ ਕਰ ਰਹੀਆਂ ਹਨ।

ਇਤਿਹਾਸ ਭਾਰਤੀ ਮਹਿਲਾਵਾਂ ਦੀ ਤਾਕਤ ਦਾ ਗਵਾਹ ਹੈ। ਰਾਣੀ ਲਕਸ਼ਮੀਬਾਈ ਨੇ ਨਿਡਰਤਾ ਨਾਲ ਆਪਣੇ ਦੇਸ਼ ਦੀ ਰੱਖਿਆ ਕੀਤੀ। ਸਾਵਿਤ੍ਰੀਬਾਈ ਫੂਲੇ ਨੇ ਸਮਾਜਿਕ ਨਿਯਮਾਂ ਨੂੰ ਚੁਣੌਤੀ ਦਿੱਤੀ ਅਤੇ ਕੁੜੀਆਂ ਦੀ ਸਿੱਖਿਆ ਦੀ ਅਗਵਾਈ ਕੀਤੀ। ਦੇਵੀ ਅਹਿਲਿਆਬਾਈ ਹੋਲਕਰ ਨੇ ਬੁੱਧੀ ਅਤੇ ਦਇਆ ਨਾਲ ਜਨਤਕ ਭਲਾਈ ਨੂੰ ਸ਼ਾਸਨ ਦੇ ਕੇਂਦਰ ਵਿੱਚ ਰੱਖਿਆ। ਨੀਤੀ ਸੁਧਾਰ ਅਤੇ ਦ੍ਰਿੜਤਾ ਦੀ ਉਨ੍ਹਾਂ ਦੀ ਵਿਰਾਸਤ ਅੱਜ ਵੀ ਸਾਡਾ ਮਾਰਗਦਰਸ਼ਨ ਕਰਦੀ ਹੈ। ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਦੂਰਦਰਸ਼ੀ ਅਗਵਾਈ ਹੇਠ, ਭਾਰਤ ਮਹਿਲਾਵਾਂ ਨੂੰ ਸਿਰਫ਼ ਲਾਭਪਾਤਰੀ ਵਜੋਂ ਦੇਖਣ ਤੋਂ ਅੱਗੇ ਵਧ ਕੇ ਉਨ੍ਹਾਂ ਨੂੰ ਵਿਕਾਸ ਦੇ ਨੇਤਾਵਾਂ ਅਤੇ ਚਾਲਕਾਂ ਵਜੋਂ ਮਾਨਤਾ ਦੇਣ ਵੱਲ ਵਧਿਆ ਹੈ। ਮਹਿਲਾਵਾਂ ਦੀ ਅਗਵਾਈ ਵਾਲਾ ਵਿਕਾਸ ਹੁਣ ਇੱਕ ਇੱਛਾ ਨਹੀਂ ਰਹੀ - ਇਹ ਨੀਤੀ, ਸ਼ਾਸਨ ਅਤੇ ਰਾਸ਼ਟਰੀ ਤਰਜੀਹਾਂ ਵਿੱਚ ਪ੍ਰਤੀਬਿੰਬਤ ਹੁੰਦਾ ਹੈ।

ਸਮਾਜ ਦੀ ਹਰ ਪ੍ਰਤੱਖ ਪ੍ਰਾਪਤੀ ਦੇ ਪਿੱਛੇ, ਇੱਕ ਬੁਨਿਆਦੀ ਸ਼ਕਤੀ ਅਣਥੱਕ ਕੰਮ ਕਰਦੀ ਹੈ - ਦੇਖਭਾਲ ਦੀ ਅਰਥਵਿਵਸਥਾ (ਕੇਅਰ ਇਕੋਨੌਮੀ)। ਇਹੀ ਚੁੱਪ ਊਰਜਾ ਹੈ ਜੋ ਹਰ ਪਲ ਭਾਰਤ ਦੇ ਵਜੂਦ ਨੂੰ ਕਾਇਮ ਰੱਖਦੀ ਹੈ। ਇਹ ਇੱਕ ਮਾਂ ਦਾ ਸਮਰਪਣ ਹੈ ਜੋ ਸੂਰਜ ਚੜ੍ਹਨ ਤੋਂ ਪਹਿਲਾਂ ਆਪਣੇ ਅਜ਼ੀਜ਼ਾਂ ਲਈ ਚੁੱਲ੍ਹਾ ਜਗਾਉਂਦੀ ਹੈ ਅਤੇ ਫਿਰ ਰੋਜ਼ੀ-ਰੋਟੀ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਨਿਕਲ ਪੈਂਦੀ ਹੈ। ਇਹ ਉਸ ਪਤਨੀ ਦੀ ਅਟੱਲ ਵਫ਼ਾਦਾਰੀ ਹੈ ਜੋ ਸਭ ਤੋਂ ਔਖੇ ਸਮੇਂ ਵਿੱਚ ਵੀ, ਪਰਿਵਾਰ ਦੀ ਨੀਂਹ ਨੂੰ ਬਰਕਰਾਰ ਰੱਖਦੀ ਹੈ। ਉਹ ਧੀ ਜੋ ਪੂਰੇ ਦਿਨ ਦੇ ਕੰਮ ਨੂੰ ਰਾਤ ਨੂੰ ਬੁੱਢੇ ਮਾਪਿਆਂ ਦੀ ਦੇਖਭਾਲ ਨਾਲ ਸੰਤੁਲਿਤ ਕਰਦੀ ਹੈ। ਇਸ ਮਿਹਨਤ ਦਾ ਬਹੁਤ ਸਾਰਾ ਹਿੱਸਾ ਅਣਗੌਲਿਆ ਰਹਿ ਗਿਆ ਹੈ, ਫਿਰ ਵੀ ਇਹ ਚੁੱਪਚਾਪ ਸਾਡੇ ਘਰਾਂ, ਸਾਡੇ ਭਾਈਚਾਰਿਆਂ ਅਤੇ ਸਾਡੇ ਦੇਸ਼ ਨੂੰ ਸੰਭਾਲਦਾ ਹੈ। ਇਸ ਨੂੰ ਪਛਾਣਦੇ ਹੋਏ, ਸਰਕਾਰ ਸੰਮਲਿਤ ਵਿਕਾਸ ਦੀ ਨੀਂਹ ਵਜੋਂ ਦੇਖਭਾਲ ਦੇ ਕੰਮ ਦੀ ਕਦਰ ਕਰਨ, ਸਮਰਥਨ ਕਰਨ ਅਤੇ ਮਜ਼ਬੂਤ ਕਰਨ ਲਈ ਵਚਨਬੱਧ ਹੈ।



**ਸ਼੍ਰੀਮਤੀ ਅੰਨਪੂਰਨਾ ਦੇਵੀ**

ਭਾਰਤ ਦੀ ਮਹਿਲਾ ਕਿਰਤ ਸ਼ਕਤੀ ਭਾਗੀਦਾਰੀ ਦਰ (ਐੱਫਐੱਲਐੱਫਪੀਆਰ) ਵਿੱਚ ਕਾਫ਼ੀ ਵਾਧਾ ਹੋਇਆ ਹੈ, ਜੋ 2017-18 ਵਿੱਚ 23.3 ਪ੍ਰਤੀਸ਼ਤ ਸੀ ਜੋ 2023-24 ਵਿੱਚ 41.7 ਪ੍ਰਤੀਸ਼ਤ ਹੋ ਗਈ ਹੈ। ਇਹ ਅੰਕੜਾ ਭਾਰਤੀ ਮਹਿਲਾਵਾਂ ਦੀਆਂ ਵਧਦੀਆਂ ਇੱਛਾਵਾਂ ਅਤੇ ਆਰਥਿਕ ਗਤੀਵਿਧੀਆਂ ਵਿੱਚ ਉਨ੍ਹਾਂ ਦੇ ਵਧਦੇ ਦਬਦਬੇ ਨੂੰ ਦਰਸਾਉਂਦਾ ਹੈ। ਤਨਖਾਹ ਵਾਲੇ ਕੰਮ ਵਿੱਚ ਮਹਿਲਾਵਾਂ ਦੀ ਇਹ ਭਾਗੀਦਾਰੀ ਨਾ ਸਿਰਫ਼ ਘਰੇਲੂ ਖੁਸ਼ਹਾਲੀ ਦਾ ਅਧਾਰ ਬਣਦੀ ਹੈ ਬਲਕਿ ਰਾਸ਼ਟਰੀ ਉਤਪਾਦਕਤਾ ਨੂੰ ਵੀ ਨਵੀਆਂ ਉਚਾਈਆਂ ਤੱਕ ਪਹੁੰਚਾਉਂਦੀ ਹੈ।

ਇਹੀ ਕਾਰਨ ਹੈ ਕਿ ਕੇਂਦਰੀ ਬਜਟ 2026-27 'ਦੇਖਭਾਲ ਅਰਥਵਿਵਸਥਾ (ਕੇਅਰ ਇਕੋਨੌਮੀ)' ਨੂੰ ਮਜ਼ਬੂਤ ਕਰਨ 'ਤੇ ਵਿਸ਼ੇਸ਼ ਜ਼ੋਰ ਦਿੰਦਾ ਹੈ। 'ਮਹਿਲਾ-ਅਗਵਾਈ ਵਾਲੇ ਵਿਕਾਸ' ਪ੍ਰਤੀ ਸਾਡੀ ਅਟੁੱਟ ਵਚਨਬੱਧਤਾ ਇਤਿਹਾਸਕ 'ਜੈਂਡਰ ਬਜਟ' ਵਿੱਚ ਸਪੱਸ਼ਟ ਤੌਰ 'ਤੇ ਝਲਕਦੀ ਹੈ, ਜਿਸ ਦੀ ਵੰਡ 5 ਲੱਖ ਕਰੋੜ ਰੁਪਏ ਤੋਂ ਵੱਧ ਦੇ ਆਪਣੇ ਹੁਣ ਤੱਕ ਦੇ ਸਭ ਤੋਂ ਉੱਚੇ ਪੱਧਰ 'ਤੇ ਪਹੁੰਚ ਗਈ ਹੈ। ਸਰਕਾਰ ਦੇ ਸੰਪੂਰਨ ਦ੍ਰਿਸ਼ਟੀਕੋਣ ਦੇ ਤਹਿਤ, ਅਸੀਂ 1.5 ਲੱਖ ਦੇਖਭਾਲ ਕਰਨ ਵਾਲਿਆਂ ਦੇ ਹੁਨਰ ਵਿਕਾਸ ਵਿੱਚ ਨਿਵੇਸ਼ ਕਰ ਰਹੇ ਹਾਂ, ਕੰਮ ਕਰਨ ਵਾਲੀਆਂ ਮਹਿਲਾਵਾਂ ਦੇ ਹੋਸਟਲਾਂ ਦਾ ਵਿਸਥਾਰ ਕਰ ਰਹੇ ਹਾਂ ਅਤੇ ਆਂਗਣਵਾੜੀ ਕੇਂਦਰਾਂ ਨੂੰ ਆਧੁਨਿਕ ਬਣਾ ਕੇ ਬਚਪਨ ਦੀ ਦੇਖਭਾਲ ਨੂੰ ਯਕੀਨੀ ਬਣਾ ਰਹੇ ਹਾਂ। ਇਸ ਤੋਂ ਇਲਾਵਾ, ਸਿਹਤ ਅਤੇ ਪੋਸ਼ਣ ਪ੍ਰਣਾਲੀਆਂ ਦੇ ਤਾਲਮੇਲ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਇਹ ਸਾਰੇ ਯਤਨ ਇੱਕ ਸਪੱਸ਼ਟ ਰਾਜਨੀਤਿਕ ਅਤੇ ਨੈਤਿਕ ਵਚਨਬੱਧਤਾ ਨੂੰ ਦਰਸਾਉਂਦੇ ਹਨ - ਜਦੋਂ ਮਹਿਲਾਵਾਂ ਨੂੰ ਲੋੜੀਂਦਾ ਸਮਰਥਨ ਅਤੇ ਪਲੈਟਫਾਰਮ ਮਿਲਦਾ ਹੈ, ਤਾਂ ਪੂਰੀ ਆਰਥਿਕਤਾ ਤੇਜ਼ ਹੁੰਦੀ ਹੈ।

ਸਮਾਜਿਕ ਸੁਰੱਖਿਆ ਕੋਡ ਅਤੇ ਕਿੱਤਾਮੁਖੀ ਸੁਰੱਖਿਆ, ਸਿਹਤ ਅਤੇ ਕੰਮਕਾਜੀ ਸਥਿਤੀਆਂ ਕੋਡ ਵਰਗੇ ਕਾਨੂੰਨੀ ਢਾਂਚੇ ਬਾਲ ਦੇਖਭਾਲ ਕੇਂਦਰਾਂ ਅਤੇ ਕਰਮਚਾਰੀ ਭਲਾਈ ਲਈ ਪ੍ਰਬੰਧਾਂ ਨੂੰ ਮਜ਼ਬੂਤ ??ਕਰਦੇ ਹਨ। ਇਹ ਸੁਧਾਰ ਇੱਕ ਡੂੰਘੇ ਸਿਧਾਂਤ ਨੂੰ ਦਰਸਾਉਂਦੇ ਹਨ- ਬਾਲ ਦੇਖਭਾਲ ਸਹਾਇਤਾ ਇੱਕ ਸੈਕੰਡਰੀ ਵਿਕਲਪ ਜਾਂ ਸਹੂਲਤ ਨਹੀਂ ਹੈ, ਸਗੋਂ ਆਰਥਿਕ ਨਿਆਂ ਦੀ ਇੱਕ ਜ਼ਰੂਰੀ ਢਾਂਚਾਗਤ ਨੀਂਹ ਹੈ। ਸਾਡੀ ਸਰਕਾਰ ਮਹਿਲਾਵਾਂ ਅਤੇ ਬੱਚਿਆਂ ਨੂੰ ਜੋ ਦੇਸ਼ ਦੀ ਕੁੱਲ ਆਬਾਦੀ ਦਾ 65 ਪ੍ਰਤੀਸ਼ਤ ਤੋਂ ਵੱਧ ਹਨ, ਰਾਸ਼ਟਰੀ ਤਰਜੀਹਾਂ ਦੇ ਕੇਂਦਰ ਵਿੱਚ ਰੱਖਦੀ ਹੈ। ਇਸ ਲਈ, ਉਨ੍ਹਾਂ ਦੀ ਸੰਪੂਰਨ ਤੰਦਰੁਸਤੀ ਇੱਕ ਜ਼ਰੂਰੀ ਰਣਨੀਤਕ ਜ਼ਰੂਰਤ ਹੈ।

ਤੇਜ਼ ਸ਼ਹਿਰੀਕਰਨ, ਪ੍ਰਵਾਸ ਅਤੇ ਪ੍ਰਮਾਣੂ ਪਰਿਵਾਰਾਂ ਦੇ ਵਧਦੇ ਰੁਝਾਨ ਨੇ ਸਾਡੇ ਰਵਾਇਤੀ ਸਮਾਜਿਕ ਸਹਾਇਤਾ ਪ੍ਰਣਾਲੀਆਂ ਨੂੰ ਬੁਨਿਆਦੀ ਤੌਰ 'ਤੇ ਬਦਲ ਦਿੱਤਾ ਹੈ। ਗੈਰ-ਰਸਮੀ ਢਾਂਚਿਆਂ 'ਤੇ ਵਧਦੇ ਦਬਾਅ ਦੇ ਨਾਲ ਪਹੁੰਚਯੋਗ, ਕਿਫਾਇਤੀ, ਅਤੇ ਗੁਣਵੱਤਾ ਵਾਲੇ ਬਾਲ ਦੇਖਭਾਲ ਅਤੇ ਪਰਿਵਾਰਕ ਸੇਵਾਵਾਂ ਦੀ ਜ਼ਰੂਰਤ ਤੇਜ਼ੀ ਨਾਲ ਜ਼ਰੂਰੀ ਹੁੰਦੀ ਜਾ ਰਹੀ ਹੈ।

ਦੇਖਭਾਲ ਅਰਥਵਿਵਸਥਾ ਵਿੱਚ ਇੱਕੋ ਸਮੇਂ ਨਿਵੇਸ਼ ਕਰਨ ਨਾਲ ਕਈ ਰਾਸ਼ਟਰੀ ਟੀਚਿਆਂ ਨੂੰ ਮਜ਼ਬੂਤੀ ਮਿਲਦੀ ਹੈ। ਇਹ ਮਹਿਲਾ ਕਾਰਜਬਲ ਦੀ ਭਾਗੀਦਾਰੀ ਨੂੰ ਵਧਾਉਂਦਾ ਹੈ, ਬੱਚਿਆਂ ਦੇ ਵਿਕਾਸ ਦੇ ਨਤੀਜਿਆਂ ਵਿੱਚ ਸੁਧਾਰ ਕਰਦਾ ਹੈ, ਬਜ਼ੁਰਗਾਂ ਦੀ ਭਲਾਈ ਨੂੰ ਯਕੀਨੀ ਬਣਾਉਂਦਾ ਹੈ ਅਤੇ ਸਨਮਾਨਜਨਕ ਰੁਜ਼ਗਾਰ ਲਈ ਨਵੇਂ ਮੌਕੇ ਪੈਦਾ ਕਰਦਾ ਹੈ। ਦੇਖਭਾਲ ਪ੍ਰਣਾਲੀਆਂ ਦਾ ਸੰਸਥਾਗਤੀਕਰਨ ਅਤੇ ਪੇਸ਼ੇਵਰੀਕਰਨ ਮਹਿਲਾਵਾਂ ਨੂੰ ਸਸ਼ਕਤ ਬਣਾਉਂਦਾ ਹੈ, ਪਰਿਵਾਰਾਂ ਨੂੰ ਸਥਿਰਤਾ ਪ੍ਰਦਾਨ ਕਰਦਾ ਹੈ ਅਤੇ ਸਮੁੱਚੀ ਆਰਥਿਕਤਾ ਨੂੰ ਤੇਜ਼ ਕਰਦਾ ਹੈ।

ਜਿਵੇਂ-ਜਿਵੇਂ ਭਾਰਤ 'ਅੰਮ੍ਰਿਤਕਾਲ' ਤੋਂ 'ਵਿਕਸਿਤ ਭਾਰਤ 02047' ਵੱਲ ਵਧ ਰਿਹਾ ਹੈ, ਅਸੀਂ ਇਸ ਪਰਿਵਰਤਨਸ਼ੀਲ ਸੱਚਾਈ ਨੂੰ ਪਛਾਣ ਰਹੇ ਹਾਂ ਕਿ ਸਮਾਜਿਕ ਨੀਂਹਾਂ ਨੂੰ ਮਜ਼ਬੂਤ ਕੀਤੇ ਬਿਨਾਂ ਵਿਕਾਸ ਟਿਕਾਊ ਨਹੀਂ ਹੋ ਸਕਦਾ - ਅਤੇ ਦੇਖਭਾਲ ਅਰਥਵਿਵਸਥਾ ਉਹ ਜ਼ਰੂਰੀ ਨੀਂਹ ਹੈ। ਇਸ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ, ਅਸੀਂ ਦੇਖਭਾਲ ਦੇ ਅਦਿੱਖ ਕਿਰਤ ਦਾ ਸਤਿਕਾਰ ਕਰਨ ਅਤੇ ਸੰਸਥਾਗਤ ਤੌਰ 'ਤੇ ਸਸ਼ਕਤੀਕਰਨ ਕਰਨ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹਾਂ। 'ਮਹਿਲਾਵਾਂ ਦੀ ਅਗਵਾਈ ਵਾਲੇ ਵਿਕਸਤ ਭਾਰਤ' ਦਾ ਸਾਡਾ ਦ੍ਰਿਸ਼ਟੀਕੋਣ ਬੋਰਡਰੂਮਾਂ ਅਤੇ ਸੰਸਥਾਵਾਂ ਵਿੱਚ ਮਹਿਲਾਵਾਂ ਦੀ ਭਾਗੀਦਾਰੀ ਤੱਕ ਸੀਮਿਤ ਨਹੀਂ ਹੈ, ਸਗੋਂ ਮਜ਼ਬੂਤ ਦੇਖਭਾਲ ਪ੍ਰਣਾਲੀਆਂ 'ਤੇ ਅਧਾਰਤ ਹੈ ਜੋ ਮਹਿਲਾਵਾਂ ਦੇ ਵਿਕਲਪਾਂ, ਮਾਣ ਅਤੇ ਆਰਥਿਕ ਸੰਭਾਵਨਾਵਾਂ ਦਾ ਵਿਸਤਾਰ ਕਰਦੇ ਹਨ।

**(ਸ਼੍ਰੀਮਤੀ ਅੰਨਪੂਰਨਾ ਦੇਵੀ, ਭਾਰਤ ਸਰਕਾਰ ਦੀ ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਹਨ)**

# ਏਸ਼ੀਆ ਦੁਨੀਆ ਭਰ ਦੀਆਂ ਸਾਜ਼ਿਸ਼ਾਂ ਦਾ ਸ਼ਿਕਾਰ ਹੈ

ਏਸ਼ੀਆ ਦਾ ਭੂ-ਰਾਜਨੀਤਿਕ ਦ੍ਰਿਸ਼ ਸਦੀਆਂ ਤੋਂ ਟਕਰਾਅ, ਦਖਲਅੰਦਾਜ਼ੀ ਅਤੇ ਸਾਜ਼ਿਸ਼ਾਂ ਨਾਲ ਭਰਿਆ ਰਿਹਾ ਹੈ। ਇਹ ਮਹਾਂਦੀਪ ਨਾ ਸਿਰਫ਼ ਆਬਾਦੀ ਅਤੇ ਸੱਭਿਆਚਾਰ ਦਾ ਕੇਂਦਰ ਹੈ, ਸਗੋਂ ਕੁਦਰਤੀ ਸਰੋਤਾਂ ਦੇ ਮਾਮਲੇ ਵਿੱਚ ਵੀ ਦੁਨੀਆ ਦਾ ਸਭ ਤੋਂ ਅਮੀਰ ਖੇਤਰ ਮੰਨਿਆ ਜਾਂਦਾ ਹੈ। ਫਿਰ ਵੀ, ਵਿਅੰਗਾਤਮਕ ਤੌਰ 'ਤੇ, ਇਹੀ ਏਸ਼ੀਆ ਵਾਰ-ਵਾਰ ਯੁੱਧ, ਅਸਥਿਰਤਾ ਅਤੇ ਗਰੀਬੀ ਦੀਆਂ ਅੱਗਾਂ ਵਿੱਚ ਡੁੱਬਿਆ ਰਿਹਾ ਹੈ। ਭਾਵੇਂ ਇਹ ਈਰਾਨ-ਪਾਕਿਸਤਾਨ ਸਰਹੱਦ 'ਤੇ ਵਧਦਾ ਤਣਾਅ ਹੋਵੇ ਜਾਂ ਕੰਬੋਡੀਆ ਅਤੇ ਥਾਈਲੈਂਡ ਵਿਚਕਾਰ ਸਰਹੱਦੀ ਟਕਰਾਅ, ਇਹ ਘਟਨਾਵਾਂ ਸਿਰਫ਼ ਸੰਜੋਗ ਨਹੀਂ ਜਾਪਦੀਆਂ। ਇਨ੍ਹਾਂ ਦੇ ਪਿੱਛੇ, ਇੱਕ ਵਿਆਪਕ ਵਿਸ਼ਵਵਿਆਪੀ ਰਣਨੀਤੀ ਕੰਮ ਕਰ ਰਹੀ ਜਾਪਦੀ ਹੈ, ਜਿਸ ਵਿੱਚ ਬਾਹਰੀ ਸ਼ਕਤੀਆਂ ਏਸ਼ੀਆ ਨੂੰ ਅਸ਼ਾਂਤੀ ਵਿੱਚ ਰੱਖ ਕੇ ਆਪਣੇ ਹਿੱਤਾਂ ਦੀ ਪੈਰਵੀ ਕਰਦੀਆਂ ਹਨ। ਏਸ਼ੀਆ ਨੂੰ ਸੜਨ ਦਿਓ, ਅਤੇ ਵਿਕਸਤ ਦੇਸ਼ਾਂ ਦੇ ਖਜ਼ਾਨੇ ਭਰ ਜਾਣ - ਇਹ ਇਸ ਰਾਜਨੀਤੀ ਦਾ ਨੰਗਾ ਸੱਚ ਹੈ।

ਗਲੋਬਲ ਸਾਊਥ ਦੇ ਦੇਸ਼ ਸਰੋਤਾਂ ਨਾਲ ਭਰਪੂਰ ਹਨ ਪਰ ਫੈਸਲਾ ਲੈਣ ਦੀ ਸ਼ਕਤੀ ਦੀ ਘਾਟ ਹੈ। ਤੇਲ, ਗੈਸ, ਕੋਲਾ, ਦੁਰਲੱਭ ਖਣਿਜ, ਉਪਜਾਊ ਜ਼ਮੀਨ ਅਤੇ ਨੌਜਵਾਨ ਆਬਾਦੀ ਹੋਣ ਦੇ ਬਾਵਜੂਦ - ਇਹ ਦੇਸ਼ ਕਰਜ਼ੇ, ਬੇਰੁਜ਼ਗਾਰੀ ਅਤੇ ਅਸਥਿਰਤਾ ਵਿੱਚ ਫਸੇ ਹੋਏ ਹਨ। ਇਸਦਾ ਮੂਲ ਕਾਰਨ ਸਿਰਫ਼ ਅੰਦਰੂਨੀ ਕਮਜ਼ੋਰੀਆਂ ਨਹੀਂ ਹਨ, ਸਗੋਂ ਉਹ ਵਿਸ਼ਵ ਪ੍ਰਣਾਲੀ ਹੈ ਜੋ ਉਨ੍ਹਾਂ ਨੂੰ ਦਹਾਕਿਆਂ ਤੱਕ ਨਿਰਭਰ ਰੱਖਣ ਲਈ ਤਿਆਰ ਕੀਤੀ ਗਈ ਹੈ। ਵਿਕਸਤ ਦੇਸ਼ਾਂ ਨੇ ਬਸਤੀਵਾਦੀ ਸਮੇਂ ਦੌਰਾਨ ਜੋ ਲੁੱਟ ਸ਼ੁਰੂ ਕੀਤੀ ਸੀ ਉਹ ਅੱਜ ਵੀ ਨਵੇਂ ਰੂਪਾਂ ਵਿੱਚ ਜਾਰੀ ਹੈ - ਕਦੇ ਮੁਕਤ ਵਪਾਰ ਦੇ ਨਾਮ 'ਤੇ, ਕਦੇ ਲੋਕਤੰਤਰ ਅਤੇ ਮਨੁੱਖੀ ਅਧਿਕਾਰਾਂ ਦੀ ਆੜ ਵਿੱਚ।

ਈਰਾਨ-ਪਾਕਿਸਤਾਨ ਤਣਾਅ ਇਸਦੀ ਤਾਜ਼ਾ ਉਦਾਹਰਣ ਹੈ। ਈਰਾਨ 'ਤੇ ਲੰਬੇ ਸਮੇਂ ਤੋਂ ਚੱਲ ਰਹੀਆਂ ਪਾਬੰਦੀਆਂ ਨੇ ਇਸਦੀ ਆਰਥਿਕਤਾ ਨੂੰ ਕਮਜ਼ੋਰ ਕਰ ਦਿੱਤਾ ਹੈ, ਜਦੋਂ ਕਿ ਪਾਕਿਸਤਾਨ ਵਿਦੇਸ਼ੀ ਕਰਜ਼ੇ ਅਤੇ ਆਰਥਿਕ ਦਬਾਅ ਹੇਠ ਜੀ ਰਿਹਾ ਹੈ। ਸਿੱਟੇ ਵਜੋਂ, ਵਧਦਾ ਸਰਹੱਦੀ ਤਣਾਅ ਹੁਣ ਸਿਰਫ਼ ਇੱਕ ਸਥਾਨਕ ਮੁੱਦਾ ਨਹੀਂ ਰਿਹਾ।

ਬਲੋਚਿਸਤਾਨ ਵਰਗੇ ਸੰਵੇਦਨਸ਼ੀਲ ਖੇਤਰਾਂ ਵਿੱਚ ਅਸਥਿਰਤਾ ਦੋਵਾਂ ਦੇਸ਼ਾਂ ਨੂੰ ਇੱਕ ਦੂਜੇ ਦੇ ਵਿਰੁੱਧ ਖੜ੍ਹਾ ਕਰ ਸਕਦੀ ਹੈ। ਜੇਕਰ ਇਹ ਤਣਾਅ ਵਧਦਾ ਹੈ, ਤਾਂ ਦੱਖਣੀ ਏਸ਼ੀਆ ਅਤੇ ਪੱਛਮੀ ਏਸ਼ੀਆ ਵਿੱਚ ਊਰਜਾ ਮਾਰਗਾਂ ਵਿੱਚ ਵਿਘਨ ਪਵੇਗਾ। ਤੇਲ ਅਤੇ ਗੈਸ ਦੀਆਂ ਕੀਮਤਾਂ ਵਧਣਗੀਆਂ, ਜਿਸਦਾ ਸਿੱਧਾ ਫਾਇਦਾ ਉਨ੍ਹਾਂ ਸ਼ਕਤੀਆਂ ਨੂੰ ਹੋਵੇਗਾ ਜੋ ਵਿਸ਼ਵ ਬਾਜ਼ਾਰਾਂ ਨੂੰ ਨਿਯੰਤਰਿਤ ਕਰਦੀਆਂ ਹਨ। ਜਦੋਂ ਕਿ ਯੁੱਧ ਏਸ਼ੀਆ ਵਿੱਚ ਹੋ ਸਕਦਾ ਹੈ, ਮੁਨਾਫ਼ਾ ਕਿਤੇ ਹੋਰ ਹੋਵੇਗਾ।

ਇਤਿਹਾਸ ਗਵਾਹ ਹੈ ਕਿ ਬਾਹਰੀ ਤਾਕਤਾਂ ਆਪਣੇ ਹਿੱਤਾਂ ਨੂੰ ਅੱਗੇ ਵਧਾਉਣ ਲਈ ਸਥਾਨਕ ਟਕਰਾਵਾਂ ਨੂੰ ਭੜਕਾਉਣ ਦੀਆਂ ਵਾਰ-ਵਾਰ ਕੋਸ਼ਿਸ਼ਾਂ ਕਰਦੀਆਂ ਰਹੀਆਂ ਹਨ। ਕਈ ਵਾਰ ਉਹ ਵਿਚੋਲੇ ਵਜੋਂ ਕੰਮ ਕਰਦੇ ਹਨ, ਅਤੇ ਕਈ ਵਾਰ ਉਹ ਫੌਜੀ ਸਹਾਇਤਾ ਅਤੇ ਸੁਰੱਖਿਆ ਦੀ ਆੜ ਵਿੱਚ ਆਪਣੇ ਆਧਾਰ ਸਥਾਪਤ ਕਰਦੇ ਹਨ। ਅਫਗਾਨਿਸਤਾਨ ਇੱਕ ਪ੍ਰਮੁੱਖ ਉਦਾਹਰਣ ਹੈ, ਜਿੱਥੇ ਦਹਾਕਿਆਂ ਤੱਕ ਯੁੱਧ ਹੋਇਆ, ਸਮਾਜ ਟੁੱਟ ਗਿਆ, ਅਤੇ ਅੰਤ ਵਿੱਚ ਉਹੀ ਦੇਸ਼ ਜਿਸਦੀ ਉਹ ÷ਮਦਦ÷ ਕਰਨ ਦਾ ਦਾਅਵਾ ਕਰਦੇ ਸਨ, ਸਭ ਤੋਂ ਵੱਧ ਨੁਕਸਾਨ ਝੱਲਣਾ ਪਿਆ। ਏਸ਼ੀਆ ਦੇ ਹੋਰ ਹਿੱਸਿਆਂ ਵਿੱਚ ਵੀ ਇਸੇ ਤਰ੍ਹਾਂ ਦੀਆਂ ਸਥਿਤੀਆਂ ਦੁਹਰਾਈਆਂ ਜਾ ਰਹੀਆਂ ਹਨ। ਦੱਖਣ-ਪੂਰਬੀ ਏਸ਼ੀਆ ਵਿੱਚ ਕੰਬੋਡੀਆ-ਥਾਈਲੈਂਡ ਵਿਵਾਦ ਇਸੇ ਰਣਨੀਤੀ ਦਾ ਹਿੱਸਾ ਜਾਪਦਾ ਹੈ। ਸਰਹੱਦੀ ਖੇਤਰ ਵਿੱਚ ਮੰਦਰਾਂ ਅਤੇ ਇਤਿਹਾਸਕ ਸਥਾਨਾਂ 'ਤੇ ਤਣਾਅ ਕੋਈ ਨਵਾਂ ਨਹੀਂ ਹੈ, ਪਰ ਹਾਲ ਹੀ ਦੇ ਸਾਲਾਂ ਵਿੱਚ ਉਨ੍ਹਾਂ ਦੁਆਰਾ ਕੀਤੇ ਗਏ ਫੌਜੀ ਪ੍ਰਭਾਵ ਚਿੰਤਾਜਨਕ ਹਨ। ਇਸ ਖੇਤਰ ਨੂੰ ਦੁਰਲੱਭ ਖਣਿਜਾਂ ਨਾਲ ਭਰਪੂਰ ਮੰਨਿਆ ਜਾਂਦਾ ਹੈ, ਜਿਸਦੀ ਮੰਗ ਨਵੀਂ ਤਕਨਾਲੋਜੀ ਅਤੇ ਊਰਜਾ ਤਬਦੀਲੀ ਦੇ ਯੁੱਗ ਵਿੱਚ ਤੇਜ਼ੀ ਨਾਲ ਵੱਧ ਰਹੀ ਹੈ। ਜਦੋਂ ਦੋ ਗੁਆਂਢੀ ਦੇਸ਼ ਟਕਰਾਅ ਵਿੱਚ ਸ਼ਾਮਲ ਹੁੰਦੇ ਹਨ, ਤਾਂ ਬਾਹਰੀ ਸ਼ਕਤੀਆਂ ਲਈ ਦਖਲ ਦੇਣਾ ਆਸਾਨ ਹੋ ਜਾਂਦਾ ਹੈ। ਫੌਜੀ ਸਹਾਇਤਾ, ਨਿਵੇਸ਼ ਅਤੇ ਕਰਜ਼ਿਆਂ ਦੇ ਬਦਲੇ ਸਰੋਤਾਂ ਤੱਕ ਪਹੁੰਚ ਪ੍ਰਾਪਤ ਕੀਤੀ ਜਾਂਦੀ ਹੈ। ਅੰਤ ਵਿੱਚ, ਸਥਾਨਕ ਆਬਾਦੀ ਨੂੰ ਨੁਕਸਾਨ ਹੁੰਦਾ ਹੈ - ਵਾਤਾਵਰਣ ਵਿਨਾਸ਼, ਵਿਸਥਾਪਨ ਅਤੇ ਆਰਥਿਕ ਅਸਮਾਨਤਾ ਦੇ ਰੂਪ ਵਿੱਚ।

ਗਲੋਬਲ ਸਾਊਥ ਵਿੱਚ ਇਹ ਸਥਿਤੀ ਅਚਾਨਕ ਪੈਦਾ ਨਹੀਂ ਹੋਈ। 20ਵੀਂ ਸਦੀ ਦੇ ਮੱਧ ਤੋਂ, ਵਿਕਸਤ ਦੇਸ਼ਾਂ ਨੇ ਏਸ਼ੀਆ, ਅਫਰੀਕਾ ਅਤੇ ਲਾਤੀਨੀ ਅਮਰੀਕਾ ਨੂੰ ਕੱਚੇ ਮਾਲ ਦੇ ਸਰੋਤ ਅਤੇ ਤਿਆਰ ਵਸਤੂਆਂ ਲਈ ਇੱਕ ਬਾਜ਼ਾਰ ਵਜੋਂ ਵਰਤਿਆ ਹੈ। ਬਸਤੀਵਾਦੀ ਰਾਜ ਖਤਮ ਹੋ ਗਿਆ, ਪਰ ਆਰਥਿਕ ਢਾਂਚਾ ਬਦਲਿਆ ਨਹੀਂ ਰਿਹਾ। ਅੱਜ ਵੀ, ਅੰਤਰਰਾਸ਼ਟਰੀ ਵਿੱਤੀ ਸੰਸਥਾਵਾਂ ਕਰਜ਼ੇ ਪ੍ਰਦਾਨ ਕਰਦੀਆਂ ਹਨ, ਪਰ ਬਦਲੇ ਵਿੱਚ, ਉਹ ਅਜਿਹੀਆਂ ਸ਼ਰਤਾਂ ਲਗਾਉਂਦੀਆਂ ਹਨ ਜੋ ਇਹਨਾਂ ਦੇਸ਼ਾਂ ਨੂੰ ਉਨ੍ਹਾਂ ਦੀ ਨੀਤੀਗਤ ਆਜ਼ਾਦੀ ਤੋਂ ਵਾਂਝਾ ਕਰਦੀਆਂ ਹਨ। ਸਰੋਤਾਂ ਦਾ ਨਿੱਜੀਕਰਨ, ਸਬਸਿਡੀਆਂ ਵਿੱਚ ਕਮੀ, ਅਤੇ ਆਯਾਤ ਨਿਰਭਰਤਾ - ਇਹ ਸਾਰੇ ਇੱਕੋ ਜਾਲ ਦਾ ਹਿੱਸਾ ਹਨ।

ਇਸ ਪ੍ਰਣਾਲੀ ਦੇ ਅੰਦਰ ਅੰਦਰੂਨੀ ਕਮਜ਼ੋਰੀਆਂ ਵੀ ਘੱਟ ਜ਼ਿੰਮੇਵਾਰ ਨਹੀਂ ਹਨ। ਭ੍ਰਿਸ਼ਟਾਚਾਰ, ਸੱਤਾ ਸੰਘਰਸ਼, ਨਸਲੀ ਅਤੇ ਧਾਰਮਿਕ ਵੰਡ ਇਨ੍ਹਾਂ ਦੇਸ਼ਾਂ ਨੂੰ ਅੰਦਰੋਂ ਖੋਰਾ ਲਗਾਉਂਦੇ ਹਨ। ਜਦੋਂ ਸਮਾਜ ਵੰਡੇ ਜਾਂਦੇ ਹਨ, ਤਾਂ ਬਾਹਰੀ ਦਖਲਅੰਦਾਜ਼ੀ ਆਸਾਨ ਹੋ ਜਾਂਦੀ ਹੈ। ਸੱਤਾ ਵਿੱਚ ਬੈਠੇ ਲੋਕ ਥੋੜ੍ਹੇ ਸਮੇਂ ਦੇ ਲਾਭ ਲਈ ਲੰਬੇ ਸਮੇਂ ਦੇ ਰਾਸ਼ਟਰੀ ਹਿੱਤਾਂ ਨਾਲ ਸਮਝੌਤਾ ਕਰਦੇ ਹਨ। ਲੋਕਾਂ ਦੀ ਆਵਾਜ਼ ਨੂੰ ਦਬਾ ਦਿੱਤਾ ਜਾਂਦਾ ਹੈ, ਅਤੇ ਫੈਸਲੇ ਕੁਝ ਚੋਣਵੇਂ ਲੋਕਾਂ ਤੱਕ ਸੀਮਤ ਹੁੰਦੇ ਹਨ।ਫਿਰ ਵੀ, ਇਹ ਮੰਨਣਾ ਇੱਕ ਵੱਡੀ ਗਲਤੀ ਹੋਵੇਗੀ ਕਿ ਗਲੋਬਲ ਸਾਊਥ ਬੇਵੱਸ ਹੈ। ਹੱਲ ਮੌਜੂਦ ਹਨ, ਬਸ਼ਰਤੇ ਇੱਛਾ ਸ਼ਕਤੀ ਹੋਵੇ। ਪਹਿਲਾ ਕਦਮ ਖੇਤਰੀ ਏਕਤਾ ਹੈ। ਏਸ਼ੀਆਈ ਦੇਸ਼ਾਂ ਨੂੰ ਆਪਣੇ ਵਿਵਾਦਾਂ ਨੂੰ ਗੱਲਬਾਤ ਅਤੇ ਸਹਿਯੋਗ ਰਾਹੀਂ ਹੱਲ ਕਰਨਾ ਚਾਹੀਦਾ ਹੈ। ਭਾਵੇਂ ਇਹ ਸਰਹੱਦੀ ਵਿਵਾਦ ਹੋਣ ਜਾਂ ਸਰੋਤਾਂ ਦੀ ਵੰਡ - ਹੱਲ ਜੰਗ ਵਿੱਚ ਨਹੀਂ, ਸਗੋਂ ਸਾਂਝੀ ਸਮਝ ਵਿੱਚ ਹੈ। ਜਦੋਂ ਗੁਆਂਢੀ ਦੇਸ਼ ਇਕੱਠੇ ਖੜ੍ਹੇ ਹੁੰਦੇ ਹਨ, ਤਾਂ ਬਾਹਰੀ ਤਾਕਤਾਂ ਲਈ ਗੁੰਜਾਇਸ਼ ਆਪਣੇ ਆਪ ਘੱਟ ਜਾਵੇਗੀ।

ਇੱਕ ਹੋਰ ਮਹੱਤਵਪੂਰਨ ਪਹਿਲੂ ਆਰਥਿਕ ਸਵੈ-ਨਿਰਭਰਤਾ ਹੈ। ਸਰੋਤਾਂ 'ਤੇ ਅਸਲ ਨਿਯੰਤਰਣ ਉਦੋਂ ਹੀ ਸੰਭਵ ਹੈ ਜਦੋਂ ਸਥਾਨਕ ਉਦਯੋਗ ਅਤੇ ਜਨਤਕ ਖੇਤਰ ਮਜ਼ਬੂਤ ਹੋਣ। ਸਿਰਫ਼ ਕੱਚੇ ਮਾਲ ਨੂੰ ਨਿਰਯਾਤ ਕਰਨ ਦੀ ਬਜਾਏ ਮੁੱਲ ਜੋੜਨ 'ਤੇ ਜ਼ੋਰ ਦਿੱਤਾ ਜਾਣਾ ਚਾਹੀਦਾ ਹੈ। ਤਕਨਾਲੋਜੀ ਦਾ ਤਬਾਦਲਾ ਜ਼ਰੂਰੀ ਹੈ, ਪਰ ਦੇਸ਼ ਦੇ ਅੰਦਰ ਉਤਪਾਦਨ ਸਮਰੱਥਾ ਵਿਕਸਤ ਕੀਤੀ ਜਾਣੀ ਚਾਹੀਦੀ ਹੈ। ਸਵੈ-ਨਿਰਭਰਤਾ ਦਾ ਮਤਲਬ ਦੁਨੀਆ ਤੋਂ ਕੱਟਣਾ ਨਹੀਂ ਹੈ, ਸਗੋਂ ਬਰਾਬਰੀ ਦੇ ਆਧਾਰ 'ਤੇ ਜੁੜਨਾ ਹੈ।

ਵਾਤਾਵਰਣ ਨਿਆਂ ਵੀ ਇਸ ਸੰਘਰਸ਼ ਦਾ ਇੱਕ ਮਹੱਤਵਪੂਰਨ ਹਿੱਸਾ ਹੈ। ਊਰਜਾ ਤਬਦੀਲੀ ਦੇ ਨਾਮ 'ਤੇ ਕੀਤੀ ਜਾ ਰਹੀ ਵਧਦੀ ਮਾਈਨਿੰਗ ਦਾ ਖਮਿਆਜ਼ਾ ਆਦਿਵਾਸੀ ਅਤੇ ਪੇਂਡੂ ਭਾਈਚਾਰੇ ਭੁਗਤ ਰਹੇ ਹਨ। ਜਲਵਾਯੂ ਪਰਿਵਰਤਨ ਦੇ ਮਾੜੇ ਪ੍ਰਭਾਵਾਂ ਤੋਂ ਸਭ ਤੋਂ ਵੱਧ ਪ੍ਰਭਾਵਿਤ ਦੇਸ਼ ਉਹ ਹਨ ਜਿਨ੍ਹਾਂ ਨੇ ਇਸ ਵਿੱਚ ਸਭ ਤੋਂ ਘੱਟ ਯੋਗਦਾਨ ਪਾਇਆ ਹੈ। ਇਸ ਲਈ, ਵਿਸ਼ਵ ਪੱਧਰ 'ਤੇ ਬਰਾਬਰ ਭਾਗੀਦਾਰੀ ਅਤੇ ਜਵਾਬਦੇਹੀ ਦੀ ਮੰਗ ਕਰਨਾ ਜ਼ਰੂਰੀ ਹੈ।

ਸਮਾਜਿਕ ਪੱਧਰ 'ਤੇ ਵੀ ਬਦਲਾਅ ਜ਼ਰੂਰੀ ਹੈ। ਸਿੱਖਿਆ ਪ੍ਰਣਾਲੀ ਨੂੰ ਸਿਰਫ਼ ਤਕਨੀਕੀ ਗਿਆਨ ਹੀ ਨਹੀਂ, ਸਗੋਂ ਇਤਿਹਾਸ, ਰਾਜਨੀਤੀ ਅਤੇ ਵਿਸ਼ਵ ਅਰਥਵਿਵਸਥਾ ਦੀ ਸਮਝ ਵੀ ਵਿਕਸਤ ਕਰਨੀ ਚਾਹੀਦੀ ਹੈ। ਸਮਾਜ ਨੂੰ ਪ੍ਰਚਾਰ ਅਤੇ ਗਲਤ ਜਾਣਕਾਰੀ ਤੋਂ ਬਚਾਉਣ ਲਈ ਮੀਡੀਆ ਅਤੇ ਸੂਚਨਾ ਪ੍ਰਣਾਲੀਆਂ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ। ਨੌਜਵਾਨ ਪੀੜ੍ਹੀ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਸਥਾਨਕ ਸਮੱਸਿਆਵਾਂ ਅਕਸਰ ਵਿਸ਼ਵਵਿਆਪੀ ਢਾਂਚੇ ਨਾਲ ਜੁੜੀਆਂ ਹੁੰਦੀਆਂ ਹਨ। ਅੰਤ ਵਿੱਚ, ਏਸ਼ੀਆ ਦਾ ਭਵਿੱਖ ਇਸਦੇ ਆਪਣੇ ਹੱਥਾਂ ਵਿੱਚ ਹੈ। ਜੇਕਰ ਇਹ ਮਹਾਂਦੀਪ ਸੰਘਰਸ਼ ਅਤੇ ਅਸਥਿਰਤਾ ਵਿੱਚ ਉਲਝਿਆ ਰਿਹਾ, ਤਾਂ ਇਸਦਾ ਪ੍ਰਭਾਵ ਪੂਰੀ ਦੁਨੀਆ 'ਤੇ ਪਵੇਗਾ। ਪਰ ਜੇਕਰ ਏਸ਼ੀਆ ਇੱਕਜੁੱਟ ਹੋ ਜਾਂਦਾ ਹੈ ਅਤੇ ਆਪਣੇ ਸਰੋਤਾਂ, ਆਪਣੀਆਂ ਨੀਤੀਆਂ ਅਤੇ ਆਪਣੇ ਸਮਾਜਾਂ ਦਾ ਕੰਟਰੋਲ ਆਪਣੇ ਹੱਥ ਵਿੱਚ ਲੈ ਲੈਂਦਾ ਹੈ, ਤਾਂ ਵਿਸ਼ਵ ਸ਼ਕਤੀ ਦਾ ਸੰਤੁਲਨ ਬਦਲ ਸਕਦਾ ਹੈ। ਇਹ ਸਿਰਫ਼ ਪ੍ਰਤੀਕਿਰਿਆ ਦਾ ਸਮਾਂ ਨਹੀਂ ਹੈ, ਸਗੋਂ ਆਤਮ-ਨਿਰੀਖਣ ਅਤੇ ਠੋਸ ਕਾਰਵਾਈ ਦਾ ਸਮਾਂ ਹੈ।

ਏਸ਼ੀਆ ਨੂੰ ਹੁਣ ਕਿਸੇ ਹੋਰ ਦਾ ਜੰਗੀ ਮੈਦਾਨ ਬਣਨ ਤੋਂ ਇਨਕਾਰ ਕਰਨਾ ਚਾਹੀਦਾ ਹੈ। ਸਰੋਤ ਸਾਡੇ ਹਨ, ਲੋਕ ਸਾਡੇ ਹਨ, ਅਤੇ ਭਵਿੱਖ ਸਾਡਾ ਹੋਣਾ ਚਾਹੀਦਾ ਹੈ। ਗਲੋਬਲ ਸਾਊਥ ਨੂੰ ਨਿਆਂ ਦੀ ਲੋੜ ਹੈ, ਤਰਸ ਦੀ ਨਹੀਂ; ਸਤਿਕਾਰ ਦੀ, ਦਖਲਅੰਦਾਜ਼ੀ ਦੀ ਨਹੀਂ। ਇਹ ਸੰਘਰਸ਼ ਦੀ ਅਸਲ ਦਿਸ਼ਾ ਹੈ, ਅਤੇ ਇਹ ਇੱਕ ਨਿਆਂਪੂਰਨ ਵਿਸ਼ਵ ਵਿਵਸਥਾ ਦੀ ਨੀਂਹ ਬਣ ਸਕਦਾ ਹੈ।

**ਡਾ. ਸਤਿਆਵਾਨ ਸੌਰਭ**

**(ਡਾ. ਸਤਿਆਵਾਨ ਸੌਰਭ, ਪੀਐੱਚਡੀ (ਰਾਜਨੀਤੀ ਵਿਗਿਆਨ), ਇੱਕ ਕਵੀ ਅਤੇ ਸਮਾਜਿਕ ਚਿੰਤਕ ਹਨ।)**

**ਸੰਪਰਕ : 94665-26148**

# ਅੱਪਡੇਟੇਡ ਜੀਡੀਪੀ: ਡੇਟਾ-ਅਧਾਰਿਤ ਯੁੱਗ ਵਿੱਚ ਫੈਸਲਿਆਂ ਨੂੰ ਆਕਾਰ ਦੇਣਾ

ਜ਼ਿਕਰ ਪੰਜਾਬ

ਅੰਕੜਾ ਅਤੇ ਪ੍ਰੋਗਰਾਮ ਲਾਗੂਕਰਨ ਮੰਤਰਾਲੇ (ਐੱਮਓਐੱਸਪੀਆਈ) ਵੱਲੋਂ ਨਵੇਂ ਅਧਾਰ ਸਾਲ 2022-23 'ਤੇ ਅਧਾਰਤ ਜੀਡੀਪੀ ਅੰਕੜੇ ਜਾਰੀ ਕੀਤੇ ਗਏ ਹਨ। ਇਨ੍ਹਾਂ ਅੰਕੜਿਆਂ ਤੋਂ ਪਤਾ ਚਲਦਾ ਹੈ ਕਿ ਅਰਥਵਿਵਸਥਾ ਨੇ ਸੰਸ਼ੋਧਿਤ ਅਧਾਰ ਦੇ ਬਾਵਜੂਦ ਮਜ਼ਬੂਤ ?ਵਾਧਾ ਬਰਕਰਾਰ ਰੱਖਿਆ ਹੈ, ਜਿਸ ਵਿੱਚ 2023-24 ਤੋਂ 2025-26 ਲਈ ਔਸਤ ਅਸਲ ਜੀਡੀਪੀ ਵਾਧਾ 7 ਪ੍ਰਤੀਸ਼ਤ ਤੋਂ ਵੱਧ ਅਤੇ ਇਸ ਮਿਆਦ ਲਈ ਔਸਤ ਨਾਮਾਤਰ ਜੀਡੀਪੀ ਵਾਧਾ 9 ਪ੍ਰਤੀਸ਼ਤ ਤੋਂ ਵੱਧ ਰਿਹਾ ਹੈ। ਵਿੱਤੀ ਸਾਲ 2025-26 ਲਈ ਦੂਜੇ ਉੱਨਤ ਅਨੁਮਾਨਾਂ ਦੇ ਅਨੁਸਾਰ, ਅਸਲ ਜੀਡੀਪੀ 7.6 ਪ੍ਰਤੀਸ਼ਤ ਵਧਿਆ ਹੈ, ਜਦੋਂ ਕਿ ਨਾਮਾਤਰ ਜੀਡੀਪੀ 8.6 ਪ੍ਰਤੀਸ਼ਤ ਦਾ ਵਾਧਾ ਦਰਜ ਕਰ ਰਿਹਾ ਹੈ।

ਇਨ੍ਹਾਂ ਅੰਕੜਿਆਂ ਦੀ ਮਹੱਤਤਾ ਹੋਰ ਵੀ ਪ੍ਰਭਾਵਸ਼ਾਲੀ ਹੋ ਜਾਂਦੀ ਹੈ ਜਦੋਂ ਬੇਸ ਰੀਵਿਜ਼ਨ ਅਭਿਆਸ ਵਿੱਚ ਕਈ ਵਿਧੀਗਤ ਤਬਦੀਲੀਆਂ ਅਤੇ ਨਵੇਂ ਡੇਟਾ ਸਰੋਤਾਂ ਦੀ ਵਰਤੋਂ ਦੀ ਪਿੱਠਭੂਮੀ ਵਿੱਚ ਦੇਖਿਆ ਜਾਂਦਾ ਹੈ। ਹੋਰਾਂ ਦੇ ਇਲਾਵਾ, ਮੁਦਰਾਸਫੀਤੀ ਦੇ ਵਧੇਰੇ ਸੁਧਰੇ ਢੰਗਾਂ ਨੂੰ ਅਪਣਾਉਣ ਅਤੇ ਸਾਲਾਨਾ ਸਰਵੇਖਣ ਦੇ ਨਤੀਜਿਆਂ ਅਤੇ ਵਿਸਤ੍ਰਿਤ ਪ੍ਰਸ਼ਾਸਕੀ ਡੇਟਾਸੈਟਾਂ ਵਰਗੇ ਅਮੀਰ ਡੇਟਾ ਸਰੋਤਾਂ ਦੇ ਏਕੀਕਰਨ ਨੇ ਅਰਥਵਿਵਸਥਾ ਦੇ ਵਿਕਸਿਤ ਹੋ ਰਹੇ ਗਤੀਸ਼ੀਲਤਾ ਨੂੰ ਵਧੇਰੇ ਸਪਸ਼ਟ ਰੂਪ ਵਿੱਚ ਹਾਸਲ ਕਰਨ ਵਿੱਚ ਮਦਦ ਕੀਤੀ ਹੈ। ਇਹ ਗੱਲ ਭਾਰਤ ਦੀ ਜੀਡੀਪੀ ਵਿਧੀ ਵਿੱਚ ਵਿਆਪਕ ਦਿਲਚਸਪੀ ਨੂੰ ਦੇਖਦੇ ਹੋਏ ਵੀ ਮਹੱਤਵਪੂਰਨ ਹੈ, ਜਿਸ ਨੇ ਅਕਸਰ ਅਰਥਵਿਵਸਥਾ ਦੇ ਪ੍ਰਦਰਸ਼ਨ 'ਤੇ ਬਹਿਸ ਨੂੰ ਹੁਲਾਰਾ ਦਿੱਤਾ ਹੈ।

ਸੋਧੇ ਹੋਏ ਜੀਡੀਪੀ ਅੰਕੜੇ ਸਿਰਫ਼ ਅੰਕੜਾਤਮਕ ਅੰਕੜੇ ਨਹੀਂ ਦਰਸਾਉਂਦੇ; ਸਗੋਂ ਚੁੱਪਚਾਪ ਇਹ ਵੀ ਦਰਸਾਉਂਦੇ ਹਨ ਕਿ ਕਿਵੇਂ ਵੱਖ-ਵੱਖ ਸਰਕਾਰੀ ਪਹਿਲਕਦਮੀਆਂ ਵਿਕਸਿਤ ਭਾਰਤ 02047 ਦੇ ਵਿਆਪਕ ਦ੍ਰਿਸ਼ਟੀਕੋਣ ਨੂੰ ਅੱਗੇ ਵਧਾਉਂਦੇ ਹੋਏ ਨੀਤੀਆਂ ਨੂੰ ਠੋਸ ਖੇਤਰੀ ਨਤੀਜਿਆਂ ਵਿੱਚ ਬਦਲ ਰਹੀਆਂ ਹਨ।

ਨਿਰਮਾਣ ਖੇਤਰ ਨੇ ਸਾਲ 2023-24 ਤੋਂ 2025-26 ਦੇ ਦਰਮਿਆਨ ਔਸਤਨ 11 ਪ੍ਰਤੀਸ਼ਤ ਦਾ ਵਾਧਾ ਦਰ ਦਰਜ ਕੀਤਾ ਹੈ, ਜੋ ਸਪੱਸ਼ਟ ਤੌਰ 'ਤੇ ਉਦਾਹਰਣ ਦਿੰਦਾ ਹੈ ਕਿ ਕਿਵੇਂ ਦੋਹਰੇ ਮੁਦਰਾਸਫੀਤੀ ਦੀ ਵਰਤੋਂ ਅਤੇ ਨਵੇਂ ਡੇਟਾ ਸਰੋਤਾਂ ਨੂੰ ਅਪਣਾਉਣ ਵਰਗੇ ਸੂਝਵਾਨ ਤਰੀਕਿਆਂ ਨੇ ਖੇਤਰ ਦੇ ਅਸਲ ਵਿਕਾਸ ਨੂੰ ਬਿਹਤਰ ਸਮਝਣ ਦੇ ਯੋਗ ਬਣਾਇਆ ਹੈ। ਇਹ ਇੱਕ ਅਜਿਹਾ ਵਾਧਾ ਹੈ ਜਿਸ ਨੂੰ ਸਰਕਾਰ ਉਤਪਾਦਨ-ਅਧਾਰਤ ਪ੍ਰੋਤਸਾਹਨ (ਪੀਐੱਲਆਈ) ਸਕੀਮ ਸਮੇਤ ਵੱਖ-ਵੱਖ ਯੋਜਨਾਵਾਂ ਰਾਹੀਂ ਸਰਗਰਮੀ ਨਾਲ ਉਤਸ਼ਾਹਿਤ ਕਰ ਰਹੀ ਹੈ। ਨਵੀਂ ਲੜੀ ਵਿੱਚ, ਮੁੱਲ ਵਾਧੇ ਵਿੱਚ ਖੇਤੀਬਾੜੀ ਦੇ ਯੋਗਦਾਨ ਵਿੱਚ ਵਾਧਾ ਮੁੱਖ ਤੌਰ 'ਤੇ ਡੀਜ਼ਲ ਦੀ ਵਰਤੋਂ ਵਿੱਚ ਕਮੀ ਅਤੇ ਉੱਚ-ਕੀਮਤ ਵਾਲੇ ਫਲਾਂ ਅਤੇ ਸਬਜ਼ੀਆਂ ਨੂੰ ਸ਼ਾਮਲ ਕਰਨ ਦੇ ਕਾਰਨ ਹੈ। ਇਹ ਸਕਾਰਾਤਮਕ ਸੰਕੇਤ ਹਨ, ਜੋ ਲਾਗਤ ਦੇ ਦਬਾਅ ਨੂੰ ਘਟਾਉਣ, ਸਰਕਾਰੀ ਪ੍ਰੋਤਸਾਹਨਾਂ ਕਾਰਨ ਕਿਸਾਨਾਂ ਵੱਲੋਂ ਸੂਰਜੀ ਊਰਜਾ ਨੂੰ ਅਪਣਾਉਣ ਅਤੇ ਉੱਚ-ਕੀਮਤ ਵਾਲੀ ਖੇਤੀਬਾੜੀ ਵੱਲ ਨੀਤੀ-ਅਧਾਰਤ ਤਬਦੀਲੀ ਨੂੰ ਦਰਸਾਉਂਦੇ ਹਨ। ਇਹ ਖੇਤੀਬਾੜੀ ਮੁਨਾਫ਼ੇ ਨੂੰ ਮਜ਼ਬੂਤ ਕਰਦਾ ਹੈ ਅਤੇ ਕਿਸਾਨਾਂ ਦੀ ਆਮਦਨ ਵਿੱਚ ਸੁਧਾਰ ਕਰਦਾ ਹੈ। ਅਸੰਗਠਿਤ ਖੇਤਰ ਉੱਦਮਾਂ ਦਾ ਸਾਲਾਨਾ ਸਰਵੇਖਣ (ਏਐੱਸਯੂਐੱਸਈ) ਅਤੇ ਪੀਰੀਅਡਿਕ ਲੇਬਰ ਫੋਰਸ ਸਰਵੇਖਣ (ਪੀਐੱਲਐੱਫਐੱਸ) ਜਿਵੇਂ ਨਵੇਂ ਸਰਵੇਖਣ ਡੇਟਾ ਦੀ ਵਰਤੋਂ ਨੇ ਗੈਰ-ਰਸਮੀ ਖੇਤਰ ਪ੍ਰਧਾਨ ਸੇਵਾ ਖੇਤਰਾਂ ਜਿਵੇਂ ਕਿ ਵਪਾਰ, ਆਵਾਜਾਈ ਅਤੇ ਹੋਰ ਸੇਵਾਵਾਂ ਵਿੱਚ ਜੀਡੀਪੀ ਅਨੁਮਾਨਾਂ ਨੂੰ ਮਹੱਤਵਪੂਰਨ ਰੂਪ




ਦਿੱਤਾ ਹੈ। ਪਹਿਲਾਂ ਇਨ੍ਹਾਂ ਉੱਦਮਾਂ ਲਈ ਗਣਨਾ ਸਿੱਧੇ ਡੇਟਾ ਦੀ ਬਜਾਏ ਬੈਂਚਮਾਰਕ-ਅਧਾਰਤ ਅਨੁਮਾਨਾਂ 'ਤੇ ਨਿਰਭਰ ਕਰਦੀ ਸੀ।

ਉਦਾਹਰਣ ਵਜੋਂ ਵਪਾਰ, ਹੋਟਲ, ਆਵਾਜਾਈ ਅਤੇ ਸੰਚਾਰ ਉਪ-ਖੇਤਰ ਨੇ 2023-24 ਤੋਂ 2025-26 ਤੱਕ ਤਿੰਨ ਸਾਲਾਂ ਵਿੱਚ ਔਸਤਨ 9 ਪ੍ਰਤੀਸ਼ਤ ਵਾਧਾ ਦਰਜ ਕੀਤਾ। ਇਹ ਅੰਸ਼ਕ ਤੌਰ 'ਤੇ ਬਿਹਤਰ ਡੇਟਾ ਵਰਤੋਂ ਦਾ ਨਤੀਜਾ ਹੈ, ਕਿਉਂਕਿ ਏਐੱਸਯੂਐੱਸਈ ਅਤੇ ਪੀਐੱਲਐੱਫਐੱਸ ਵਰਗੇ ਸਰਵੇਖਣ ਮੌਜੂਦਾ ਰੁਝਾਨਾਂ ਨੂੰ ਉਜਾਗਰ ਕਰਦੇ ਹੋਏ ਹੁਣ ਗੈਰ-ਰਸਮੀ ਖੇਤਰ ਅਤੇ ਕਰਮਚਾਰੀ ਉਤਪਾਦਕਤਾ ਦੇ ਸਪਸ਼ਟ ਦ੍ਰਿਸ਼ਟੀਕੋਣ ਨੂੰ ਸਮਰੱਥ ਬਣਾਉਂਦੇ ਹਨ। ਇਸੇ ਤਰ੍ਹਾਂ, ਅੱਪਡੇਟ ਕੀਤੇ ਡੇਟਾ ਸਰੋਤਾਂ ਦੀ ਵਰਤੋਂ ਨੇ ਰਿਹਾਇਸ਼ੀ ਜਾਇਦਾਦ ਦੀ ਮਾਲਕੀ ਵਿੱਚ ਵਾਧੇ ਨੂੰ ਦਸਤਾਵੇਜ਼ੀ ਰੂਪ ਦਿੱਤਾ ਹੈ, ਜੋ ਕਿ ਸਰਕਾਰ ਦੀਆਂ ਕਿਫਾਇਤੀ ਰਿਹਾਇਸ਼ੀ ਯੋਜਨਾਵਾਂ ਦੇ ਸਕਾਰਾਤਮਕ ਨਤੀਜਿਆਂ ਨੂੰ ਦਰਸਾਉਂਦਾ ਹੈ।

ਜੀਡੀਪੀ ਅਨੁਮਾਨਾਂ ਨੂੰ ਨਵੇਂ ਡਿਜੀਟਲ ਡੇਟਾ ਸਰੋਤਾਂ ਤੋਂ ਲਾਭ ਹੋਇਆ ਹੈ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਡਿਜੀਟਲ ਇੰਡੀਆ ਵਰਗੇ ਸਰਕਾਰੀ ਉਪਰਾਲਿਆਂ ਰਾਹੀਂ ਵਧੇਰੇ ਪਹੁੰਚਯੋਗ ਬਣਾਏ ਗਏ ਹਨ। ਈ-ਵਾਹਨ, ਐੱਮਜੀਟੀ-7 ਕਾਰਪੋਰੇਟ ਰਿਟਰਨ, ਜੀਐੱਸਟੀ ਡੇਟਾ, ਅਤੇ ਜਨਤਕ ਵਿੱਤੀ ਪ੍ਰਬੰਧਨ ਪ੍ਰਣਾਲੀ (ਪੀਐੱਫਐੱਮਐੱਸ) ਵਰਗੇ ਡੇਟਾਬੇਸ ਹੁਣ ਸਿੱਧੇ ਤੌਰ 'ਤੇ ਰਾਸ਼ਟਰੀ ਖਾਤਿਆਂ ਵਿੱਚ ਯੋਗਦਾਨ ਪਾਉਂਦੇ ਹਨ। ਜੀਐੱਸਟੀ ਡੇਟਾ ਖਾਸ ਤੌਰ 'ਤੇ ਤਿਮਾਹੀ ਅਨੁਮਾਨਾਂ ਨੂੰ ਵਧੇਰੇ ਸਟੀਕ ਬਣਾਇਆ ਹੈ ਅਤੇ ਰਾਜ-ਵਾਰ ਵੰਡ ਵਿੱਚ ਸੁਧਾਰ ਕਰੇਗਾ। ਇਸ ਦੇ ਨਤੀਜੇ ਵਜੋਂ ਇੱਕ ਵਧੇਰੇ ਮਜ਼ਬੂਤ ਅਤੇ ਅੰਦਰੂਨੀ ਤੌਰ 'ਤੇ ਇਕਸਾਰ ਜੀਡੀਪੀ ਅਨੁਮਾਨ ਪ੍ਰਣਾਲੀ ਆਈ ਹੈ। ਇਹ ਇੱਕ ਸਮੁੱਚੀ-ਸਰਕਾਰੀ ਪਹੁੰਚ ਨੂੰ ਵੀ ਦਰਸਾਉਂਦਾ ਹੈ, ਜਿਸ ਵਿੱਚ ਜੀਡੀਪੀ ਅਨੁਮਾਨਾਂ ਦੀ ਸ਼ੁੱਧਤਾ ਨੂੰ ਵਧਾਉਣ ਲਈ ਪ੍ਰਸ਼ਾਸਕੀ ਡੇਟਾ ਨੂੰ ਨਵੇਂ ਤਰੀਕਿਆਂ ਨਾਲ ਵਰਤਿਆ ਜਾ ਰਿਹਾ ਹੈ।

ਸਿਰਫ਼ ਜੀਡੀਪੀ ਲਈ ਹੀ ਨਹੀਂ, ਸਗੋਂ ਮੰਤਰਾਲਾ ਦੇਸ਼ ਭਰ ਵਿੱਚ ਸਬੂਤ-ਅਧਾਰਤ ਫੈਸਲੇ ਲੈਣ ਲਈ ਪ੍ਰਸ਼ਾਸਕੀ ਡੇਟਾ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਲਈ ਇੱਕ ਵਾਤਾਵਰਣ ਬਣਾਉਣ ਦੇ ਵਿਆਪਕ ਟੀਚੇ ਨੂੰ ਵੀ ਅਪਣਾ ਰਿਹਾ ਹੈ। ਇਸ ਦੇ ਮੁੱਖ ਯਤਨ ਡੇਟਾ ਦੀ ਗੁਣਵੱਤਾ, ਤੁਲਨਾਤਮਕਤਾ ਅਤੇ ਅੰਤਰ-ਕਾਰਜਸ਼ੀਲਤਾ ਨੂੰ ਬਿਹਤਰ ਬਣਾਉਣ 'ਤੇ ਕੇਂਦ੍ਰਿਤ ਹਨ, ਜਿਸ ਵਿੱਚ ਰਾਜਾਂ ਨਾਲ ਨਜ਼ਦੀਕੀ ਤਾਲਮੇਲ ਸ਼ਾਮਲ ਹੈ ਤਾਂ ਜੋ ਰਾਸ਼ਟਰੀ ਅਤੇ ਉਪ-ਰਾਸ਼ਟਰੀ ਪੱਧਰਾਂ 'ਤੇ ਡੇਟਾ ਦੀ ਇਕਸਾਰ ਅਤੇ ਪ੍ਰਭਾਵਸ਼ਾਲੀ ਵਰਤੋਂ ਨੂੰ ਯਕੀਨੀ ਬਣਾਇਆ ਜਾ ਸਕੇ। ਡੇਟਾ-ਅਧਾਰਤ ਫੈਸਲੇ ਲੈਣ ਦੇ ਇਸ ਯੁੱਗ ਵਿੱਚ, ਸਥਾਨਕ ਅਰਥਵਿਵਸਥਾਵਾਂ ਨੂੰ ਸਮਝਣ ਅਤੇ ਨਿਸ਼ਾਨਾਬੱਧ ਨੀਤੀਆਂ ਨੂੰ ਮਾਰਗਦਰਸ਼ਨ ਕਰਨ ਲਈ ਉਪ-ਰਾਸ਼ਟਰੀ ਡੇਟਾ ਬਹੁਤ ਮਹੱਤਵਪੂਰਨ ਹੈ। ਇਸ ਲਈ ਰਾਜ ਅਤੇ ਜ਼ਿਲ੍ਹਾ ਪੱਧਰ 'ਤੇ ਮਜ਼ਬੂਤ ਜੀਡੀਪੀ ਅਨੁਮਾਨਾਂ ਵੱਲ ਵਧੇਰੇ ਧਿਆਨ ਦਿੱਤਾ ਜਾ ਰਿਹਾ ਹੈ, ਜਿਸ ਲਈ ਰਾਜਾਂ ਨੂੰ ਪਹਿਲਾਂ ਹੀ ਤਕਨੀਕੀ ਸਹਾਇਤਾ ਪ੍ਰਦਾਨ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ, ਮੌਜੂਦਾ ਨਮੂਨਾ ਸਰਵੇਖਣਾਂ ਵਿੱਚ ਰਾਜਾਂ/ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਜ਼ਿਲ੍ਹਾ-ਪੱਧਰੀ ਅਨੁਮਾਨ ਤਿਆਰ ਕਰਨ ਦੇ ਯੋਗ ਬਣਾਉਣ ਦੇ ਪ੍ਰਬੰਧ ਹਨ। ਏਐੱਸਯੂਐੱਸਈ ਅਤੇ ਪੀਐੱਲਐੱਫਐੱਸ ਅਧੀਨ ਇਹ ਮਜ਼ਬੂਤ ਉਪ-ਰਾਜ-ਪੱਧਰੀ ਸਰਵੇਖਣ ਅਨੁਮਾਨ ਰਾਜ/ਉਪ-ਰਾਜ ਜੀਡੀਪੀ ਮਾਪਾਂ ਦੀ ਸ਼ੁੱਧਤਾ ਨੂੰ ਹੋਰ ਮਜ਼ਬੂਤ ਕਰਨਗੇ, ਉਪ-ਰਾਸ਼ਟਰੀ ਪੱਧਰ 'ਤੇ ਅਰਥਵਿਵਸਥਾ ਦਾ ਵਧੇਰੇ ਵਿਸਤ੍ਰਿਤ ਅਤੇ ਵਿਆਪਕ ਦ੍ਰਿਸ਼ ਪ੍ਰਦਾਨ ਕਰਨਗੇ। ਬੇਸ ਸਾਲ ਦੇ ਸੰਸ਼ੋਧਨ ਨੇ ਜ਼ਰੂਰੀ ਨੀਂਹ ਰੱਖੀ ਹੈ, ਕਈ ਸੁਧਾਰ ਪੇਸ਼ ਕੀਤੇ ਹਨ ਅਤੇ ਸਾਡੀ ਅੰਕੜਾ ਪ੍ਰਣਾਲੀ ਦੀ ਨੀਂਹ ਨੂੰ ਮਜ਼ਬੂਤ ਕੀਤਾ ਹੈ। ਫਿਰ ਵੀ, ਇਹ ਇੱਕ ਪਰਿਵਰਤਨਸ਼ੀਲ ਯਾਤਰਾ ਦੀ ਸਿਰਫ ਸ਼ੁਰੂਆਤ ਹੈ, ਕਿਉਂਕਿ ਇਹ ਪ੍ਰਣਾਲੀ ਨਵੇਂ ਅੰਕੜਾ ਉਤਪਾਦਾਂ ਅਤੇ ਪ੍ਰਸ਼ਾਸਕੀ ਡੇਟਾ ਸੈੱਟਾਂ ਦੇ ਸੁਮੇਲ ਵਰਗੀਆਂ ਅਗਲੀਆਂ ਪਹਿਲਕਦਮੀਆਂ ਰਾਹੀਂ ਵਿਕਸਤ ਹੁੰਦੀ ਰਹਿੰਦੀ ਹੈ। ਇਕੱਠੇ ਮਿਲ ਕੇ, ਇਹ ਯਤਨ ਇੱਕ ਗਤੀਸ਼ੀਲ, ਜਵਾਬਦੇਹ, ਅਤੇ ਅਗਾਂਹਵਧੂ ਅੰਕੜਾ ਪ੍ਰਣਾਲੀ ਦੇ ਵਿਕਾਸ ਨੂੰ ਚਲਾ ਰਹੇ ਹਨ, ਜੋ ਨੀਤੀ ਨਿਰਮਾਤਾਵਾਂ ਨੂੰ ਸਮੇਂ ਸਿਰ, ਭਰੋਸੇਮੰਦ ਅਤੇ ਕਾਰਵਾਈਯੋਗ ਜਾਣਕਾਰੀ ਪ੍ਰਦਾਨ ਕਰਦੇ ਹਨ।



ਸੌਰਭ ਗਰਗ

**(ਸੌਰਭ ਗਰਗ ਅੰਕੜਾ ਅਤੇ ਪ੍ਰੋਗਰਾਮ ਲਾਗੂਕਰਨ ਮੰਤਰਾਲੇ ਦੇ ਸਕੱਤਰ ਹਨ। ਪ੍ਰਗਟ ਕੀਤੇ ਵਿਚਾਰ ਨਿੱਜੀ ਹਨ।)**

# ਵਗੀ ਪੁਰੇ ਦੀ 'ਵਾ ਪੰਜਾਬੇ

ਜ਼ਿਕਰ ਪੰਜਾਬ

ਇੱਕੋ ਸਾਲ ਰਹਿ ਗਿਆ ਪੰਜਾਬ ਦੇ ਹਾਕਮਾਂ ਦੀ ਮੁੜ ਚੋਣ ਲਈ। ਹੁਣੇ ਤੋਂ ਸਿਆਸੀ ਧਿਰਾਂ ਨੇ ਕਮਰਕੱਸੇ ਕਰ ਲਏ ਹਨ, ਉਹਨਾਂ ਪਰ ਤੋਲਣੇ ਸ਼ੁਰੂ ਕਰ ਲਏ ਹਨ। ਰਾਸ਼ਟਰੀ ਧਿਰਾਂ ਕਾਂਗਰਸ, ਭਾਜਪਾ, ਹਾਕਮ ਧਿਰ ਆਮ ਆਦਮੀ ਪਾਰਟੀ, ਖੇਤਰੀ ਧਿਰਾਂ-ਅਕਾਲੀ ਦਲ, ਬਸਪਾ ਅਤੇ ਖੱਬੀਆਂ ਧਿਰਾਂ ਸਮਾਂ ਰਹਿੰਦਿਆਂ ਹੀ ਸਰਗਰਮ ਦਿਸਣ ਲੱਗ ਪਈਆਂ ਹਨ। ਪੰਜਾਬ ਦੀ ਡੋਰ ਸੰਭਾਲਣ ਵਾਲੀ ਮਜ਼ਬੂਤ ਧਿਰ 'ਕਾਂਗਰਸ' ਦੇ ਨੇਤਾ ਰਾਹੁਲ ਗਾਂਧੀ ਨੇ ਬਰਨਾਲਾ 'ਚ ਚੋਣ ਬਿਗਲ ਵਜਾਉਂਦਿਆਂ ਦੇਸ਼ ਦੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਉੱਤੇ ਦੇਸ਼ ਦੇ ਕਿਸਾਨਾਂ, ਮਜ਼ਦੂਰਾਂ, ਵਪਾਰੀਆਂ ਦੇ ਹਿੱਤ ਅਮਰੀਕਾ ਕੋਲ ਗਹਿਣੇ ਰੱਖਣ ਦੇ ਦੋਸ਼ ਲਾਏ। ਉੱਥੇ ਕਾਂਗਰਸ ਪ੍ਰਧਾਨ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ 'ਭਾਜਪਾ' ਦੀ "ਬੀ" ਟੀਮ ਵਜੋਂ ਕੰਮ ਕਰ ਰਹੀ ਹੈ। ਨਰੇਂਦਰ ਮੋਦੀ ਕੁਝ ਦਿਨ ਪਹਿਲਾਂ ਜਲੰਧਰ ਲਾਗਲੇ ਡੇਰਾ ਬੱਲਾਂ ਪਧਾਰੇ। ਇੱਕ ਨਵੀਂ ਇਬਾਰਤ ਲਿਖ ਗਏ। ਇੱਕ ਸ਼ਕਤੀਸ਼ਾਲੀ ਧਿਰ ਨੂੰ ਆਪਣੇ ਹੱਕ 'ਚ ਕਰਨ ਲਈ ਕੁਝ ਇਹੋ ਜਿਹੇ "ਬਚਨ-ਵਿਲਾਸ"ਕਰ ਗਏ, ਜਿਹਨਾਂ ਨੇ "ਡਬਲ ਇੰਜਣ"ਸਰਕਾਰ ਬਣਾਉਣ ਦਾ ਰਾਹ ਪੱਧਰਾ ਕਰਨਾ ਹੈ।

ਹਾਕਮ ਧਿਰ ਆਮ ਆਦਮੀ ਪਾਰਟੀ ਦਾ ਰਾਸ਼ਟਰੀ ਕਨਵੀਨਰ ਕੇਜਰੀਵਾਲ ਅਤੇ ਪੰਜਾਬ ਸਰਕਾਰ "ਯੁੱਧ ਨਸ਼ਿਆਂ ਵਿਰੁੱਧ"ਦੇ ਦੂਜੇ ਪੜਾਅ 'ਚ ਲੋਕਾਂ ਨੂੰ ਸ਼ਾਮਲ ਕਰਨ ਲਈ ਪੱਬਾਂ ਭਾਰ ਹੈ। ਖੇਤਰੀ ਧਿਰਾਂ ਸ਼?ਰੋਮਣੀ ਅਕਾਲੀ ਦਲ ਦੇ ਨੇਤਾ, ਥਾਂ-ਥਾਂ ਪੁੱਜਕੇ ਆਪਣੇ "ਇਲਾਕਾ ਉਮੀਦਵਾਰਾਂ"ਹੁਣੇ ਤੋਂ ਐਲਾਨਣ ਲੱਗ ਪਏ ਹਨ। ਪਿਛਲੇ ਦਿਨੀਂ ਕਰਵਾਈਆਂ ਗਈਆਂ ਬਲਾਕ ਸੰਮਤੀ ਚੋਣਾਂ 'ਚ ਲੋਕਾਂ ਦੇ ਚੰਗੇ ਹੁੰਗਾਰੇ ਤੋਂ ਉਹ ਵਾਹਵਾ ਉਤਸ਼ਾਹਿਤ ਹਨ।

ਇਸੇ ਸਭ ਕੁਝ ਦਰਮਿਆਨ ਕੱਲ੍ਹ ਖ਼ਬਰ ਛਪੀ ਰਾਮਾਮੰਡੀ (ਬਠਿੰਡਾ) ਨੇੜਲੇ ਪਿੰਡ ਕਮਾਲੂ ਦੇ 20 ਵਰ੍ਹ?ਆਂ ਦਾ ਨੌਜਵਾਨ ਚਿੱਟੇ ਵੀ ਭੇਟ ਚੜ੍ਹ ਗਿਆ। ਪਿੰਡ ਪ੍ਰੇਸ਼ਾਨ ਹੈ।

ਫਿਰੋਜ਼ਪੁਰ ਦੇ ਬਲਾਕ ਮਖੂ ਦੇ ਪਿੰਡ ਨਿਜ਼ਾਮਵਾਲਾ ਦਾ 25 ਸਾਲ ਦਾ ਨੌਜਵਾਨ ਨਸ਼ੇ ਦੀ ਵੱਧ ਮਾਤਰਾ ਲੈਣ ਨਾਲ ਮਰ ਗਿਆ। ਮਰਨ ਵਾਲਾ ਪਿਛੇ ਪਤਨੀ, ਪੁੱਤਰ, ਦੋ ਪੁੱਤਰੀਆਂ ਛੱਡ ਗਿਆ। ਮਾਪੇ ਤੇ ਪੂਰਾ ਸਮਾਜ ਉਦਾਸ ਹੈ। ਹਾਲੇ ਦੋ ਕੁ ਦਿਨ ਪਹਿਲਾਂ ਪੰਜਾਬ ਪੁਲਸ ਦਾ ਇੱਕ ਸਿਪਾਹੀ ਤੇ ਇੱਕ ਹੋਮ ਗਾਰਡ ਗੋਲੀਆਂ ਨਾਲ ਬੈਠੇ-ਸੁੱਤੇ ਭੁੰਨ ਦਿੱਤੇ ਗਏ। ਨੌਜਵਾਨ ਕਰਨੈਲ ਸਿੰਘ ਦਾ ਇਸੇ ਘਟਨਾ ਦੇ ਸਿੱਟੇ ਵਜੋਂ ਪੁਲਿਸ ਮੁਕਾਬਲਾ ਹੋਇਆ ਦੱਸਿਆ ਜਾਂਦਾ ਹੈ।

ਗੈਂਗਸਟਰ ਸਰਗਰਮੀਆਂ ਜ਼ੋਰਾਂ 'ਤੇ ਹਨ। ਪੰਜਾਬੀ ਗਾਇਕ ਪਰਮੀਸ਼ ਵਰਮਾ ਤੋਂ ਗੈਂਗਸਟਰਾਂ ਨੇ 10 ਕਰੋੜ ਦੀ ਫ਼ਿਰੌਤੀ ਮੰਗੀ ਹੈ। ਕੁਝ ਦਿਨ ਪਹਿਲਾਂ ਕਿਸਾਨ ਜੱਥੇਬੰਦੀ ਉਗਰਾਹਾਂ ਵਲੋਂ ਕੀਤੇ ਜਾ ਰਹੇ ਅੰਦੋਲਨ ਨੂੰ ਨਜਿੱਠਣ ਲਈ ਇੱਕ ਪੂਰੇ ਪਿੰਡ ਦੇ ਵਸ਼ਿੰਦਿਆਂ ਨੂੰ ਸਬਕ ਸਿਖਾਉਣ ਲਈ ਅੱਥਰੂ ਗੈਸ ਦੇ ਗੋਲੇ ਪੰਜਾਬ ਪੁਲਿਸ ਵੱਲੋਂ ਛੱਡੇ ਗਏ। ਇੱਕ ਕਿਸਾਨ ਦੀਆਂ ਲੱਤਾਂ ਬੁਰੀ ਤਰ੍ਹਾਂ ਤੋੜ ਦਿੱਤੀਆਂ ਗਈਆਂ। ਪੂਰੇ ਪੰਜਾਬ 'ਚ ਇਹੋ ਜਿਹਾ ਮਾਹੌਲ ਸਿਰਜਿਆ ਗਿਆ ਕਿ ਹਾਕਮ ਧਿਰ, ਪਰਜਾ ਤੋਂ ਉੱਪਰ ਹੈ, ਉਸ ਉੱਤੇ ਚੁੱਕੇ ਗਏ ਸਵਾਲ ਬਰਦਾਸ਼ਤ ਕਰਨ ਯੋਗ ਨਹੀਂ। ਸੂਬੇ 'ਚ ਕਿਸਾਨ ਅੰਦੋਲਨ ਕਰ ਰਹੇ ਹਨ, ਉਹਨਾਂ ਦੀਆਂ ਹੱਕੀ ਮੰਗਾਂ ਮੰਨੀਆਂ ਨਹੀਂ ਜਾ ਰਹੀਆਂ। ਮੁਲਾਜ਼ਮਾਂ ਦੀਆਂ ਉਹ ਮੰਗਾਂ ਜਿਹਨਾਂ ਨੂੰ ਮੰਨਣ ਦਾ ਵਾਇਦਾ "ਆਮ ਆਦਮੀ ਪਾਰਟੀ"ਨੇ ਆਪਣੇ ਚੋਣ ਪ੍ਰਚਾਰ ਸਮੇਂ ਕੀਤਾ ਸੀ, ਉਸ ਤੋਂ ਮੁਕਰਿਆ ਜਾ ਰਿਹਾ ਹੈ।

ਗੱਲ ਦੂਰ ਦੀ ਕਿਉਂ ਕਰੀਏ, ਇੱਕ ਉਸ ਵਾਰ ਦੀ ਕਰ ਲੈਂਦੇ ਹਾਂ, ਜਦੋਂ ਅਕਾਲੀ-ਭਾਜਪਾ ਇਕੱਠੇ ਪ੍ਰਕਾਸ਼ ਸਿੰਘ ਬਾਦਲ ਦੀ ਸਰਕਾਰ ਬਣਾਈ ਬੈਠੇ ਸਨ। ਗੱਲ ਉਸ ਵੇਲੇ ਦੀ ਵੀ ਕਰ ਲੈਂਦੇ ਹਨ ਜਦੋਂ ਕਾਂਗਰਸ ਦਾ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਬਣਿਆ ਰਿਹਾ ਅਤੇ ਗੱਲ ਤਾਂ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵੀ ਕਰਨੀ ਬਣਦੀ ਹੈ। ਗੱਲ ਇਹਨਾਂ ਦੀਆਂ ਸਖ਼ਸ਼ੀਅਤਾਂ ਦੀ ਕਿਉਂ ਕਰੀਏ ਕਿ ਉਹ ਕੀ ਸਨ, ਕੀ ਹਨ, ਗੱਲ ਤਾਂ ਉਹਨਾਂ ਦੇ ਕਾਰਜ ਕਾਲ ਦੌਰਾਨ "ਪੰਜਾਬ"ਨੂੰ ਦਿੱਤੇ ਯੋਗਦਾਨ ਦੀ ਕਰਨੀ ਚਾਹੀਦੀ ਹੈ। ਉਸ ਪੰਜਾਬ ਦੀ ਜਿਹੜਾ ਆਜ਼ਾਦੀ ਤੋਂ ਬਾਅਦ ਲਗਾਤਾਰ ਕੋਹਿਆ ਗਿਆ, ਕੁੱਟਿਆ ਗਿਆ, ਭੰਨਿਆ ਗਿਆ ਅਤੇ ਜਿਸ ਦਾ ਪੋਟਾ-ਪੋਟਾ ਨਪੀੜਿਆ, ਲਿਤਾੜਿਆ ਗਿਆ ਅਤੇ ਜਿਸਦੇ ਵਸ਼ਿੰਦੇ ਇਹਨਾਂ ਵਰ੍ਹ?ਆਂ 'ਚ ਦੇਸੋਂ ਪਰਦੇਸੀ ਹੋਏ, ਓਪਰੇ ਹੋਏ, ਪਰਾਏ ਕਰ ਦਿੱਤੇ ਗਏ ਅਤੇ ਜਿਹਨਾਂ ਪੰਜਾਬੀਆਂ ਇੱਥੇ ਰਹਿਕੇ ਹੱਕ-ਸੱਚ ਲਈ ਅਵਾਜ਼ ਉਠਾਈ, ਉਹ ਇਸ ਜਹਾਨ ਤੋਂ ਹੀ ਤੋਰ ਦਿੱਤੇ ਗਏ। ਇਹਨਾਂ ਵਰ੍ਹਿਆਂ 'ਚ ਪੰਜਾਬ ਨੂੰ ਨਾ '47 ਭੁਲਿਆ, ਨਾ ਚੌਰਾਸੀ। ਨਾ ਪੰਜਾਬ ਨੂੰ ਗਰਮ ਲਹਿਰਾਂ 'ਚ ਬੇਦੋਸ਼ੇ ਮਾਰੇ ਗਏ ਨੌਜਵਾਨ ਭੁਲੇ, ਨਾ ਬੱਸਾਂ 'ਚੋਂ ਕੱਢ-ਕੱਢ ਕੇ ਮਾਰੇ ਗਏ ਬੇਕਸੂਰੇ। ਨਾ ਪੰਜਾਬ ਨੂੰ ਇਹ ਭੁਲਿਆ ਕਿ ਪੰਜਾਬ ਦੇ ਪਾਣੀ ਖੋਹੇ ਗਏ, ਅਤੇ ਨਾ ਹੀ ਭੁਲਿਆ ਕਿ 1966 'ਚ ਪੁਨਰਗਠਨ ਸਮੇਂ ਉਸ ਦੀ ਉਹ ਰਾਜਧਾਨੀ ਖੋਹ ਲਈ ਗਈ, ਜਿਹੜੀ ਪੰਜਾਬ ਦੇ ਪਿੰਡਾਂ ਨੂੰ ਉਜਾੜਕੇ ਬਣਾਈ ਗਈ। ਨਾ ਹੀ ਪੰਜਾਬ ਇਹ ਭੁਲ ਸਕਿਆ ਕਿ ਦਿੱਲੀ ਦੇ ਹਾਕਮ ਨਿਤ-ਦਿਹਾੜੇ, ਉਸ ਨਾਲ ਦੁਪਰਿਆਰਾ ਸਲੂਕ ਕਰਦੇ ਹਨ, ਬਾਵਜੂਦ ਇਸ ਗੱਲ ਦੇ ਕਿ ਉਹ ਦੇਸ਼ ਦਾ ਅੰਨਦਾਤਾ ਹੈ। ਬਾਵਜੂਦ ਇਸ ਗੱਲ ਦੇ ਕਿ ਹਰੀ ਕ੍ਰਾਂਤੀ ਨੇ ਉਸਦੀ ਉਪਜਾਊ ਧਰਤੀ ਖੋਹ ਲਈ, ਖੋਖਲੀ ਕਰ ਦਿੱਤੀ, ਜ਼ਹਿਰਾਂ ਨਾਲ ਭਰ ਦਿੱਤੀ ਤੇ ਸਿੱਟੇ ਵਜੋਂ ਪੰਜਾਬ ਦਾ ਪਾਣੀ ਮੁਕਾ ਦਿੱਤਾ। ਪੱਲੇ ਕੈਂਸਰ ਪਾ ਦਿੱਤਾ। ਖੁਦਕੁਸ਼ੀਆਂ ਕਰਨ ਵਾਲੇ ਜੀਵਨ ਦੇ ਰਾਹ ਪਾ ਦਿੱਤਾ।



ਗੁਰਮੀਤ ਸਿੰਘ ਪਲਾਹੀ

ਪੰਜ ਦਰਿਆਵਾਂ ਦੀ ਧਰਤੀ, ਵੱਢ-ਟੁੱਕ ਕੇ ਢਾਈ ਦਰਿਆਵਾਂ ਤੱਕ ਸੀਮਤ ਕਰ ਦਿੱਤੀ ਗਈ। ਕਿਸਾਨ ਮਜ਼ਦੂਰ ਔਖੇ ਰਾਹੀਂ ਪਾ ਦਿੱਤੇ ਗਏ। ਕਿਸਾਨਾਂ ਦੀਆਂ ਜ਼ਮੀਨਾਂ ਦੇ ਛੋਟੇ-ਛੋਟੇ ਟੁੱਕੜੇ ਹਥਿਆਉਣ ਲਈ ਵੀ ਪਹਿਲਾਂ ਕੇਂਦਰ ਨੇ ਤਿੰਨ ਕਾਲੇ ਕਾਨੂੰਨ ਪਾਸ ਕੀਤੇ ਅਤੇ ਫਿਰ ਮੌਜੂਦਾ ਸੂਬਾ ਸਰਕਾਰ ਨੇ ਕਿਸਾਨਾਂ ਦੀ ਜ਼ਮੀਨ ਹਥਿਆਉਣ ਲਈ ਨਵੀਆਂ ਤਰਕੀਬਾਂ ਕੱਢ ਮਾਰੀਆਂ। ਵੱਡੇ-ਵੱਡੇ ਮਾਰਗ ਪੰਜਾਬ ਦੀ ਛਾਤੀ ਚੀਰ ਕੇ ਬਣਾਏ ਜਾਣ ਲੱਗੇ ਹਨ। ਹਾਈਵੇ ਥਾਂ-ਥਾਂ ਬਣਾਕੇ ਕਿਸਾਨਾਂ ਦੀ ਜ਼ਮੀਨ ਕਿਧਰੇ ਟੋਟਿਆਂ 'ਚ ਵੰਡੀ ਜਾ ਰਹੀ ਹੈ ਅਤੇ ਕਿਧਰੇ ਹਾਈਵੇਜ਼ ਬਣਾਏ ਜਾ ਰਹੇ ਹਨ। ਪਰ ਇਹਨਾਂ ਹਾਈਵੇਜ਼ ਦਾ ਫ਼ਾਇਦਾ ਕਿਸਨੂੰ ਹੋਏਗਾ? ਕੀ ਪੰਜਾਬ ਨੂੰ ? ਕੀ ਪੰਜਾਬੀਆਂ ਨੂੰ? ਜਾਂ ਫਿਰ ਕਾਰਪੋਰੇਟਾਂ ਨੂੰ, ਜੋ ਇਥੋਂ ਅਤੇ ਲਾਗਲੇ ਸੂਬਿਆਂ 'ਚੋਂ ਕੱਚਾ ਮਾਲ ਢੋਕੇ ਵੱਧ ਮੁਨਾਫ਼ਾ ਕਮਾਉਣਗੇ। 'ਤੇ ਕਿਸਾਨ ਜਿਹਨਾਂ ਦੀ ਜ਼ਮੀਨ ਖੋਈ ਜਾਣੀ ਹੈ, ਦਿਹਾੜੀਆਂ ਕਰਨ'ਤੇ ਮਜ਼ਬੂਰ ਹੋ ਜਾਣਗੇ। ਕੀ ਇਸ ਨਾਲ ਪੰਜਾਬ ਖੁਸ਼ਹਾਲ ਹੋਏਗਾ? ਕੀ ਇਥੋਂ ਦੇ ਨੌਜਵਾਨਾਂ ਨੂੰ ਇਸ ਨਾਲ ਕੋਈ ਰੁਜ਼ਗਾਰ ਮਿਲੇਗਾ?

ਪੰਜਾਬ ਦੀ ਸਥਿਤੀ ਗੰਭੀਰ ਹੈ! ਨੌਜਵਾਨ ਹਰ ਹੀਲੇ ਸੂਬੇ 'ਚੋਂ ਭੱਜਣਾ ਚਾਹੁੰਦੇ ਹਨ, ਕਿਉਂਕਿ ਉਹਨਾਂ ਨੂੰ ਆਪਣਾ ਭਵਿੱਖ ਇੱਥੇ ਸਾਵਾਂ, ਸੁਖਾਵਾਂ ਨਹੀਂ ਦਿਸਦਾ। ਪੰਜਾਬ ਦੇ ਪਿੰਡ ਅਤੇ ਹੁਣ ਤਾਂ ਸ਼ਹਿਰਾਂ 'ਚ ਵੀ ਨਸ਼ਿਆਂ ਦਾ ਅਤਿਅੰਤ ਬੋਲਬਾਲਾ ਹੈ। ਵਿਦੇਸ਼ ਗਏ ਨੌਜਵਾਨਾਂ ਦੇ ਮਾਪੇ ਇਕੱਲਤਾ ਦਾ ਜੀਵਨ ਬਿਤਾ ਰਹੇ ਹਨ। ਵਿਦੇਸ਼ ਵਸਦੇ ਪੰਜਾਬੀ ਆਪਣੀ ਜ਼ਮੀਨ ਜਾਇਦਾਦ ਵੇਚਣ ਲਈ ਪੰਜਾਬ ਆਉਂਦੇ, ਇਹ ਕਹਿੰਦੇ ਸੁਣੀਂਦੇ ਹਨ ਕਿ ਉਹਨਾਂ ਦੀ ਔਲਾਦ ਨੇ ਪੰਜਾਬ ਨਹੀਂ ਪਰਤਣਾ, ਹੁਣ ਪੰਜਾਬ ÷ਰਹਿਣਯੋਗ"ਨਹੀਂ ਰਿਹਾ। ਆਪਣੀ ਜਨਮ ਭੂਮੀ ਨੂੰ ਅੰਤਾਂ ਦਾ ਪਿਆਰ ਕਰਨ ਵਾਲੇ ਇਹ ਪੰਜਾਬੀ ਆਖ਼ਿਰ ਸਾਡੇ ਹਾਕਮਾਂ, ਸਾਡੀਆਂ ਸਰਕਾਰਾਂ ਨੇ ਇੰਨੇ ਉਪਰਾਮ ਕਿਉਂ ਕਰ ਦਿੱਤੇ ਹਨ? ਕੀ ਦੋਸ਼ ਇਹਨਾਂ ਸਿਆਸਤਦਾਨਾਂ, ਹਾਕਮਾਂ ਦਾ ਨਹੀਂ ਹੈ, ਜਿਹਨਾਂ ਪੰਜਾਬ ਦੀ ਸੱਤਾ ਹਥਿਆਉਣ ਲਈ ਤਾਂ ਹਰ ਹੀਲਾ ਵਰਤਿਆ, ਪਰ ਇੱਥੇ ਅਮਨ ਕਾਨੂੰਨ ਦੀ ਸਥਿਤੀ ਸੁਖਾਵਾਂ ਕਰਨ, ਇੱਥੇ ਬੇਰੁਜ਼ਗਾਰੀ ਰੋਕਣ, ਇੱਥੇ ਦੇ ਵਾਤਾਵਰਣ ਨੂੰ ਸੁੰਦਰ ਪ੍ਰਦੂਸ਼ਣ ਰਹਿਤ ਬਣਾਉਣ ਲਈ ਢਿੱਡੋਂ ਯਤਨ ਨਹੀਂ ਕੀਤਾ। ਕੀਤਾ ਹੁੰਦਾ ਤਾਂ ਅੱਜ ਪੰਜਾਬ ਦੇ ਵਿਦੇਸ਼ ਵਸਦੇ ਪੰਜਾਬੀ ਆਪਣੇ ਪੰਜਾਬ ਨੂੰ ਹਿੱਕ ਨਾਲ ਲਾਉਂਦੇ।

ਅਜ਼ਾਦੀ ਦੇ 78 ਵਰ੍ਹਿਆਂ ਬਾਅਦ ਪੰਜਾਬ ਅੱਜ ਵੀ ਵਿਕਾਸ ਪੱਖੋਂ ਊਣਾ ਹੈ। ਸਿੱਖਿਆ ਪੱਖੋਂ ਪਿਛੇ ਹੈ। ਉਦਯੋਗ ਵਿੱਚ ਤਾਂ ਇਸਦਾ ਥਾਂ ਹੀ ਕੋਈ ਨਹੀਂ। ਤੇ ਫੇਰ ਰੁਜ਼ਗਾਰ ਕਿੱਥੋਂ ਮਿਲੂ? ਆਮ ਸਿਹਤ ਸੁਵਿਧਾਵਾਂ, ਕਹਿਣ ਲਈ ਵੱਡੀਆਂ ਦਿਸ ਰਹੀਆਂ ਹੋਣਗੀਆਂ, ਪਰ ਕੀ ਇਹ ਆਮ ਆਦਮੀ ਦੀ ਪਹੁੰਚ 'ਚ ਹਨ? ਕੀ ਸਿੱਖਿਆ, ਸਿਹਤ, ਵਾਤਾਵਰਨ ਅਤੇ ਪੰਜਾਬ ਦੇ ਪਾਣੀਆਂ ਅਤੇ ਹੋਰ ਹੱਕਾਂ ਦੀ ਰਾਖੀ, ਉਦਯੋਗਿਕ ਵਿਕਾਸ ਲਈ ਪਿਛਲੀਆਂ ਤਿੰਨ ਸਰਕਾਰਾਂ ਦੇ ਉੱਦਮ ਉਪਰਾਲੇ ਜਾਂ ਕੋਸ਼ਿਸ਼ਾਂ ਸਾਰਥਕ ਸਨ। ਬਾਦਲ ਦੀ ਅਗਵਾਈ ਵਾਲੀ (2012-17) ਦੀ ਸਰਕਾਰ ਕੇਂਦਰ ਸਰਕਾਰ 'ਚ ਭਾਜਪਾ ਸਰਕਾਰ ਹੋਣ ਦੇ ਬਾਵਜੂਦ 'ਨਾ ਕੋਈ ਵੱਡਾ ਪ੍ਰਾਜੈਕਟ' ਪੰਜਾਬ ਲਿਆ ਸਕੀ ਅਤੇ ਨਾ ਹੀ ਚੰਡੀਗੜ੍ਹ ਪੰਜਾਬ ਨੂੰ ਦੁਆ ਸਕੀ। ਭਾਸ਼ਾ ਦੇ ਆਧਾਰ ਉੱਤੇ ਬਣੇ ਸੂਬੇ ਪੰਜਾਬ ਲਈ ਸੰਘਰਸ਼ ਕਰਨ ਵਾਲੀ ਪਾਰਟੀ ਪੰਜਾਬੀ ਨੂੰ ਵੀ ਦਫ਼ਤਰਾਂ, ਅਦਾਲਤਾਂ 'ਚ ਲਾਗੂ ਨਾ ਕਰ ਸਕੀ। ਦਰਿਆਈ ਪਾਣੀਆਂ ਦਾ ਮਸਲਾ ਦਿੱਲੀ ਹਾਕਮਾਂ ਤੋਂ ਹੱਲ ਨਾ ਕਰਵਾ ਸਕੀ। ਨਸ਼ਿਆਂ ਦਾ ਚਲਣ ਇਸ ਸਰਕਾਰ ਵੇਲੇ ਵਧਿਆ। ਨੌਜਵਾਨਾਂ 'ਚ ਨਿਰਾਸ਼ਤਾ ਵਧੀ। ਸੂਬਾ ਕਰਜ਼ਾਈ ਹੋਇਆ ਅਤੇ ਨਸ਼ਿਆਂ ਤੋਂ ਮੁਕਤੀ ਕੁਝ ਦਿਨਾਂ 'ਚ ਦੇਣ ਦੇ ਨਾਹਰੇ ਦੇ ਕੇ ਕੈਪਟਨ ਅਮਰਿੰਦਰ ਸਿੰਘ ਅਤੇ ਕਾਂਗਰਸ ਦੀ ਸਰਕਾਰ (2017-2022) ਪੰਜੇ ਵਰ੍ਹੇ ਨਸ਼ਾ ਮੁਕਤ ਪੰਜਾਬ, ਦਾ ਨਾਹਰਾ ਦਿੰਦੀ ਰਹੀ। ਗੱਲੀਂ ਬਾਤੀ ਭਾਜਪਾ ਦੀ ਕੇਂਦਰ ਸਰਕਾਰ ਨਾਲ ਲੜਦੀ ਰਹੀ, ਅਸੰਬਲੀ 'ਚ ਮਤੇ ਵੀ ਪਾਉਂਦੀ ਰਹੀ, ਪਰ ਨਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਹੁਰਮਤੀ ਦਾ ਮਸਲਾ ਹੱਲ ਕਰ ਸਕੀ, ਨਾ ਪੰਜਾਬ ਦੇ ਪਾਣੀਆਂ ਦਾ। ਨੌਜਵਾਨਾਂ ਦੀ ਬੇਰੁਜ਼ਗਾਰੀ, ਨਸ਼ਿਆਂ ਦੀ ਦਲਦਲ 'ਚ ਫਸਣ ਅਤੇ ਵਿਦੇਸ਼ਾਂ ਵੱਲ ਭੱਜਣ ਦਾ ਰੁਝਾਨ ਉਹਨਾਂ ਦੇ ਸਮੇਂ ਚਰਮ ਸੀਮਾਂ 'ਤੇ ਪੁੱਜਿਆ। ਮੌਜੂਦਾ ਸਰਕਾਰ (2022 ਤੋਂ ਹੁਣ ਤੱਕ) ਇਹਨਾਂ ਮਸਲਿਆਂ 'ਚ ਵੱਡੇ ਨਾਹਰੇ ਲਾਉਂਦੀ ਰਹੀ। ਨਸ਼ਾ ਮੁਕਤੀ ਲਈ ਵੱਡੇ ਪ੍ਰਾਜੈਕਟ ਉਲੀਕਦੀ ਰਹੀ, ਪਰ ਹੱਥ ਪੱਲੇ ਕੀ ਪਿਆ? ਵਿਸ਼ਲੇਸ਼ਣ ਦਾ ਵਿਸ਼ਾ ਹੈ। ਪੰਜਾਬ ਸਿਰ ਕਰਜ਼ਾ ਵਧਿਆ ਹੈ। ਬੇਰੁਜ਼ਗਾਰੀ ਦੀ ਦਰ ਨਹੀਓਂ ਘੱਟੀ। ਜ਼ਮੀਨੀ ਪੱਧਰ 'ਤੇ ਸਿਹਤ ਸਹੂਲਤਾਂ ਦੀ ਕਮੀ ਹੁਣ ਵੀ ਅਖਰਦੀ ਹੈ ਅਤੇ ਸਭ ਤੋਂ ਅੱਖੜ ਰਿਹਾ ਹੈ, ਚੁੱਭ ਰਿਹਾ ਹੈ ਸਿਆਸਤਦਾਨਾਂ ਦਾ ਵਿਵਹਾਰ। ਇੱਕ-ਦੂਜੇ ਪ੍ਰਤੀ ਸ਼ਰੀਕੇਬਾਜੀ ਵਾਲਾ ਵਰਤਾਓ ਨੈਤਿਕ ਕਦਰਾਂ-ਕੀਮਤਾਂ ਉਲੰਘਕੇ ਬੋਲੇ ਗਏ ਭੈੜੇ, ਭੜਕਾਊ, ਬੋਲ! ਸਿਆਸਤ ਵਿੱਚ " ਚੱਕ ਦਿਆਂਗੇ, ਮਿੱਧ ਦਿਆਂਗੇ"ਵਰਗੇ ਬੋਲ ਕੀ ਸੱਚਮੁੱਚ ਸਿਆਸਤ ਹੈ ਜਾਂ ਹੰਕਾਰੀ ਬੋਲ?

ਪੰਜਾਬ 'ਚ ਸਿਆਸਤਦਾਨ, ਇੱਕ-ਦੂਜੇ ਵਿਰੁੱਧ ਜਿਸ ਕਿਸਮ ਦੀ ਅਭੱਦਰ ਭਾਸ਼ਾ ਬੋਲਦੇ ਹਨ, ਉਹ ਸਿਆਣਿਆਂ ਵਾਲੀ ਭਾਸ਼ਾ ਨਹੀਂ, ਜਿਸ ਕਿਸਮ ਦੀ ਨੀਵੇਂ ਦਰਜੇ ਦੀ ਉਹ ਸਿਆਸਤ ਕਰਦੇ ਹਨ, ਉਹ ਸੱਚਮੁਚ ਸਹਿਣਯੋਗ ਨਹੀਂ। ਪਾਰਟੀਆਂ ਚੋਣਾਂ ਲੜਨ, ਆਪਣਾ ਚੋਣ ਪ੍ਰੋਗਰਾਮ ਦੇਣ! ਸਿਆਸਤੀ ਧਿਰਾਂ ਪੰਜਾਬ ਦੀ ਬੇਰੁਜ਼ਗਾਰੀ ਦੀ ਗੱਲ ਕਰਨ। ਪੰਜਾਬ ਦੀ ਬੇਰੁਜ਼ਗਾਰੀ ਦੀ ਗੱਲ ਕਰਨ। ਪੰਜਾਬ ਦੀ ਖੇਤੀ, ਕਿਸਾਨਾਂ, ਮਜ਼ਦੂਰਾਂ ਦੀ ਗੱਲ ਕਰਨ, ਉਹਨਾਂ ਦੀਆਂ ਸਮੱਸਿਆਵਾਂ ਹੱਲ ਕਰਨ ਦਾ ਪ੍ਰੋਗਰਾਮ ਦੇਣ। ਪੰਜਾਬ 'ਚ ਚੰਗੇ ਸ਼ਾਸ਼ਨ ਪ੍ਰਬੰਧ ਅਤੇ ਭ੍ਰਿਸ਼ਟਾਚਾਰ ਮੁਕਤੀ ਦੀ ਗੱਲ ਕਰਨ ਜੋ ਹੁਣ ਸਾਡੀ ਨਸ-ਨਸ 'ਚ ਦੌੜ ਰਿਹਾ ਹੈ। ਪੰਜਾਬ ਦੇ ਪਿੰਡਾਂ ਦੇ ਸਮੂਹਿਕ ਵਿਕਾਸ ਦੀ ਗੱਲ ਕਰਨ, ਪੰਜਾਬ 'ਚੋਂ ਧੜੇਬੰਦੀ ਖ਼ਤਮ ਕਰਕੇ ਆਪਸੀ ਸਹਿਹੋਂਦ ਬਣਾਉਣ ਦੀ ਬਾਤ ਪਾਉਣ । ਪੰਜਾਬ 'ਚ ਖੇਤੀ ਉਦਯੋਗ ਲਿਆਉਣ ਦਾ ਖਾਕਾ ਤਿਆਰ ਕਰਨ। ਮਾਂ-ਬੋਲੀ ਪੰਜਾਬੀ ਅਤੇ ਸੱਭਿਆਚਾਰ ਦੇ ਵਿਕਾਸ ਲਈ, ਡਿਜ਼ੀਟਲ ਸਹੂਲਤਾਂ ਦੇ ਵਿਕਾਸ ਲਈ ਪ੍ਰੋਗਰਾਮ ਉਲੀਕਣ ਅਤੇ ਸਾਂਝੇ ਪਲੇਟਫਾਰਮ 'ਤੇ ਚਰਚਾ ਕਰਨ। ਕਿਉਂ ਨਾ ਚਰਚਾ ਕਰਨ ਪੰਜਾਬ ਦੇ ਸਾਰੇ ਸਿਆਸਤਦਾਨ ਪੰਜਾਬ ਦੇ ਖੋਹੇ ਗਏ ਹੱਕਾਂ ਦੀ ਇੱਕ-ਜੁੱਟ ਹੋਕੇ, ਇਸ ਨਾਲ ਹੋ ਰਹੇ ਵਿਤਕਰਿਆਂ ਦੀ, ਭਾਵੇਂ ਉਹ ਕੇਂਦਰ 'ਚ ਰਾਜ ਕਰਨ ਵਾਲੀ ਪਾਰਟੀ ਦੇ ਸਰਗਰਮ ਮੈਂਬਰ ਹੀ ਕਿਉਂ ਨਾ ਹੋਣ? ਪੰਜਾਬ ਦੇ ਭੱਦਰਪੁਰਸ਼ ਸਿਆਸਤਦਾਨੋ, ਕੰਧ 'ਤੇ ਲਿਖਿਆ ਪੜ੍ਹਨ ਦੀ ਲੋੜ ਹੈ। ਪੰਜਾਬ ਦੇ ਲੋਕ ਹਰ ਉਸ ਨਵੀਂ ਚੀਜ਼ ਨੂੰ ਜੀਅ ਆਇਆਂ ਆਖਦੇ ਹਨ, ਜਿਹੜੀ ਉਹਨਾਂ ਦੇ ਮਨ ਨੂੰ ਭਾਉਂਦੀ ਹੈ। ਪਰ ਹਰ ਉਸ ਚੀਜ਼ ਨੂੰ ਫਿਟਕਾਰ ਦਿੰਦੇ ਹਨ, ਜਿਹੜੇ ਇਸ ਸੂਬੇ ਦੇ ਵਸ਼ਿੰਦਿਆਂ 'ਚ ਪਾੜ ਪਾਉਂਦੀ ਹੈ, ਭਾਈਚਾਰਕ ਸਾਂਝ ਨੂੰ ਪਿੰਜਦੀ ਹੈ ਅਤੇ ਸੂਬੇ ਦੇ ਹਿੱਤਾਂ ਦੇ ਖ਼ਿਲਾਫ ਹੈ।

ਭਾਈ, ਨਹੀਓਂ ਚੰਗੇ ਹਾਲਾਤ ਪੰਜਾਬ ਦੇ । ਸੇਵਾ ਭਾਵਨਾ ਵਾਲੇ ਸਿਆਸਤਦਾਨ, ਬੁੱਧੀਜੀਵੀ ਸਿਆਣੇ ਹਾਲਾਤਾਂ ਨੂੰ ਸਮਝਣਗੇ ਤਾਹੀਓਂ ਪੁਰੇ ਦੀ ਵਗਦੀ ਗਰਮ ਹਵਾ ਰੁਕੇਗੀ। ਪੱਛੋਂ ਦੀਆਂ ਠੰਢੀਆਂ ਹਵਾਵਾਂ ਆਉਣਗੀਆਂ। ਪੰਜਾਬ 'ਚ ਮੁੜ ਖ਼ੁਸ਼ਹਾਲੀ ਆਏਗੀ। ਵੇਲਾ ਭੈੜੀ ਸਿਆਸਤ ਦਾ ਨਹੀਂ, ਪੰਜਾਬ ਨੂੰ ਸੰਭਾਲਣ ਲਈ ਇੱਕ-ਮੁੱਠ ਹੋ ਕੇ ਯਤਨ ਕਰਨ ਦਾ ਹੈ। ਕਲਮਾਂ ਵਾਲਿਓ, ਰਤਾ ਆਪਣੀ ਕਲਮ ਦੇ ਬੋਲ, ਲੋਕਾਂ ਦੇ ਬੋਲਾਂ ਵਰਗੇ ਬਣਨ ਲਈ ਤੁਸੀਂ ਵੀ ਤਾਂ ਸੁਪਨਈ ਨੀਂਦ 'ਚੋਂ ਬਾਹਰ ਆਓ!

**ਸੰਪਰਕ** : 98158-02070

# ਵਿਕਸਿਤ ਭਾਰਤ ਦੇ ਖ਼ੁਆਬ ਵਿੱਚ ਹਕੀਕਤ ਦੇ ਰੰਗ ਭਰਦਾ 'ਗੁਜਰਾਤ'

ਜ਼ਿਕਰ ਪੰਜਾਬ

ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਜੀ ਨੇ ਜਿਸ ਧਰਤੀ 'ਤੇ ਵਿਕਸਿਤ ਭਾਰਤ ਦਾ ਜੋ ਖ਼ੁਆਬ ਖ਼ੁਦ ਦੇਖਿਆ ਅਤੇ ਸਮੁੱਚੇ ਦੇਸ਼-ਵਾਸੀਆਂ ਨੂੰ ਦਿਖਾਇਆ, ਅੱਜ ਉਸੇ ਧਰਤੀ ਵਰਗਾ ਵਿਕਾਸ ਦਾ ਰੰਗ ਸਮੁੱਚੇ ਭਾਰਤ ਦੀ ਸਰਜ਼ਮੀਨ 'ਤੇ ਗੂੜ੍ਹਾ ਹੁੰਦਾ ਨਜ਼ਰ ਆ ਰਿਹਾ ਹੈ। ਸਾਡੀ ਪੀੜ੍ਹੀ ਬੜੀ ਖ਼ੁਸ਼ਨਸੀਬ ਹੈ, ਜੋ ਵਿਕਸਿਤ ਭਾਰਤ ਦੇ ਖ਼ੁਆਬ ਨੂੰ ਬੜੀ ਤੇਜ਼ੀ ਨਾਲ ਸਾਕਾਰ ਹੁੰਦੇ ਹੋਏ ਆਪਣੇ ਅੱਖੀਂ ਦੇਖ ਰਹੀ ਹੈ। ਵਿਕਸਿਤ ਭਾਰਤ ਦੀ ਇੱਕ ਖ਼ੂਬਸੂਰਤ ਮਿਸਾਲ ਹੈ, 'ਗੁਜਰਾਤ'। ਗੁਜਰਾਤ ਦੀ ਧਰਤੀ ਸਿਰਫ਼ ਉਦਯੋਗ, ਊਰਜਾ, ਟੈਕਨਾਲੋਜੀ, ਟਰਾਂਸਪੋਰਟ, ਸੈਰ-ਸਪਾਟੇ, ਡੇਅਰੀ ਆਦਿ ਖੇਤਰ ਵਿੱਚ ਤੇਜ਼ੀ ਨਾਲ ਹੋ ਰਹੇ ਵਿਕਾਸ ਦਾ ਹੀ ਨਾਮ ਨਹੀਂ ਹੈ, ਸਗੋਂ ਇਸ ਵਿਕਾਸ ਦੀ ਰਫ਼ਤਾਰ ਵਿੱਚ ਇਸ ਸੂਬੇ ਨੇ ਆਪਣੀ ਵਿਰਾਸਤ ਅਤੇ ਸਲੀਕੇ ਦਾ ਪੱਲਾ ਵੀ ਘੁੱਟ ਕੇ ਫੜ੍ਹ ਰੱਖਿਆ ਹੈ। ਅਸਲ ਵਿੱਚ ਇਹੀ ਇਸ ਦੇ ਵਿਕਾਸ ਦੀ ਚਾਬੀ ਹੈ। ਗੁਜਰਾਤ ਉਹ ਧਰਤੀ ਹੈ, ਜਿੱਥੋਂ ਦੇ ਲੋਕੀਂ ਮਰਦ ਦੇ ਨਾਮ ਪਿੱਛੇ 'ਭਾਈ' ਅਤੇ ਔਰਤ ਦੇ ਨਾਮ ਪਿੱਛੇ 'ਭੈਣ' ਆਖ ਬੁਲਾਉਂਦੇ ਹਨ। ਅਪਣੱਤ ਦੀ ਇਸ ਤੋਂ ਵੱਡੀ ਮਿਸਾਲ ਹੋਰ ਕੀ ਹੋਵੇਗੀ ਕਿ ਇੱਥੋਂ ਦੇ ਲੋਕ ਦੇਸ਼ ਦੇ ਮਾਣਯੋਗ ਪ੍ਰਧਾਨ ਮੰਤਰੀ ਦਾ ਨਾਮ ਵੀ ਜਦੋਂ ਬੋਲਦੇ ਹਨ ਤਾਂ ਉਹ ਸ਼?ਰੀ ਨਰੇਂਦਰ 'ਭਾਈ' ਮੋਦੀ ਜੀ ਆਖਦੇ ਹਨ। ਗੁਜਰਾਤ ਖ਼ੁਆਬਾਂ ਨੂੰ ਦ੍ਰਿੜ੍ਹ ਹੌਸਲਾ ਦੇਣ ਵਾਲਾ ਸੂਬਾ ਹੈ। ਇਹ ਸੂਬਾ ਇਸ ਗੱਲ ਦਾ ਗਵਾਹ ਹੈ ਕਿ ਜੋ ਖ਼ੁਆਬ ਨਿੱਜ ਤੋਂ ਉੱਪਰ ਉੱਠ ਕੇ ਲੋਕ-ਹਿਤ ਲਈ ਦੇਖੇ ਜਾਣ ਉਹ ਜ਼ਰੂਰ ਸਾਕਾਰ ਹੁੰਦੇ ਹਨ। ਇਸ ਦੀ ਇੱਕ ਮਿਸਾਲ ਹੈ, ਗੁਜਰਾਤ ਦੇ ਏਕਤਾ ਨਗਰ ਦਾ 'ਸਟੈਚੂ ਆਫ਼ ਯੂਨਿਟੀ'। ਇਹ ਸਰਦਾਰ ਵੱਲਭ ਭਾਈ ਪਟੇਲ ਜੀ ਦੀ 182 ਮੀਟਰ ਉੱਚੀ ਦੁਨੀਆ ਦੀ ਸਭ ਤੋਂ ਉੱਚੀ ਮੂਰਤ ਹੈ। ਇਸ ਮੂਰਤ ਉੱਤੇ ਸਰਦਾਰ ਪਟੇਲ ਜੀ ਵੱਲੋਂ ਪਹਿਨੀ ਜੈਕੇਟ ਦੇ ਦੂਜੇ ਅਤੇ ਤੀਜੇ ਬਟਨ ਵਿਚਕਾਰ ਬਣੀ ਜਗ?ਹਾ ਵਿੱਚ ਖਲ੍ਹੋ ਕੇ ਜਦੋਂ ਕੋਈ ਸ਼ਖ਼ਸ ਬਾਹਰ ਵੱਲ ਦੇਖਦਾ ਹੈ ਤਾਂ ਪਹਿਲੀ ਨਜ਼ਰੇ ਉਸ ਨੂੰ ਸਰਦਾਰ ਵੱਲਭ ਭਾਈ ਪਟੇਲ ਜੀ ਦਾ ਖ਼ੁਆਬ ਸਾਕਾਰ ਹੋਇਆ ਨਜ਼ਰ ਆਉਂਦਾ ਹੈ। ਇਹ ਖ਼ੁਆਬ ਸੀ 'ਸਰਦਾਰ ਸਰੋਵਰ ਡੈਮ । ਸਰਦਾਰ ਪਟੇਲ ਜੀ ਦੇ ਇਸ ਡੈਮ ਦੇ ਖ਼ੁਆਬ ਨੂੰ ਸਾਕਾਰ ਹੁੰਦੇ ਹੋਏ ਬੇਸ਼ੱਕ ਦਹਾਕੇ ਲੱਗ ਗਏ ਪਰ ਉਨ੍ਹਾਂ ਦੀ ਦੂਰ-ਦ੍ਰਿਸ਼ਟੀ ਅੱਜ ਸਿਰਫ਼ 'ਦਿ ਲਾਈਫਲਾਈਨ ਆਫ਼ ਗੁਜਰਾਤ' ਹੀ ਨਹੀਂ ਹੈ, ਸਗੋਂ ਇਸ ਡੈਮ ਦਾ ਕਈ ਗੁਆਂਢੀ ਸੂਬਿਆਂ ਨੂੰ ਵੀ ਫਾਇਦਾ ਹੋ ਰਿਹਾ ਹੈ। ਸਰਦਾਰ ਸਰੋਵਰ ਡੈਮ ਦਾ ਪਾਣੀ ਗੁਜਰਾਤ ਅਤੇ ਰਾਜਸਥਾਨ ਦੇ ਕੁਝ ਹਿੱਸਿਆਂ ਵਿੱਚ ਲਗਭਗ 18 ਲੱਖ ਹੈਕਟੇਅਰ ਜ਼ਮੀਨ ਨੂੰ ਸਿੰਚਾਈ ਪ੍ਰਦਾਨ ਕਰਦਾ ਹੈ। ਇਹ ਹਜ਼ਾਰਾਂ ਪਿੰਡਾਂ ਅਤੇ ਕਈ ਸ਼ਹਿਰੀ ਕੇਂਦਰਾਂ ਨੂੰ ਪੀਣਯੋਗ ਪਾਣੀ ਸਪਲਾਈ ਕਰਦਾ ਹੈ। ਇਸਦੀ ਬਿਜਲੀ ਉਤਪਾਦਨ ਸਮਰੱਥਾ 1,450 ਮੈਗਾਵਾਟ ਹੈ, ਜੋ ਗੁਜਰਾਤ, ਮਹਾਰਾਸ਼ਟਰ ਅਤੇ ਮੱਧ ਪ੍ਰਦੇਸ਼ ਵਿੱਚ ਸਾਂਝੀ ਵੰਡੀ ਜਾਂਦੀ ਹੈ। ਇਸ ਇਲਾਕੇ ਦਾ ਵਿਕਾਸ ਸਿਰਫ਼ ਸਰਦਾਰ ਸਰੋਵਰ ਡੈਮ ਦੇ ਖ਼ੁਆਬ ਦੇ ਸਾਕਾਰ ਹੋਣ 'ਤੇ ਹੀ ਨਹੀਂ ਰੁਕਿਆ, ਸਗੋਂ ਸਰਦਾਰ ਵੱਲਭ ਭਾਈ ਪਟੇਲ ਦੀ ਮੂਰਤ ਵਾਂਗ ਨਿਰੰਤਰ ਅੱਗੇ ਵਧਣ ਦਾ ਸੁਨੇਹਾ ਦੇ ਰਿਹਾ ਹੈ। 'ਵਿਕਾਸ ਤੋਂ ਅਗਾਂਹ ਵਿਕਾਸ' ਦੀ ਸੋਚ ਸਦਕਾ ਇਸ ਇਲਾਕੇ ਦੇ ਆਲ਼ੇ-ਦੁਆਲ਼ੇ ਦੇ ਜੰਗਲ ਵਿੱਚ ਮੰਗਲ ਵਾਲੀ ਗੱਲ ਨਜ਼ਰ ਆਉਂਦੀ ਹੈ। ਸਰਦਾਰ ਸਰੋਵਰ ਡੈਮ ਦੇ ਨੇੜੇ-ਤੇੜੇ ਸਟੈਚੂ ਆਫ਼ ਯੂਨਿਟੀ ਸਮੇਤ ਕਈ ਸੈਰ ਸਪਾਟਾ ਕੇਂਦਰ ਸਥਾਪਤ ਕੀਤੇ ਗਏ ਹਨ, ਜੋ ਇਸ ਇਲਾਕੇ ਨੂੰ ਸੈਲਾਨੀਆਂ ਦੀ ਖਿੱਚ ਦਾ ਕੇਂਦਰ ਬਣਾ ਰਹੇ ਹਨ। ਇਸ ਖੇਤਰ ਵਿੱਚ ਲਗਭਗ 375 ਏਕੜ ਵਿੱਚ ਫੈਲਿਆ ਸਰਦਾਰ ਪਟੇਲ ਜ਼ੂਓਲੋਜੀਕਲ ਪਾਰਕ, ਫੁੱਲਾਂ ਦੀ ਘਾਟੀ, ਅਰੋਗਿਆ ਵਣ, ਮੀਆਵਾਕੀ ਜੰਗਲ, ਕੈਕਟਸ ਗਾਰਡਨ ਅਤੇ ਏਕਤਾ ਕਰੂਜ਼ ਵਰਗੀਆਂ ਕਰੀਬ 27 ਤੋਂ ਵੱਧ ਅਜਿਹੀਆਂ ਦਿਲਕਸ਼ ਸੈਰ ਸਪਾਟੇ ਦੀਆਂ ਥਾਂਵਾਂ ਹਨ, ਜੋ ਇੱਥੇ ਸੈਲਾਨੀਆਂ ਨੂੰ ਦੋ-ਤਿੰਨ ਦਿਨ ਰਹਿਣ ਲਈ ਮੱਲੋ-ਮੱਲੀ ਮਜਬੂਰ ਕਰਦੀਆਂ ਹਨ। ਗੁਜਰਾਤ ਦਾ ਇਹ ਇਲਾਕਾ ਮਹਿਲਾ ਸਸ਼ਕਤੀਕਰਨ ਅਤੇ ਰੋਜ਼ਗਾਰ ਸਿਰਜਣਾ ਦੀ ਬਹੁਤ ਉਮਦਾ ਮਿਸਾਲ ਹੈ। ਇਨ੍ਹਾਂ ਸੈਰ ਸਪਾਟੇ ਦੀਆਂ ਥਾਂਵਾਂ ਵਿੱਚ ਸਿਰਫ਼ ਇਲਾਕਾ ਵਾਸੀਆਂ ਨੂੰ ਹੀ ਰੁਜ਼ਗਾਰ ਦਿੱਤਾ ਗਿਆ ਹੈ। ਇੱਥੇ ਜੋ ਆਟੋ ਡਰਾਈਵਰ ਹਨ, ਉਹ ਸਿਰਫ਼ ਔਰਤਾਂ ਹੀ ਹਨ। ਅਸਲ ਵਿੱਚ ਏਕਤਾ ਨਗਰ ਪਾਣੀ ਸੰਭਾਲ, ਕੁਦਰਤ ਨਾਲ ਮੁਹੱਬਤ ਅਤੇ ਅਨੇਕਤਾ ਵਿੱਚ ਏਕਤਾ ਦੀ ਤਸਵੀਰ ਹੈ। ਏਕਤਾ ਨਗਰ ਤੋਂ ਕਰੀਬ 200 ਕਿੱਲੋਮੀਟਰ ਦੂਰ ਜੇਕਰ ਅਹਿਮਦਾਬਾਦ ਪਹੁੰਚਿਆ ਜਾਵੇ ਤਾਂ ਇੱਥੇ ਭਾਰਤ ਦੀ ਪਹਿਲੀ ਬੁਲੇਟ ਟ੍ਰੇਨ ਪ੍ਰਾਜੈਕਟ ਆਪਣੇ ਆਪ ਵਿੱਚ ਭਾਰਤ ਦੀ ਵਿਕਸਿਤ ਟਰਾਂਸਪੋਰਟ ਦੀ ਤਸਵੀਰ ਹੈ। ਲਗਭਗ 508 ਕਿੱਲੋਮੀਟਰ ਦੀ ਦੂਰੀ ਵਾਲਾ ਮੁੰਬਈ-ਅਹਿਮਦਾਬਾਦ ਬੁਲੇਟ ਟ੍ਰੇਨ ਪ੍ਰਾਜੈਕਟ ਵਿਕਸਿਤ ਭਾਰਤ ਦੀ ਉਹ ਤਸਵੀਰ ਹੈ, ਜਿੱਥੇ ਆਉਣ ਵਾਲੇ ਕੁਝ ਸਾਲਾਂ ਵਿੱਚ 320 ਕਿੱਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਟ?ਰੇਨ ਦੌੜੇਗੀ। ਅਹਿਮਦਾਬਾਦ ਵਿਚਲੇ ਇਸ ਪ੍ਰਾਜੈਕਟ ਦੇ ਸਟੇਸ਼ਨ ਇਸ ਤਰ੍ਹਾਂ ਅਤਿ ਆਧੁਨਕਿ ਸਹੂਲਤਾਂ ਨਾਲ ਤਿਆਰ ਹੋ ਰਹੇ ਹਨ, ਜਿੱਥੇ ਇੱਕੋ ਜਗ?ਹਾ ਮੈਟਰੋ, ਰੇਲਗੱਡੀ ਅਤੇ ਬੁਲੇਟ ਟ?ਰੇਨ ਦੀਆਂ ਸਹੂਲਤਾਂ ਮੁਸਾਫ਼ਰਾਂ ਨੂੰ ਮਿਲਣਗੀਆਂ। ਬੇਸ਼ੱਕ ਗੁਜਰਾਤ ਦਾ ਵਿਕਾਸ ਬੁਲੇਟ ਟ?ਰੇਨ ਦੀ ਰਫ਼ਤਾਰ ਨਾਲ ਅੱਗੇ ਵੱਧ ਰਿਹਾ ਹੈ ਪਰ ਨਾਲੋ-ਨਾਲ ਇਹ ਸੂਬਾ ਆਪਣੀ 4500 ਸਾਲ ਪੁਰਾਣੀ ਵਿਰਾਸਤ ਨੂੰ ਵੀ ਸੰਭਾਲ ਰਿਹਾ ਹੈ। ਅਹਿਮਦਾਬਾਦ ਤੋਂ ਸਿਰਫ਼ 80 ਕਿੱਲੋਮੀਟਰ ਦੂਰ ਜੇਕਰ ਲੋਥਲ ਜਾਈਏ ਤਾਂ ਇੱਥੇ 'ਲੋਥਲ ਹੜੱਪਾਕਾਲੀਨ ਬੰਦਰਗਾਹ ਨਗਰ' ਦੇ ਦੀਦਾਰ ਹੁੰਦੇ ਹਨ। ਇਹ ਬੰਦਰਗਾਹ ਇੱਕ ਨਦੀ ਦੇ ਕੰਢੇ 'ਤੇ ਬਣਾਈ ਗਈ ਸੀ, ਜੋ ਸਮੁੰਦਰ ਨਾਲ ਜੁੜਦੀ ਸੀ, ਜਿਸ ਨਾਲ ਵਪਾਰ ਅਤੇ ਆਵਾਜਾਈ ਆਸਾਨ ਹੋ ਜਾਂਦਾ ਸੀ। ਇੱਥੇ ਲਗਾਤਾਰ ਚੱਲ ਰਹੀ ਖ਼ੁਦਾਈ ਤੋਂ ਪਤਾ ਲਗਦਾ ਹੈ ਕਿ ਬੰਦਰਗਾਹ ਦੀ ਬਨਾਵਟ ਬਹੁਤ ਹੀ ਸੁਚੱਜੀ ਅਤੇ ਵਿਗਿਆਨਕ ਸੀ, ਜਿਸ ਵਿੱਚ ਪਾਣੀ ਦੇ ਪ੍ਰਵਾਹ ਨੂੰ ਨਿਯੰਤਰਿਤ ਕਰਨ ਲਈ ਨਿਕਾਸ ਦੇ ਰਸਤੇ ਬਣਾਏ ਗਏ ਸਨ। ਇਸ ਬੰਦਰਗਾਹ ਦੇ ਜ਼ਰੀਏ ਹੜੱਪਾ ਲੋਕ ਸਮੁੰਦਰੀ ਵਪਾਰ ਕਰਦੇ ਸਨ, ਜਿਸ ਨਾਲ ਉਹ ਦੂਜੇ ਖੇਤਰਾਂ ਨਾਲ ਸੰਪਰਕ ਵਿੱਚ ਰਹਿੰਦੇ ਸਨ। ਇਹ ਸਥਾਨ ਪ੍ਰਾਚੀਨ ਭਾਰਤੀ ਇਤਿਹਾਸ ਵਿੱਚ ਵਪਾਰ ਅਤੇ ਆਰਥਿਕਤਾ ਦੇ ਵਿਕਾਸ ਦਾ ਪ੍ਰਤੀਕ ਹੈ। ਇਸ ਸਥਾਨ ਤੋਂ ਕੁਝ ਦੂਰੀ 'ਤੇ ਰਾਸ਼ਟਰੀ ਸਮੁੰਦਰੀ ਵਿਰਾਸਤੀ ਕੰਪਲੈਕਸ ਦਾ ਪ੍ਰਾਜੈਕਟ ਬੜੀ ਤੇਜ਼ੀ ਨਾਲ ਚੱਲ ਰਿਹਾ ਹੈ। ਇਸ ਪ੍ਰਾਜੈਕਟ ਦਾ ਵਿਕਾਸ ਕੇਂਦਰੀ ਬੰਦਰਗਾਹਾਂ, ਜਹਾਜ਼ਰਾਨੀ ਅਤੇ ਜਲ ਮਾਰਗ ਮੰਤਰਾਲੇ ਵੱਲੋਂ ਕੀਤਾ ਜਾ ਰਿਹਾ ਹੈ। ਇਸ ਕੰਪਲੈਕਸ ਦੇ ਕੇਂਦਰ ਵਿੱਚ ਆਈਕਾਨਿਕ ਨੈਸ਼ਨਲ ਮੈਰੀਟਾਈਮ ਮਿਊਜ਼ੀਅਮ ਤਿਆਰ ਹੋ ਰਿਹਾ ਹੈ, ਜਿਸ ਵਿੱਚ 14 ਥੀਮ ਅਧਾਰਿਤ ਗੈਲਰੀਆਂ ਬਣਾਈਆਂ ਜਾ ਰਹੀਆਂ ਹਨ। ਇਨ੍ਹਾਂ ਗੈਲਰੀਆਂ ਵਿੱਚ ਵੱਖ-ਵੱਖ ਪ੍ਰਭਾਵਸ਼ਾਲੀ ਤਰੀਕਿਆਂ ਨਾਲ ਭਾਰਤ ਦੀ ਸਮੁੰਦਰੀ ਇਤਿਹਾਸਕ ਵਿਰਾਸਤ ਨੂੰ ਪੇਸ਼ ਕੀਤਾ ਜਾਵੇਗਾ। ਇੱਕ ਵਾਰ ਮੁਕੰਮਲ ਹੋ ਜਾਣ ਤੋਂ ਬਾਅਦ ਇਹ ਦੁਨੀਆ ਦਾ ਸਭ ਤੋਂ ਵੱਡਾ ਮੈਰੀਟਾਈਮ ਮਿਊਜ਼ੀਅਮ ਹੋਵੇਗਾ, ਜਿਸ ਨੂੰ ਦੇਖਣ ਵਾਲੀਆਂ ਅੱਖਾਂ ਯਕੀਨਨ ਖੁੱਲ੍ਹੀਆਂ ਦੀਆਂ ਖੁੱਲ੍ਹੀਆਂ ਰਹਿ ਜਾਣਗੀਆਂ। ਗੁਜਰਾਤ ਦੇ ਵਿਕਾਸ ਦੀ ਰਫ਼ਤਾਰ ਇੱਥੇ ਹੀ ਮੱਠੀ ਨਹੀਂ ਪੈਂਦੀ, ਸਗੋਂ ਇਹ ਸੂਬਾ ਵਿਗਿਆਨ ਦੇ ਕੁਝ ਖੇਤਰਾਂ ਵਿੱਚ ਸਿਰਫ਼ ਭਾਰਤ ਵਿੱਚ ਹੀ ਨਹੀਂ ਸਗੋਂ ਸਾਰੀ ਦੁਨੀਆ ਵਿੱਚ ਮੋਹਰੀ ਹੈ। ਇੱਥੋਂ ਦੇ ਗਾਂਧੀਨਗਰ ਵਿਖੇ 'ਨੈਸ਼ਨਲ ਫੋਰੈਂਸਿਕ ਸਾਇੰਸ ਯੂਨੀਵਰਸਿਟੀ' ਇਸ ਦੀ ਇੱਕ ਮਿਸਾਲ ਹੈ, ਜੋ ਵਿਸ਼ਵ ਦੀ ਪਹਿਲੀ ਅਤੇ ਇੱਕੋ ਇੱਕ ਫੋਰੈਂਸਿਕ ਸਾਇੰਸ ਯੂਨੀਵਰਸਿਟੀ ਹੈ। ਇਹ ਫੋਰੈਂਸਿਕ ਸਾਇੰਸ ਦੇ ਖੇਤਰ ਵਿੱਚ ਸਿੱਖਿਆ, ਖੋਜ ਅਤੇ ਟ?ਰੇਨਿੰਗ ਦਾ ਕਾਰਜ ਕਰ ਰਹੀ ਹੈ। ਇਸਦੀ ਇੱਕ ਵਿਸ਼ੇਸ਼ਤਾ ਇਹ ਵੀ ਹੈ ਕਿ ਇਹ ਫੋਰੈਂਸਿਕ ਸਾਇੰਸ ਖੇਤਰ ਵਿੱਚ ਸਿਰਫ਼ ਭਾਰਤ ਵਿੱਚ ਹੀ ਨਹੀਂ ਸਗੋਂ ਵਿਦੇਸ਼ਾਂ ਵਿੱਚ ਵੱਖ-ਵੱਖ ਪ੍ਰਯੋਗਸ਼ਾਲਾਵਾਂ ਸਥਾਪਤ ਕਰਨ ਜਾਂ ਅਪਗ੍ਰੇਡ ਕਰਨ ਵਿੱਚ ਮਾਹਰ ਸਲਾਹ ਪ੍ਰਦਾਨ ਕਰਦੀ ਹੈ। ਇਸ ਵਿੱਚ ਸਥਾਪਤ ਅਤਿ-ਆਧੁਨਿਕ ਪ੍ਰਯੋਗਸ਼ਾਲਾਵਾਂ ਦੇਸ਼ ਵਿੱਚ ਹੋਣ ਵਾਲੇ ਅਪਰਾਧ ਨੂੰ ਰੋਕਣ ਅਤੇ ਅਪਰਾਧ ਦੀ ਛਾਣ-ਬੀਣ ਕਰਨ ਵਿੱਚ ਬਹੁਤ ਵੱਡੀ ਭੂਮਿਕਾ ਨਿਭਾਅ ਰਹੀਆਂ ਹਨ। ਵਿਗਿਆਨ ਤੋਂ ਇਲਾਵਾ ਪੁਲਾੜ ਦੇ ਖੇਤਰ ਵਿੱਚ ਵੀ ਗੁਜਰਾਤ ਦੀ ਅਹਿਮ ਥਾਂ ਹੈ। ਇੱਥੋਂ ਦੇ ਅਹਿਮਦਾਬਾਦ ਦੇ ਸਪੇਸ ਐਪਲੀਕੇਸ਼ਨਜ਼ ਸੈਂਟਰ (ਐੱਸਏਸੀ) -ਇਸਰੋ ਦੇ ਕੇਂਦਰ ਦੀ ਪੁਲਾੜ ਖੇਤਰ ਵਿੱਚ ਬਹੁਤ ਹੀ ਖ਼ਾਸ ਭੂਮਿਕਾ ਹੈ। ਇਹ ਕੇਂਦਰ ਮੁੱਖ ਤੌਰ 'ਤੇ ਸੰਚਾਰ ਉਪਗ੍ਰਹਿ ਅਤੇ ਰਿਮੋਟ ਸੈਂਸਿੰਗ ਉਪਗ੍ਰਹਿਆਂ ਲਈ ਉਪਕਰਨ ਵਿਕਸਤ ਕਰਦਾ ਹੈ। ਸੰਚਾਰ ਉਪਗ੍ਰਹਿ ਟੈਲੀਵਿਜ਼ਨ ਪ੍ਰਸਾਰਣ, ਟੈਲੀਫ਼ੋਨ ਸੇਵਾਵਾਂ, ਇੰਟਰਨੈੱਟ ਅਤੇ ਆਫ਼ਤ ਪ੍ਰਬੰਧਨ ਵਰਗੀਆਂ ਸੇਵਾਵਾਂ ਨੂੰ ਸਮਰੱਥ ਬਣਾਉਂਦੇ ਹਨ। ਰਿਮੋਟ ਸੈਂਸਿੰਗ ਉਪਗ੍ਰਹਿਆਂ ਤੋਂ ਤਸਵੀਰਾਂ ਅਤੇ ਡੇਟਾ ਖੇਤੀਬਾੜੀ, ਜਲ ਸਰੋਤਾਂ, ਜੰਗਲਾਤ ਸੰਭਾਲ, ਸ਼ਹਿਰੀ ਯੋਜਨਾਬੰਦੀ ਅਤੇ ਵਾਤਾਵਰਨ ਨਿਗਰਾਨੀ ਵਿੱਚ ਵਰਤੇ ਜਾਂਦੇ ਹਨ।



ਡਾ. ਵਿਕਰਮ ਸਿੰਘ

ਜੇਕਰ ਗੁਜਰਾਤ ਦੇ ਊਰਜਾ ਖੇਤਰ ਵਿੱਚ ਹੋ ਰਹੇ ਵਿਕਾਸ ਦੀ ਗੱਲ ਕੀਤੀ ਜਾਵੇ ਤਾਂ ਸਾਲ 1966 ਵਿੱਚ ਦੇਸ਼ ਨੂੰ ਸਮਰਪਿਤ ਹੋਈ, ਗੁਜਰਾਤ ਦੇ ਵਡੋਦਰਾ ਦੀ ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ (ਆਈਓਸੀਐੱਲ) ਰਿਫ਼ਾਇਨਰੀ ਸਿਰਫ਼ ਗੁਜਰਾਤ ਦੇ ਹੀ ਨਹੀਂ, ਸਗੋਂ ਸਮੁੱਚੇ ਦੇਸ਼ ਦੀ ਊਰਜਾ ਨੂੰ ਹੁਲਾਰਾ ਦੇ ਰਹੀ ਹੈ। ਵਡੋਦਰਾ ਦੇ ਨੇੜੇ ਦੁਮਾਦ ਵਿਖੇ ਐਕ੍ਰੀਲਿਕ ਆਕਸੋ ਅਲਕੋਹਲ ਪਲਾਂਟ ਸਥਾਪਿਤ ਕੀਤਾ ਹੋਇਆ ਹੈ, ਜੋ ਕਿ ਬਿਊਟਾਇਲ ਐਕਰੀਲੇਟ ਅਤੇ ਐੱਨ-ਬਿਊਟਾਨੋਲ ਵਰਗੇ ਮੁੱਲ-ਵਾਧਾ ਉਤਪਾਦ ਪੈਦਾ ਕਰਦਾ ਹੈ। ਇਹ ਪਲਾਂਟ ਉੱਚ-ਮੁੱਲ ਵਾਲੇ ਪੈਟਰੋ ਕੈਮੀਕਲ ਬਣਾਉਣ ਲਈ ਰਿਫਾਇਨਰੀ ਉਪ-ਉਤਪਾਦ ਪ੍ਰੋਪੀਲੀਨ ਦੀ ਵਰਤੋਂ ਕਰਦਾ ਹੈ, ਜਿਸ ਨਾਲ ਪੇਂਟ, ਕੋਟਿੰਗ, ਗੂੰਦ ਅਤੇ ਕੱਪੜਾ ਵਰਤੋਂ ਲਈ ਆਯਾਤ 'ਤੇ ਦੇਸ਼ ਦੀ ਨਿਰਭਰਤਾ ਘਟਦੀ ਹੈ, ਜੋ ਪੈਟਰੋ ਕੈਮੀਕਲ ਆਤਮ-ਨਿਰਭਰਤਾ ਵੱਲ ਭਾਰਤ ਦੀ ਯਾਤਰਾ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ। ਊਰਜਾ ਤੋਂ ਬਾਅਦ ਜੇਕਰ ਡੇਅਰੀ ਉਤਪਾਦਨ ਦੀ ਗੱਲ ਕੀਤੀ ਜਾਵੇ ਤਾਂ ਇੱਥੋਂ ਦੇ ਆਨੰਦ ਦੀ 'ਅਮੂਲ ਡੇਅਰੀ' ਦਾ ਨਾਮ ਸਿਰਫ਼ ਭਾਰਤ ਵਿੱਚ ਹੀ ਨਹੀਂ ਸਗੋਂ ਦੁਨੀਆ ਭਰ ਵਿੱਚ ਮਕਬੂਲ ਹੈ। ਅਮੂਲ ਦਾ ਜਨਮ 1946 ਵਿੱਚ ਹੋਇਆ, ਜਦੋਂ ਸਥਾਨਕ ਕਿਸਾਨਾਂ ਨੇ ਆਪਣੇ ਦੁੱਧ ਦੀਆਂ ਬਿਹਤਰ ਕੀਮਤਾਂ ਪ੍ਰਾਪਤ ਕਰਨ ਲਈ ਇੱਕ ਸਹਿਕਾਰੀ ਸੰਸਥਾ ਬਣਾਉਣ ਦਾ ਫੈਸਲਾ ਕੀਤਾ ਸੀ। ਇਸ ਮਾਡਲ ਨੇ ਭਾਰਤ ਵਿੱਚ ਚਿੱਟੀ ਕ੍ਰਾਂਤੀ ਲਿਆਂਦੀ। ਅੱਜ ਇਹ ਫੈਡਰੇਸ਼ਨ ਲਗਭਗ 3.6 ਮਿਲੀਅਨ ਕਿਸਾਨਾਂ ਤੋਂ ਸਾਲਾਨਾ ਲਗਭਗ 11 ਬਿਲੀਅਨ ਲੀਟਰ ਦੁੱਧ ਖਰੀਦਦੀ ਹੈ। ਆਨੰਦ ਡੇਅਰੀ ਦੀ ਪ੍ਰੋਸੈਸਿੰਗ ਸਮਰੱਥਾ ਹੀ ਇਸਨੂੰ ਦੁਨੀਆ ਦੀਆਂ ਸਭ ਤੋਂ ਵੱਡੀਆਂ ਡੇਅਰੀਆਂ ਵਿੱਚੋਂ ਇੱਕ ਬਣਾਉਂਦੀ ਹੈ, ਜਿਸਦੀ ਕੁੱਲ ਹੈਂਡਲਿੰਗ ਸਮਰੱਥਾ ਲਗਭਗ 50 ਮਿਲੀਅਨ ਲੀਟਰ ਪ੍ਰਤੀ ਦਿਨ ਹੈ, ਜੋ ਇਸਨੂੰ ਦੁਨੀਆ ਭਰ ਵਿੱਚ ਚੋਟੀ ਦੇ ਰੋਜ਼ਾਨਾ ਦੁੱਧ ਪ੍ਰੋਸੈਸਰਾਂ ਵਿੱਚੋਂ ਇੱਕ ਬਣਾਉਂਦੀ ਹੈ। ਆਨੰਦ ਯੂਨੀਅਨ ਨਾਲ 1,278 ਗ੍ਰਾਮ ਸਹਿਕਾਰੀ ਸਭਾਵਾਂ ਰਾਹੀਂ ਲਗਭਗ 8 ਲੱਖ ਕਿਸਾਨ ਜੁੜੇ ਹੋਏ ਹਨ। ਗੁਜਰਾਤ ਦੇ ਇੰਨੇ ਤੇਜ਼ੀ ਨਾਲ ਹੋ ਰਹੇ ਵਿਕਾਸ ਨੂੰ ਦੇਖ ਕੇ ਇੱਕ ਸਵਾਲ ਮਨ ਵਿੱਚ ਇਹ ਵੀ ਆਉਂਦਾ ਹੋਵੇਗਾ ਕਿ ਵਿਕਾਸ ਦੀ ਤੇਜ਼ੀ ਵਿੱਚ ਕੁਦਰਤ ਨਾਲ ਇੱਥੇ ਜ਼ਰੂਰ ਨਾ-ਇਨਸਾਫ਼ੀ ਹੋ ਰਹੀ ਹੋਵੇਗੀ। ਪਰ ਅਜਿਹਾ ਨਹੀਂ ਹੈ, ਇੱਥੇ ਸਰਕਾਰ ਨੇ ਹਰ ਸਾਲ 10 ਲੱਖ ਤੋਂ ਵੱਧ ਰੁੱਖ ਲਗਾਉਣ ਦੇ ਟੀਚੇ ਨਾਲ ਹੀ ਵਿਕਾਸ ਦੀ ਉਂਗਲ ਫੜ੍ਹੀ ਹੋਈ ਹੈ। ਗੁਜਰਾਤ ਨਵਿਆਉਣਯੋਗ ਊਰਜਾ ਦੇ ਖੇਤਰ ਵਿੱਚ ਦੇਸ਼ ਦੇ ਮੋਹਰੀ ਸੂਬਿਆਂ ਵਿੱਚੋਂ ਇੱਕ ਹੈ, ਜੋ ਇਸ ਖੇਤਰ ਵਿੱਚ ਭਾਰਤ ਦੇ ਕੁੱਲ ਉਤਪਾਦਨ ਦਾ ਲਗਭਗ 65 ਫ਼ੀਸਦ ਯੋਗਦਾਨ ਪਾਉਂਦਾ ਹੈ। ਅਸਲ ਵਿੱਚ ਗੁਜਰਾਤ, ਭਾਰਤ ਦਾ ਉਹ ਸੂਬਾ ਹੈ, ਜੋ ਵਿਕਸਿਤ ਭਾਰਤ ਦੇ ਖ਼ੁਆਬ ਵਿੱਚ ਹਕੀਕਤ ਦੇ ਰੰਗ ਭਰ ਰਿਹਾ ਹੈ। ਗੁਜਰਾਤ ਦੀ ਇਹ ਤਰੱਕੀ ਰਾਤੋ ਰਾਤ ਨਹੀਂ ਹੋਈ, ਇਸ ਵਿੱਚ ਸਰਕਾਰ ਦੇ ਨਾਲ-ਨਾਲ ਇੱਥੋਂ ਦੇ ਲੋਕਾਂ ਦੀ ਸਖ਼ਤ ਮਿਹਨਤ ਅਤੇ ਦੇਸ਼ ਪ੍ਰਤੀ ਉਨ੍ਹਾਂ ਦਾ ਸਮਰਪਣ ਵੀ ਸ਼ਾਮਿਲ ਹੈ। ਗੁਜਰਾਤ ਦੇਸ਼ ਨੂੰ ਇਹ ਗੱਲ ਵੀ ਦੱਸਦਾ ਹੈ ਕਿ ਸਰਕਾਰ ਦੇ ਨਾਲ-ਨਾਲ ਦੇਸ਼ ਦੇ ਨਾਗਰਿਕਾਂ ਨੂੰ ਵੀ ਆਪਣੀ ਬਣਦਾ ਸਹਿਯੋਗ ਦੇਣਾ ਪਵੇਗਾ ਤਾਂ ਜੋ ਵਿਕਸਿਤ ਭਾਰਤ ਬਣਨ ਦੀ ਰਫ਼ਤਾਰ ਹੋਰ ਵੀ ਤੇਜ਼ ਹੋ ਸਕੇ।

**(ਲੇਖਕ ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਵਿੱਚ ਭਾਰਤੀ ਸੂਚਨਾ ਸੇਵਾ ਦੇ ਅਧਿਕਾਰੀ ਹਨ।)**

**ਸੰਪਰਕ**: 98884 13836



# ਏਡੀਸੀ ਲੁਧਿਆਣਾ ਦੀ ਪ੍ਰਧਾਨਗੀ ਹੇਠ ਸਮੂਹ ਨਗਰ ਕੌਂਸਲਾਂ ਦੇ ਅਧਿਕਾਰੀਆਂ ਨਾਲ ਮੀਟਿੰਗ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਲੁਧਿਆਣਾ ਅਮਿਤ ਬੈਂਬੀ ਵੱਲੋਂ ਜਿਲ੍ਹਾ ਲੁਧਿਆਣਾ ਦੀਆ ਸਮੂਹ ਨਗਰ ਕੌਂਸਲਾਂ ਦੇ ਕਾਰਜ ਸਾਧਕ ਅਫਸਰ, ਸਮੂਹ ਸਟਾਫ ਅਤੇ ਸੀਵਰੇਜ ਬੋਰਡ ਦੇ ਐਕਸੀਅਨ ਅਤੇ ਐਸ.ਡੀ.ਓ. ਨਾਲ ਰਿਵਿਊ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਬੈਂਬੀ ਵੱਲੋਂ ਸ਼ਹਿਰ ਵਿੱਚ ਚੱਲ ਰਹੇ ਵਿਕਾਸ ਪ੍ਰੋਜੈਕਟਾਂ, ਸੀਵਰ ਦੀ ਡੀ-ਸਿਲਟਿੰਗ ਦਾ ਕੰਮ, ਸਟਰੀਟ ਲਾਈਟਾਂ,

**■ ਚੱਲ ਰਹੇ ਵਿਕਾਸ ਪ੍ਰੋਜੈਕਟਾਂ 'ਤੇ ਕੀਤੇ ਵਿਚਾਰ ਵਟਾਂਦਰੇ**

ਵਾਟਰ ਟ੍ਰੀਟਮੈਂਟ ਪਲਾਂਟ, ਸਾਫ ਸਫਾਈ ਸਬੰਧੀ, ਸਵੱਛ ਭਾਰਤ ਮਿਸ਼ਨ ਅਤੇ ਪ੍ਰਧਾਨ ਮੰਤਰੀ ਅਵਾਸ ਯੋਜਨਾ ਆਦਿ ਮੁੱਦਿਆਂ 'ਤੇ ਵਿਚਾਰ ਚਰਚਾ ਕੀਤੀ ਗਈ। ਉਨ੍ਹਾਂ ਸਮੂਹ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਚੱਲ ਰਹੇ ਪ੍ਰੋਜੈਕਟਾਂ ਦਾ 15 ਦਿਨਾਂ ਬਾਅਦ ਜਾਇਜਾ ਲਿਆ ਜਾਵੇ ਅਤੇ ਕਮੀਆ ਨੂੰ ਤੁਰੰਤ ਹੱਲ ਕੀਤਾ ਜਾਵੇ। ਇਸ ਮੌਕੇ ਜੁਆਇੰਟ ਡਿਪਟੀ ਡਾਇਰੈਕਟਰ ਕੁਲਵੀਰ ਸਿੰਘ ਬਰਾੜ, ਕਾਰਜ ਸਾਧਕ ਅਫਸਰ ਚਰਨਜੀਤ ਸਿੰਘ, ਹਰਨਰਿੰਦਰ ਸਿੰਘ, ਹੈਪੀ ਕੁਮਾਰ, ਮੋਹਿਤ ਸ਼ਰਮਾ, ਬਲਵੀਰ ਸਿੰਘ ਗਿੱਲ, ਵਿਕਾਸ ਉੱਪਲ ਅਤੇ ਅਮਨਦੀਪ ਸਿੰਘ ਵੀ ਹਾਜ਼ਰ ਸਨ।

# ਅਕਾਲੀ ਦਲ ਦੀ ਇਤਿਹਾਸਕ ਵਿਰਾਸਤ ਅਤੇ ਕੁਰਬਾਨੀਆਂ ਨੂੰ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣਾ ਸਮੇਂ ਦੀ ਮੁੱਖ ਲੋੜ : ਢਿੱਲੋਂ, ਭਿੰਦਾ

ਜ਼ਿਕਰ ਪੰਜਾਬ

**ਲੁਧਿਆਣਾ/ਪ੍ਰਿਤਪਾਲ ਸਿੰਘ ਪਾਲੀ**

ਸ਼੍ਰੋਮਣੀ ਅਕਾਲੀ ਦਲ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪਾਰਟੀ ਨੂੰ

**ਯੂਥ ਆਗੂਆਂ ਦੇ ਨਾਲ ਮੀਟਿੰਗ ਦੌਰਾਨ ਪਾਰਟੀ ਦੀ ਵਿਚਾਰਧਾਰਾ ਘਰ ਘਰ ਤੱਕ ਪਹੁੰਚਾਉਣ ਲਈ ਕੀਤਾ ਗਿਆ ਵਿਚਾਰ ਵਟਾਂਦਰਾ**

ਹੋਰ ਮਜ਼ਬੂਤ ਕਰਨ ਅਤੇ ਯੂਥ ਵਰਗ ਨੂੰ ਜ਼ਿਆਦਾ ਤੋਂ ਜ਼ਿਆਦਾ ਜੋੜਨ ਲਈ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਰਣਜੀਤ ਸਿੰਘ ਢਿੱਲੋਂ ਅਤੇ ਅਕਾਲੀ ਜਥਾ ਸ਼ਹਿਰੀ ਦੇ ਪ੍ਰਧਾਨ



ਭੁਪਿੰਦਰ ਸਿੰਘ ਭਿੰਦਾ ਨੇ ਯੂਥ ਆਗੂਆਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ। ਮੀਟਿੰਗ ਦੌਰਾਨ ਆਗੂਆਂ ਨੇ ਕਿਹਾ ਕਿ ਪਾਰਟੀ ਦੀ ਅਸਲ ਤਾਕਤ ਯੂਥ ਅਕਾਲੀ ਦਲ ਦੇ ਆਗੂ ਅਤੇ ਜ਼ਮੀਨੀ ਪੱਧਰ ਨਾਲ ਜੁੜੇ ਹੋਏ ਵਰਕਰ ਹਨ। ਜਿਨਾਂ ਵੱਲੋਂ ਹਰ ਬੂਥ ਅਤੇ ਵਾਰਡ ਪੱਧਰ 'ਤੇ ਸੰਗਠਨ ਨੂੰ ਸਰਗਰਮ ਕੀਤਾ ਜਾਵੇ ਅਤੇ ਨੌਜਵਾਨਾਂ ਨੂੰ ਪਾਰਟੀ ਦੀ ਵਿਚਾਰਧਾਰਾ ਨਾਲ ਜੋੜਿਆ ਜਾਵੇ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀ ਇਤਿਹਾਸਕ ਵਿਰਾਸਤ ਅਤੇ ਕੁਰਬਾਨੀਆਂ ਨੂੰ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣਾ ਸਮੇਂ ਦੀ ਮੁੱਖ ਲੋੜ ਹੈ। ਪਾਰਟੀ ਹਮੇਸ਼ਾਂ ਪੰਜਾਬ, ਪੰਥ ਅਤੇ ਕਿਸਾਨਾਂ ਦੇ ਹੱਕਾਂ ਲਈ ਸੰਘਰਸ਼ ਕਰਦੀ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਲੜਾਈ ਜਾਰੀ ਰਹੇਗੀ।

ਉਪਰੋਕਤ ਆਗੂਆਂ ਨੇ ਕਿਹਾ ਕਿ ਸ਼ਹਿਰੀ ਖੇਤਰਾਂ ਵਿੱਚ ਪਾਰਟੀ ਦੀ ਮਜ਼ਬੂਤੀ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇ। ਜਿਸਦੇ ਲਈ ਯੂਥ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਘਰ-ਘਰ ਜਾ ਕੇ ਲੋਕਾਂ ਨੂੰ ਪਾਰਟੀ ਦੀਆਂ ਨੀਤੀਆਂ ਅਤੇ ਭਵਿੱਖ ਦੀਆਂ ਯੋਜਨਾਵਾਂ ਬਾਰੇ ਜਾਣਕਾਰੀ ਦੇਣ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਸਾਕਾਰਾਤਮਕ ਸੋਚ ਅਤੇ ਉਰਜਾ ਪਾਰਟੀ ਨੂੰ ਨਵੀਂ ਦਿਸ਼ਾ ਦੇ ਸਕਦੀ ਹੈ। ਇਸ ਮੀਟਿੰਗ ਵਿੱਚ ਵੱਖ-ਵੱਖ ਯੂਥ ਆਗੂਆਂ ਨੇ ਆਪਣੇ ਸੁਝਾਅ ਵੀ ਪੇਸ਼ ਕੀਤੇ ਅਤੇ ਸੰਗਠਨਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਰਣਨੀਤੀਆਂ 'ਤੇ ਚਰਚਾ ਕੀਤੀ ਗਈ। ਇਸ ਦੌਰਾਨ ਆਉਣ ਵਾਲੀਆਂ ਰਾਜਨੀਤਿਕ ਸਰਗਰਮੀਆਂ ਅਤੇ ਪ੍ਰੋਗਰਾਮਾਂ ਦੀ ਰੂਪਰੇਖਾ ਵੀ ਤਿਆਰ ਕੀਤੀ ਗਈ। ਇਸ ਮੌਕੇ ਸਾਰੇ ਆਗੂਆਂ ਨੇ ਇਕਜੁੱਟਤਾ ਦਾ ਸੰਦੇਸ਼ ਦਿੰਦਿਆਂ ਕਿਹਾ ਕਿ ਪਾਰਟੀ ਵਰਕਰਾਂ ਦੀ ਮਿਹਨਤ ਅਤੇ ਲਗਨ ਨਾਲ ਹੀ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਮਜ਼ਬੂਤੀ ਮਿਲੇਗੀ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪਾਰਟੀ ਆਉਣ ਵਾਲੇ ਸਮੇਂ ਵਿੱਚ ਨਵੀਆਂ ਉੱਚਾਈਆਂ ਛੂਹੇਗੀ ਅਤੇ ਪੰਜਾਬ ਦੀ ਸਿਆਸਤ ਵਿੱਚ ਮਜ਼ਬੂਤ ਵਿਕਲਪ ਵਜੋਂ ਉਭਰੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਦੀਪ ਸਿੰਘ ਖਾਲਸਾ, ਨੂਰਜੋਤ ਸਿੰਘ ਮੱਕੜ , ਮੁੱਖ ਬੁਲਾਰਾ ਯੂਥ ਅਕਾਲੀ ਦਲ ਪੰਜਾਬ ਪ੍ਰਭਜੋਤ ਸਿੰਘ ਧਾਲੀਵਾਲ, ਬੁਲਾਰਾ ਯੂਥ ਅਕਾਲੀ ਦਲ ਪੰਜਾਬ ਜਤਿੰਦਰ ਸਿੰਘ ਖਾਲਸਾ, ਰਖਵਿੰਦਰ ਸਿੰਘ ਗਾਬੜੀਆ, ਕੁਲਵਿੰਦਰ ਸ਼ਰਮਾ ਕਿੰਦਾ, ਮਨਮੋਹਨ ਸਿੰਘ ਮਨੀ, ਸਿਮਰਨ ਉਬਰਾਏ, ਕਰਨਵੀਰ ਸਿੰਘ, ਰਤਨ ਬੜੈਚ, ਬਲਵਿੰਦਰ ਡੁਲਗਚ, ਕਮਲ ਅਰੋੜਾ ਕੌਂਸਲਰ, ਲਵ ਦ੍ਰਾਵਿੜ ਆਦਿ ਹਾਜਰ ਸਨ।

# ਮੱਧ ਪੂਰਬ ਵਿੱਚ ਬਦਲਦੀ ਸਥਿਤੀ ਦਰਮਿਆਨ ਭਾਰਤ ਪੂਰੀ ਤਰ੍ਹਾਂ ਤਿਆਰ-ਬਰ-ਤਿਆਰ, ਉਰਜਾ ਸਪਲਾਈ ਮਜ਼ਬੂਤ ਸਥਿਤੀ 'ਚ



ਜ਼ਿਕਰ ਪੰਜਾਬ

**ਨਵੀਂ ਦਿੱਲੀ/ਪੀ.ਆਈ.ਬੀ.**

ਮੱਧ ਪੂਰਬ ਵਿੱਚ ਤਣਾਅ ਵਧਣ ਅਤੇ ਆਲਮੀ ਊਰਜਾ ਸਥਿਤੀ ਬਣਨ ਮਗਰੋਂ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਸ਼੍ਰੀ ਹਰਦੀਪ ਸਿੰਘ ਪੁਰੀ ਨੇ ਮੌਜੂਦਾ ਹਾਲਾਤਾਂ ਵਿੱਚ ਦੇਸ਼ ਦੀ ਤਿਆਰੀ ਬਾਰੇ ਮੀਡੀਆ ਨੂੰ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਭਾਰਤ ਵਿਸ਼ਵ ਪੱਧਰ 'ਤੇ ਪੈਟਰੋਲੀਅਮ ਉਤਪਾਦਾਂ ਦਾ ਤੀਜਾ ਸਭ ਤੋਂ ਵੱਡਾ ਦਰਾਮਦਕਾਰ, ਚੌਥਾ ਸਭ ਤੋਂ ਵੱਡਾ ਰਿਫਾਇਨਰ ਅਤੇ ਪੰਜਵਾਂ ਸਭ ਤੋਂ ਵੱਡਾ ਬਰਾਮਦਕਾਰ ਹੈ। ਦੇਸ਼ ਕੋਲ ਮੱਧ ਪੂਰਬ ਤੋਂ ਪੈਦਾ ਹੋਣ ਵਾਲੇ ਥੋੜ੍ਹੇ ਸਮੇਂ ਦੇ ਵਿਘਨਾਂ ਨਾਲ ਨਜਿੱਠਣ ਲਈ ਕੱਚੇ ਤੇਲ ਅਤੇ ਪੈਟਰੋਲ, ਡੀਜ਼ਲ ਅਤੇ ਏਟੀਐੱਫ ਸਮੇਤ ਮੁੱਖ ਪੈਟਰੋਲੀਅਮ ਉਤਪਾਦਾਂ ਦਾ ਭੰਡਾਰ ਹੈ। ਇਹ ਅੱਗੇ ਦੱਸਿਆ ਗਿਆ ਕਿ ਪਿਛਲੇ ਕੁਝ ਸਾਲਾਂ ਵਿੱਚ,

**■ ਕੱਚੇ ਤੇਲ ਅਤੇ ਪੈਟਰੋਲੀਅਮ ਦੀ ਕਈ ਥਾਵਾਂ ਤੋਂ ਖਰੀਦ; ਸਪਲਾਈ ਸਥਿਤੀ ਨਿਗਰਾਨੀ ਲਈ 24ਗ7 ਕੰਟਰੋਲ ਰੂਮ**

ਭਾਰਤ ਨੇ ਆਪਣੇ ਸਰੋਤਾਂ ਨੂੰ ਵਿਭਿੰਨ ਬਣਾ ਕੇ ਆਪਣੇ ਲੋਕਾਂ ਲਈ ਊਰਜਾ ਦੀ ਉਪਲਬਧਤਾ ਅਤੇ ਕਿਫਾਇਤੀਅਤਾ ਦੋਵਾਂ ਨੂੰ ਯਕੀਨੀ ਬਣਾਇਆ ਹੈ। ਭਾਰਤੀ ਊਰਜਾ ਕੰਪਨੀਆਂ ਕੋਲ ਹੁਣ ਊਰਜਾ ਸਪਲਾਈ ਤੱਕ ਪਹੁੰਚ ਹੈ ਜੋ ਹੋਰਮੁਜ਼ ਖਾੜੀ ਰਾਹੀਂ ਨਹੀਂ ਹੁੰਦੀ। ਅਜਿਹੇ ਕਾਰਗੋ ਉਪਲਬਧ ਰਹਿਣਗੇ ਅਤੇ ਹੋਰਮੁਜ਼ ਖਾੜੀ ਰਾਹੀਂ ਰਸਤੇ ਵਿੱਚ ਅਸਥਾਈ ਤੌਰ 'ਤੇ ਪ੍ਰਭਾਵਿਤ ਹੋ ਸਕਣ ਵਾਲੀ ਸਪਲਾਈ ਨੂੰ ਘਟਾਉਣ ਵਿੱਚ ਮਦਦ ਕਰਨਗੇ। ਮੰਤਰਾਲੇ ਨੇ ਦੇਸ਼ ਭਰ ਵਿੱਚ ਪੈਟਰੋਲੀਅਮ ਉਤਪਾਦਾਂ ਦੀ ਸਪਲਾਈ ਅਤੇ ਭੰਡਾਰ ਸਥਿਤੀ ਦੀ ਨਿਰੰਤਰ ਨਿਗਰਾਨੀ ਕਰਨ ਲਈ 24ਗ7 ਕੰਟਰੋਲ ਰੂਮ ਸਥਾਪਤ ਕੀਤਾ ਹੈ। ਇਸ ਸਮੇਂ, ਸਰਕਾਰ ਸਟਾਕ ਦੇ ਮਾਮਲੇ ਵਿੱਚ ਕਾਫ਼ੀ ਆਰਾਮਦਾਇਕ ਹੈ। ਭਾਰਤੀ ਖਪਤਕਾਰਾਂ ਦੇ ਹਿੱਤਾਂ ਦੀ ਰਾਖੀ ਸਭ ਤੋਂ ਵੱਧ ਤਰਜੀਹ ਬਣੀ ਹੋਈ ਹੈ। ਨਿਰੰਤਰ ਨਿਗਰਾਨੀ ਦੇ ਆਧਾਰ 'ਤੇ, ਸਰਕਾਰ ਨੂੰ ਉਮੀਦ ਹੈ ਕਿ ਜੇ ਲੋੜ ਪਈ ਤਾਂ ਸਥਿਤੀ ਨੂੰ ਹੋਰ ਸੁਧਾਰਨ ਲਈ ਹੌਲੀ-ਹੌਲੀ ਕਦਮ ਚੁੱਕੇ ਜਾਣਗੇ।

# ਆਪ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਬੁੱਧਵਾਰ ਨੂੰ ਲੁਧਿਆਣਾ ਵਿਖੇ ਨਸ਼ਾ ਵਿਰੋਧੀ ਕਾਰਕੁਨ ਨਾਲ ਕੀਤੀ ਮੁਲਾਕਾਤ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੀਡੀਆ ਇੰਚਾਰਜ ਅਤੇ ਨਸ਼ਾ ਮੁਕਤੀ ਮੋਰਚਾ ਦੇ ਮੁੱਖ ਬੁਲਾਰੇ ਬਲਤੇਜ ਪੰਨੂ ਨੇ ਬੁੱਧਵਾਰ ਨੂੰ ਮੋਹਨ

**ਕਿਹਾ, ਨਸ਼ਾ ਤਸਕਰ ਪੰਜਾਬ ਛੱਡ ਦੇਣ ਜਾਂ ਸਖ਼ਤ ਅਤੇ ਬੇਮਿਸਾਲ ਕਾਰਵਾਈ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ**

ਦਈ ਹਸਪਤਾਲ ਵਿਖੇ ਜ਼ੇਰੇ ਇਲਾਜ ਇੱਕ ਨਸ਼ਾ ਵਿਰੋਧੀ ਕਾਰਕੁਨ ਨਾਲ ਮੁਲਾਕਾਤ ਕੀਤੀ। ਦੱਸਣਯੋਗ ਹੈ ਕਿ ਇਹ ਕਾਰਕੁਨ ਨਸ਼ਾ ਤਸਕਰੀ ਵਿੱਚ ਸ਼ਾਮਲ ਵਿਅਕਤੀਆਂ ਵੱਲੋਂ ਕੀਤੇ ਗਏ ਹਮਲੇ ਵਿੱਚ ਜ਼ਖਮੀ ਹੋ ਗਿਆ ਸੀ। ਆਪਣੀ ਫੇਰੀ ਦੌਰਾਨ ਬਲਤੇਜ ਪੰਨੂ ਨੇ ਪੀੜਤ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਮੁਲਾਕਾਤ ਕਰਕੇ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ ਅਤੇ ਪੰਜਾਬ ਸਰਕਾਰ ਵੱਲੋਂ ਪੂਰਨ ਸਹਿਯੋਗ ਦਾ ਭਰੋਸਾ




ਦਿੱਤਾ। ਬਲਤੇਜ ਪੰਨੂ ਦੇ ਨਾਲ ਵਿਧਾਇਕ ਕੁਲਵੰਤ ਸਿੰਘ ਸਿੱਧੂ ਅਤੇ ਨਸ਼ਾ ਮੁਕਤੀ ਮੋਰਚਾ ਪੰਜਾਬ ਦੇ ਮੈਂਬਰ ਵੀ ਮੌਜੂਦ ਸਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਉਨ੍ਹਾਂ ਲੋਕਾਂ ਦੇ ਨਾਲ ਚਟਾਨ ਵਾਂਗ ਖੜ੍ਹੀ ਹੈ ਜੋ ਨਸ਼ਿਆਂ ਦੀ ਅਲਾਮਤ ਦਾ ਦਲੇਰੀ ਨਾਲ ਸਾਹਮਣਾ ਕਰ ਰਹੇ ਹਨ ਅਤੇ ਤਸਕਰੀ ਵਿੱਚ ਸ਼ਾਮਲ ਲੋਕਾਂ ਨੂੰ ਬੇਨਕਾਬ ਕਰ ਰਹੇ ਹਨ। ਬਲਤੇਜ ਪੰਨੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨਸ਼ਾ ਤਸਕਰਾਂ ਅਤੇ ਸਮੱਗਲਰਾਂ ਵਿਰੁੱਧ ਨਿਰੰਤਰ ਅਤੇ ਬਹੁ-ਪੱਖੀ ਜੰਗ ਲੜ ਰਹੀ ਹੈ। ਅਸੀਂ ਪੰਜਾਬ ਵਿੱਚੋਂ ਇਸ ਸਰਾਪ ਨੂੰ ਪੂਰੀ ਤਰ੍ਹਾਂ ਖ਼ਤਮ ਕਰਕੇ ਦਮ ਲਵਾਂਗੇ। ਉਨ੍ਹਾਂ ਨੇ ਦੁਹਰਾਇਆ ਕਿ 'ਨਸ਼ਿਆਂ ਵਿਰੁੱਧ ਯੁੱਧ' ਮੁਹਿੰਮ ਆਪਣੇ ਅੰਤਿਮ ਅਤੇ ਸਭ ਤੋਂ ਗੰਭੀਰ ਪੜਾਅ ਵਿੱਚ ਦਾਖਲ ਹੋ ਚੁੱਕੀ ਹੈ ਅਤੇ ਪੰਜਾਬ ਸਰਕਾਰ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਸਫਾਏ ਲਈ ਦ੍ਰਿੜ ਸੰਕਲਪ ਹੈ। ਬਲਤੇਜ ਪੰਨੂ ਨੇ ਜ਼ਖਮੀ ਕਾਰਕੁਨ ਦੇ ਪਰਿਵਾਰ ਨੂੰ ਇਹ ਵੀ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਪੀੜਤ ਪਰਿਵਾਰ ਨੂੰ ਪੂਰਾ ਸਹਿਯੋਗ ਦੇ ਰਹੀ ਹੈ। ਮੈਂ ਨਿੱਜੀ ਤੌਰ 'ਤੇ ਉਨ੍ਹਾਂ ਦੇ ਲਗਾਤਾਰ ਸੰਪਰਕ ਵਿੱਚ ਰਹਾਂਗਾ ਅਤੇ ਇਲਾਜ ਦੌਰਾਨ ਹਰ ਸੰਭਵ ਮਦਦ ਯਕੀਨੀ ਬਣਾਵਾਂਗਾ। ਨਸ਼ਾ ਤਸਕਰੀ ਵਿੱਚ ਸ਼ਾਮਲ ਲੋਕਾਂ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਨਸ਼ਾ ਤਸਕਰ ਜਾਂ ਤਾਂ ਪੰਜਾਬ ਛੱਡ ਦੇਣ ਜਾਂ ਫਿਰ ਸਖ਼ਤ ਅਤੇ ਬਿਨਾਂ ਕਿਸੇ ਸਮਝੌਤੇ ਵਾਲੀ ਕਾਰਵਾਈ ਦਾ ਸਾਹਮਣਾ ਕਰਨ। ਜਦੋਂ ਤੱਕ ਪੰਜਾਬ ਵਿੱਚੋਂ ਨਸ਼ਿਆਂ ਦੀ ਅਲਾਮਤ ਪੂਰੀ ਤਰ੍ਹਾਂ ਖ਼ਤਮ ਨਹੀਂ ਹੋ ਜਾਂਦੀ, ਅਸੀਂ ਚੈਨ ਨਾਲ ਨਹੀਂ ਬੈਠਾਂਗੇ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਵੱਡੇ ਪੱਧਰ 'ਤੇ ਗ੍ਰਿਫਤਾਰੀਆਂ, ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਕੁਰਕ ਕਰਨ, ਐਨਡੀਪੀਐਸ. ਐਕਟ ਤਹਿਤ ਸਜ਼ਾਵਾਂ ਦਿਵਾਉਣ ਅਤੇ ਲੋਕਾਂ ਦੀ ਸ਼ਮੂਲੀਅਤ ਰਾਹੀਂ ਆਪਣੀ ਕਾਰਵਾਈ ਤੇਜ਼ ਕਰ ਦਿੱਤੀ ਹੈ। ਨਸ਼ਾ ਮੁਕਤੀ ਮੋਰਚਾ ਦੇ ਲਗਭਗ 1.5 ਲੱਖ ਵਲੰਟੀਅਰ ਪੰਜਾਬ ਵਿੱਚੋਂ ਨਸ਼ਿਆਂ ਦੇ ਖਾਤਮੇ ਦੀ ਇਸ ਮੁਹਿੰਮ ਵਿੱਚ ਸਰਗਰਮੀ ਨਾਲ ਸਹਿਯੋਗ ਦੇ ਰਹੇ ਹਨ।

# ਵੈਟਨਰੀ ਯੂਨੀਵਰਸਿਟੀ ਦੇ ਡੇਅਰੀ ਫਾਰਮਿੰਗ ਸਿਖਲਾਈ ਕੋਰਸ ਵਿੱਚ ਵਿਦੇਸ਼ ਤੋਂ ਵਾਪਸ ਆਏ ਅਤੇ ਸੇਵਾਮੁਕਤ ਕਰਮਚਾਰੀਆਂ ਨੇ ਵਿਖਾਈ ਦਿਲਚਸਪੀ




ਜ਼ਿਕਰ ਪੰਜਾਬ

**ਲੁਧਿਆਣਾ/ਬਿਊਰੋ**

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਿਜ਼ ਯੂਨੀਵਰਸਿਟੀ, ਲੁਧਿਆਣਾ ਵਿਖੇ ਦੋ ਹਫ਼ਤੇ ਦਾ ਡੇਅਰੀ ਫਾਰਮਿੰਗ ਸਿਖਲਾਈ ਕੋਰਸ ਸੰਪੂਰਨ ਹੋ ਗਿਆ। ਇਸ ਸਿਖਲਾਈ ਕੋਰਸ ਵਿੱਚ ਨੌਜਵਾਨਾਂ ਦੇ ਨਾਲ ਨਾਲ ਵਿਦੇਸ਼ਾਂ ਤੋਂ ਵਾਪਸ ਆਏ ਨਾਗਰਿਕਾਂ ਅਤੇ ਸੇਵਾਮੁਕਤ ਕਰਮਚਾਰੀਆਂ ਨੇ ਗਹਿਰੀ ਰੁਚੀ ਵਿਖਾਈ। ਕੁਲ 55 ਸਿੱਖਿਆਰਥੀਆਂ ਨੇ ਹਿੱਸਾ ਲਿਆ ਜਿਨ੍ਹਾਂ ਵਿੱਚ ਇਕ ਔਰਤ ਅਤੇ ਤਿੰਨ ਵਿਦੇਸ਼ਾਂ ਤੋਂ ਪਰਤੇ ਨਾਗਰਿਕ ਸਨ। ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਇਸ ਪ੍ਰਭਾਵਸ਼ਾਲੀ ਸਿਖਲਾਈ ਪ੍ਰੋਗਰਾਮ ਦਾ ਆਯੋਜਨ ਕਰਨ ਲਈ ਪਸਾਰ ਸਿੱਖਿਆ ਵਿਭਾਗ ਦੀ ਸਲਾਘਾ ਕੀਤੀ ਅਤੇ ਕਿਹਾ ਕਿ ਵਿਗਿਆਨਕ ਗਿਆਨ, ਹੁਨਰ ਆਧਾਰਿਤ ਸਿਖਲਾਈ ਅਤੇ ਤਕਨੀਕੀ ਸਹਾਇਤਾ ਰਾਹੀਂ ਕਿਸਾਨਾਂ ਨੂੰ ਮਜ਼ਬੂਤ ਬਨਾਉਣ ਲਈ ਯੂਨੀਵਰਸਿਟੀ ਆਪਣੀ ਪ੍ਰਤੀਬੱਧਤਾ ਦੁਹਰਾਉਂਦੀ ਹੈ। ਡਾ. ਰਵਿੰਦਰ ਸਿੰਘ ਗਰੇਵਾਲ, ਨਿਰਦੇਸ਼ਕ ਪਸਾਰ ਸਿੱਖਿਆ ਨੇ ਪੇਂਡੂ ਆਰਥਿਕਤਾ ਨੂੰ ਮਜ਼ਬੂਤ ਕਰਨ, ਪੌਸ਼ਟਿਕ ਸੁਰੱਖਿਆ ਨੂੰ ਯਕੀਨੀ ਬਨਾਉਣ ਅਤੇ ਰੁਜ਼ਗਾਰ ਪੈਦਾ ਕਰਨ ਵਿੱਚ ਡੇਅਰੀ ਦੀ ਅਹਿਮ ਭੂਮਿਕਾ 'ਤੇ ਚਾਨਣਾ ਪਾਇਆ। ਡਾ. ਜਸਵਿੰਦਰ ਸਿੰਘ, ਕੋਰਸ ਨਿਰਦੇਸ਼ਕ ਨੇ ਕਿਹਾ ਕਿ ਇਸ ਸਿਖਲਾਈ ਵਿੱਚ ਸਿਧਾਂਤਕ ਪਹਿਲੂਆਂ ਨੂੰ ਵਿਹਾਰਕ ਗਿਆਨ ਦੇ ਨਾਲ ਜੋੜਿਆ ਗਿਆ ਸੀ ਜਿਸ ਤਹਿਤ ਪਸ਼ੂਆਂ ਦੀ ਢੁੱਕਵੀਂ ਰਿਹਾਇਸ਼, ਸੰਤੁਲਿਤ ਖੁਰਾਕ, ਲੇਵੇ ਦੀ ਸੋਜ ਤੋਂ ਬਚਾਉ ਪ੍ਰਬੰਧ, ਟੀਕਾਕਰਨ, ਸਾਫ ਦੁੱਧ ਉਤਪਾਦਨ, ਪ੍ਰਜਣਨ ਪ੍ਰਬੰਧਨ, ਜੈਵਿਕ ਸੁਰੱਖਿਆ ਅਤੇ ਡੇਅਰੀ ਮੰਡੀਕਾਰੀ ਸ਼ਾਮਿਲ ਸੀ। ਸ਼੍ਰੀ ਬਿਸ਼ਪ ਪ੍ਰਤਾਪ ਸਿੰਘ, ਬੈਂਕ ਆਫ ਬੜੌਦਾ ਨੇ ਵਿਤੀ ਸਹਾਇਤਾ ਅਤੇ ਕਰਜ਼ਾ ਲੈਣ ਸੰਬੰਧੀ ਨੁਕਤੇ ਸਾਂਝੇ ਕੀਤੇ। ਸੁਰਿੰਦਰ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ, ਪੰਜਾਬ ਨੇ ਡੇਅਰੀ ਕਿਸਾਨਾਂ ਲਈ ਸਰਕਾਰੀ ਯੋਜਨਾਵਾਂ ਅਤੇ ਵਿਭਾਗੀ ਸਹਾਇਤਾ ਵਿਧੀਆਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ। ਡਾ. ਰਾਕੇਸ਼ ਕੁਮਾਰ ਸ਼ਰਮਾ, ਨਿਰਦੇਸ਼ਕ ਖੇਤੀ ਖੋਜ ਅਤੇ ਸਿਖਲਾਈ ਕੇਂਦਰ, ਤਲਵਾੜਾ ਨੇ ਆਪਣੇ ਸੰਬੋਧਨ ਦੌਰਾਨ ਪ੍ਰਤੀਭਾਗੀਆਂ ਨੂੰ ਵਿਗਿਆਨਕ ਡੇਅਰੀ ਅਭਿਆਸਾਂ ਅਤੇ ਉਦਮੀਪਨ ਪਹੁੰਚ ਨੂੰ ਅਪਨਾਉਣ ਲਈ ਪ੍ਰੇਰਿਆ। ਪ੍ਰੋਗਰਾਮ ਦਾ ਸੰਯੋਜਨ, ਡਾ. ਰਵਦੀਪ ਸਿੰਘ ਅਤੇ ਡਾ. ਪ੍ਰਤੀਕ ਸਿੰਘ ਧਾਲੀਵਾਲ ਵੱਲੋਂ ਵਿਦਿਆਰਥੀ ਸੰਯੋਜਕ, ਡਾ. ਸੁਚਪ੍ਰੇਮ ਕੌਰ ਦੇ ਨਾਲ ਕੀਤਾ ਗਿਆ।

# ਵੈਟਨਰੀ ਯੂਨੀਵਰਸਿਟੀ ਨੂੰ ਛੋਟੇ ਜਾਨਵਰਾਂ ਦੇ ਇਲਾਜ ਨੂੰ ਬਿਹਤਰ ਕਰਨ ਲਈ ਮਿਲੀ 75 ਲੱਖ ਦੀ ਗ੍ਰਾਂਟ

ਜ਼ਿਕਰ ਪੰਜਾਬ

**ਲੁਧਿਆਣਾ/ਬਿਊਰੋ**

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਿਜ਼ ਯੂਨੀਵਰਸਿਟੀਲ, ਲੁਧਿਆਣਾ ਦੇ ਪਸ਼ੂ ਹਸਪਤਾਲ ਵਿਭਾਗ ਨੇ ਛੋਟੇ ਜਾਨਵਰਾਂ ਦੇ ਇਲਾਜ ਨੂੰ ਮਜ਼ਬੂਤ ਕਰਨ ਸੰਬੰਧੀ ਪ੍ਰਾਜੈਕਟ ਲਈ ਭਾਰਤੀ ਖੇਤੀ ਖੋਜ ਪਰਿਸ਼ਦ ਤੋਂ 75 ਲੱਖ ਦੀ ਪ੍ਰਾਜੈਕਟ ਗ੍ਰਾਂਟ ਪ੍ਰਾਪਤ ਕੀਤੀ ਹੈ। ਇਸ ਪ੍ਰਾਜੈਕਟ ਦਾ ਉਦੇਸ਼ ਛੋਟੇ ਜਾਨਵਰਾਂ ਦੀ ਐਮਰਜੈਂਸੀ ਅਤੇ ਗੰਭੀਰ ਸੰਭਾਲ ਵਿੱਚ ਵਿਦਿਆਰਥੀਆਂ ਲਈ ਢਾਂਚਾਗਤ ਅਨੁਭਵੀ ਸਿਖਲਾਈ ਅਤੇ ਆਈ. ਸੀ. ਯੂ ਕੇਸਾਂ ਦੇ ਨਿਗਰਾਨੀ ਪ੍ਰਬੰਧਨ ਦੁਆਰਾ ਵਿਹਾਰਕ ਸਿਖਲਾਈ ਨੂੰ ਬਿਹਤਰ ਕਰਨਾ ਹੈ। ਇਸ ਪ੍ਰਾਜੈਕਟ ਦੀ ਅਗਵਾਈ ਡਾ. ਗੁਰਪ੍ਰੀਤ ਸਿੰਘ ਪ੍ਰੀਤ ਮੁੱਖ ਨਿਰੀਖਕ ਵਜੋਂ ਕਰ ਰਹੇ ਹਨ, ਜਿਸ ਵਿੱਚ ਡਾ. ਸਵਰਨ



ਸਿੰਘ ਰੰਧਾਵਾ, ਡਾ. ਰਾਜਸੁਖਬੀਰ ਸਿੰਘ, ਡਾ. ਰਣਧੀਰ ਸਿੰਘ, ਅਤੇ ਡਾ. ਜਸਨੀਤ ਸਿੰਘ ਸਹਿ-ਮੁੱਖ ਨਿਰੀਖਕ ਵਜੋਂ ਸੇਵਾ ਨਿਭਾ ਰਹੇ ਹਨ।

ਇਹ ਦੱਸਣਾ ਮਹੱਤਵਪੂਰਨ ਹੈ ਕਿ ਇਹ ਮਾਹਿਰ ਵੈਟਨਰੀ ਡਾਇਲਿਸਿਸ ਨੂੰ ਬਿਹਤਰ ਕਰਨ ਦੇ ਉਦੇਸ਼ ਨਾਲ ਇੱਕ ਹੋਰ ਪ੍ਰਾਜੈਕਟ ਵਿੱਚ ਵੀ ਵਿਸ਼ੇਸ਼ ਯੋਗਦਾਨ ਦੇ ਰਹੇ ਹਨ। ਇਸ ਦੇ ਤਹਿਤ ਗੁਰਦਿਆਂ ਦੇ ਤਬਾਦਲੇ ਅਤੇ ਇਲਾਜ ਲਈ ਵਿਆਪਕ ਕਾਰਜ ਕੀਤੇ ਜਾ ਰਹੇ ਹਨ। ਡਾ ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਪ੍ਰਾਜੈਕਟ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਛੋਟੇ ਜਾਨਵਰਾਂ ਦੀ ਐਮਰਜੈਂਸੀ ਅਤੇ ਗੰਭੀਰ ਇਲਾਜ ਦੀ ਸਿੱਖਿਆ ਵੈਟਨਰੀ ਮੈਡੀਸਨ ਵਿੱਚ ਸਭ ਤੋਂ ਵੱਧ ਤਕਨੀਕੀ ਤੌਰ 'ਤੇ ਲੋੜੀਂਦੀਆਂ ਅਤੇ ਤੇਜ਼ੀ ਨਾਲ ਅੱਗੇ ਵਧਣ ਵਾਲੀਆਂ ਵਿਸ਼ੇਸ਼ਤਾਵਾਂ ਵਿੱਚੋਂ ਇੱਕ ਹੈ। ਉਨ੍ਹਾਂ ਕਿਹਾ ਕਿ ਅਨੁਭਵੀ ਸਿਖਲਾਈ ਰਾਹੀਂ ਇਸ ਖੇਤਰ ਨੂੰ ਮਜ਼ਬੂਤ ਕਰਨ ਨਾਲ ਗ੍ਰੈਜੂਏਟਾਂ ਨੂੰ ਅੰਤਰਰਾਸ਼ਟਰੀ ਮਾਪਦੰਡਾਂ ਨੂੰ ਪੂਰਾ ਕਰਨ ਲਈ ਤਿਆਰ ਕੀਤਾ ਜਾਵੇਗਾ ਜਦੋਂ ਕਿ ਗੰਭੀਰ ਰੂਪ ਵਿੱਚ ਬਿਮਾਰ ਜਾਨਵਰਾਂ ਵਿੱਚ ਬਚਾਅ ਦੇ ਨਤੀਜਿਆਂ ਵਿੱਚ ਸੁਧਾਰ ਹੋਵੇਗਾ। ਡਾ. ਸਵਰਨ ਸਿੰਘ ਰੰਧਾਵਾ, ਡੀਨ, ਕਾਲਜ ਆਫ਼ ਵੈਟਨਰੀ ਸਾਇੰਸ, ਨੇ ਇਸ ਪ੍ਰਾਜੈਕਟ ਨੂੰ ਕਲੀਨਿਕਲ ਬੁਨਿਆਦੀ ਢਾਂਚੇ ਨਾਲ ਅਕਾਦਮਿਕ ਨੇੜਤਾ ਨੂੰ ਜੋੜਨ ਵੱਲ ਇੱਕ ਪ੍ਰਗਤੀਸ਼ੀਲ ਕਦਮ ਦੱਸਿਆ। ਹਸਪਤਾਲ ਦੇ ਨਿਰਦੇਸ਼ਕ ਡਾ. ਜਤਿੰਦਰ ਮੋਹਿੰਦਰੂ ਨੇ ਪੁਸ਼ਟੀ ਕੀਤੀ ਕਿ ਟੀਮ ਦੀ ਕਲੀਨਿਕਲ ਸਮਰੱਥਾ ਅਤੇ ਅੰਤਰ-ਅਨੁਸ਼ਾਸਨੀ ਮੁਹਾਰਤ ਪਸ਼ੂ ਹਸਪਤਾਲ ਨੂੰ ਇੱਕ ਵਿਸ਼ੇਸ਼ ਕੇਂਦਰ ਵਜੋਂ ਸਥਾਪਿਤ ਕਰਦੀ ਹੈ।

ਡਾ. ਗੁਰਪ੍ਰੀਤ ਸਿੰਘ ਪ੍ਰੀਤ ਨੇ ਦੱਸਿਆ ਕਿ ਵਿਦਿਆਰਥੀ ਸਿਖਲਾਈ ਤੋਂ ਇਲਾਵਾ, ਇਹ ਗ੍ਰਾਂਟ ਉੱਨਤ ਨਿਗਰਾਨੀ ਅਤੇ ਜੀਵਨ-ਸਹਾਇਤਾ ਉਪਕਰਣਾਂ ਦੀ ਪ੍ਰਾਪਤੀ ਅਤੇ ਮਰੀਜ਼ਾਂ ਦੀ ਦੇਖਭਾਲ ਦੇ ਮਿਆਰਾਂ ਅਤੇ ਬਚਾਅ ਦਰ ਨੂੰ ਮਹੱਤਵਪੂਰਨ ਤੌਰ 'ਤੇ ਵਧਾਉਣ, ਛੋਟੇ ਜਾਨਵਰਾਂ ਦੀਆਂ ਉੱਨਤ ਕਲੀਨਿਕਲ ਸੇਵਾਵਾਂ ਵਿੱਚ ਵੈਟਨਰੀ ਵਰਸਿਟੀ ਦੀ ਅਗਵਾਈ ਨੂੰ ਹੋਰ ਮਜ਼ਬੂਤ ਕਰਨ ਵਿੱਚ ਸਹਾਇਤਾ ਕਰੇਗੀ।

# ਮਹਿਲਾ ਦਿਵਸ ਮੌਕੇ ਆਮ ਆਦਮੀ ਪਾਰਟੀ ਵੱਲੋਂ ਔਰਤਾਂ ਲਈ ਵੱਡਾ ਤੋਹਫ਼ਾ : ਖੰਗੂੜਾ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਆਮ ਆਦਮੀ ਪਾਰਟੀ ਵੱਲੋਂ ਕੀਤਾ ਗਿਆ ਇੱਕ ਹੋਰ ਵਾਅਦਾ ਪੂਰਾ। ਪਾਰਟੀ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਆਮ ਵਰਗ ਦੀਆਂ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਅਤੇ ਐਸ.ਸੀ. ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਆਰਥਿਕ ਸਹਾਇਤਾ ਦੇ ਤੌਰ 'ਤੇ ਦਿੱਤੇ ਜਾਣਗੇ। ਇਸ ਸੰਬੰਧ ਵਿੱਚ ਅੱਜ ਸ਼ਹਿਰ ਦੇ ਸਾਰੇ ਐਮ.ਐਲ.ਏ. ਸਾਹਿਬਾਨ ਦੇ ਦਫ਼ਤਰਾਂ ਵਿੱਚ ਮਹਿਲਾਵਾਂ ਨਾਲ ਇਸ ਮੌਕੇ ਦੀ ਖੁਸ਼ੀ ਮਨਾਈ ਗਈ ਅਤੇ ਉਨ੍ਹਾਂ ਨੂੰ ਇਸ ਯੋਜਨਾ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ 'ਤੇ ਕੈਬਨਿਟ ਮੰਤਰੀ ਅਤੇ ਹਲਕਾ ਵੈਸਟ ਦੇ ਐਮ.ਐਲ.ਏ. ਸ੍ਰੀ ਸੰਜੀਵ





ਅਰੋੜਾ ਜੀ ਦੇ ਦਫਤਰ ਵਿਖੇ ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਖੰਗੂੜਾ ਵੱਲੋਂ ਇੱਕ ਪ੍ਰੈੱਸ ਕਾਨਫਰੰਸ ਕਰਕੇ ਮਹਿਲਾਵਾਂ ਨੂੰ ਇਸ ਯੋਜਨਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਆਮ ਆਦਮੀ ਪਾਰਟੀ ਦਾ ਮੰਨਣਾ ਹੈ ਕਿ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣਾ ਸਮਾਜ ਦੀ ਤਰੱਕੀ ਲਈ ਬਹੁਤ ਜ਼ਰੂਰੀ ਹੈ ਅਤੇ ਇਸ ਯੋਜਨਾ ਨਾਲ ਹਜ਼ਾਰਾਂ ਪਰਿਵਾਰਾਂ ਨੂੰ ਲਾਭ ਮਿਲੇਗਾ। ਇਸ ਮੌਕੇ 'ਤੇ ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਖੰਗੂੜਾ ਤੇ ਕੌਂਸਲਰ ਗੁਰਪ੍ਰੀਤ ਬੱਬਲ, ਸਨੀ ਮਾਸਟਰ, ਮਨੀਸ ਸਾਹ ਅਤੇ ਨੰਦਨੀ ਜੈਰੱਥ ਅਤੇ ਹੋਰ ਸਾਥੀਆ ਵੱਲੋ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਫੈਸਲਾ ਮਹਿਲਾਵਾਂ ਦੀ ਭਲਾਈ ਅਤੇ ਉਨ੍ਹਾਂ ਨੂੰ ਆਤਮਨਿਰਭਰ ਬਣਾਉਣ ਵੱਲ ਇੱਕ ਵੱਡਾ ਕਦਮ ਹੈ।

# ਜੀਜੀਐੱਨ ਖ਼ਾਲਸਾ ਕਾਲਜ ਲੁਧਿਆਣਾ ਦੇ ਪ੍ਰਵਾਸੀ ਸਾਹਿਤ ਅਧਿਐਨ ਕੇਂਦਰ ਵਿਖੇ ਪਹਿਲਾ ਪ੍ਰੋ. ਜਗਜੀਤ ਕੌਰ ਯਾਦਗਾਰੀ ਭਾਸ਼ਣ ਕਰਵਾਇਆ

## ਦੇਸ਼ ਬਦੇਸ਼ ਦੇ ਸਿਰਕੱਢ ਲੇਖਕ ਸਮਾਗਮ ਵਿੱਚ ਸ਼ਾਮਿਲ ਹੋਏ

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਪਹਿਲੇ ਪ੍ਰੋਫੈਸਰ ਜਗਜੀਤ ਕੌਰ ਯਾਦਗਾਰੀ ਭਾਸ਼ਣ ਦਾ ਆਯੋਜਨ 'ਮਸਲੇ ਪਰਵਾਸ ਦੇ ਵਿਸ਼ਵੀ ਪ੍ਰਸਥਿਤੀਆਂ ਦੇ ਪ੍ਰਸੰਗ ਵਿੱਚ' ਵਿਸ਼ੇ ਉੱਤੇ ਕਰਵਾਇਆ ਗਿਆ। ਸੀਨੀਅਰ ਪੱਤਰਕਾਰ ਸ. ਹਮੀਰ ਸਿੰਘ ਸੰਚਾਲਕ ਪੁਲਾਂਘ ਟੀਵੀ ਚੈਨਲ ਨੇ ਮੁੱਖ ਵਕਤਾ ਵਜੋਂ ਇਸ ਵਿਸ਼ੇ ਤੇ ਆਪਣੇ ਵਿਚਾਰ ਪੇਸ਼ ਕੀਤੇ। ਸਮਾਗਮ ਦੀ ਪ੍ਰਧਾਨਗੀ ਪ੍ਰੋ. ਗੁਰਭਜਨ ਸਿੰਘ ਗਿੱਲ, ਪ੍ਰਧਾਨ, ਲੋਕ ਵਿਰਾਸਤ ਅਕੈਡਮੀ ਲੁਧਿਆਣਾ ਨੇ ਕੀਤੀ। ਡਾ. ਸ. ਪ. ਸਿੰਘ ਜੀ ਪ੍ਰਧਾਨ ਗੁਜਰਾਂਵਾਲਾ ਖ਼ਾਲਸਾ ਐਜੂਕੇਸ਼ਨਲ ਕੌਂਸਲ ਅਤੇ ਸਾਬਕਾ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਸਭ ਨੂੰ ਰਸਮੀ ਤੌਰ 'ਤੇ ਜੀ ਆਇਆਂ ਕਹਿੰਦਿਆ ਦੱਸਿਆ ਕਿ ਕਾਲਜ ਦੇ ਪਰਵਾਸੀ ਸਾਹਿਤ ਅਧਿਐਨ ਕੇਂਦਰ ਵੱਲੋਂ ਹਰ ਵਰ੍ਹੇ ਹੀ ਉਨ੍ਹਾਂ ਦੀ ਧਰਮ ਸੁਪਤਨੀ ਪ੍ਰੋ. ਜਗਜੀਤ ਕੌਰ ਦੀ ਯਾਦ ਵਿਚ ਇਹ ਲੈਕਚਰ ਕਰਵਾਇਆ ਜਾਵੇਗਾ। ਇਸ ਸਬੰਧੀ ਧਨ ਰਾਸ਼ੀ ਪੱਕੇ ਫੰਡ ਵਜੋਂ ਜਮ?ਹਾਂ ਕਰਵਾ ਦਿੱਤੀ ਗਈ ਹੈ। ਪ੍ਰੋ. ਜਗਜੀਤ ਕੌਰ ਬਾਰੇ ਉਨ੍ਹਾਂ ਦੱਸਿਆ ਕਿ ਉਹ ਸਾਰੀ ਉਮਰ ਸਿੱਖਿਆ,ਸਾਹਿਤ ਅਤੇ ਕਲਾ ਨਾਲ ਜੁੜੇ ਰਹੇ। ਸਰਕਾਰੀ ਮਹਿਲਾ ਕਾਲਜ ਅੰਮ੍ਰਿਤਸਰ ਅਤੇ ਫੇਰ ਸਰਕਾਰੀ ਕਾਲਜ (ਲੜਕੀਆਂ ) ਲੁਧਿਆਣਾ ਵਿਖੇ ਉਨਾਂ ਨੇ ਸੰਗੀਤ



ਦੇ ਪ੍ਰੋਫ਼ੈਸਰ ਵਜੋਂ ਸੇਵਾਵਾਂ ਨਿਭਾਈਆਂ ਅਤੇ ਲੁਧਿਆਣੇ ਦੇ ਹੀ ਸਰਕਾਰੀ ਕਾਲਜ ਤੋਂ 2009 ਵਿਚ ਉਹ ਸੇਵਾ ਮੁਕਤ ਹੋਏ। ਪਿਛਲੇ ਸਾਲ ਮਈ 2025 ਨੂੰ ਉਹ ਸਾਨੂੰ ਸਦੀਵੀ ਵਿਛੋੜਾ ਦੇ ਗਏ ਸਨ। ਸ. ਹਮੀਰ ਸਿੰਘ ਨੇ ਪਰਵਾਸ ਦੇ ਹਵਾਲੇ ਨਾਲ ਇਸ ਮੌਕੇ ਗ਼ਦਰ ਲਹਿਰ ਦੇ ਇਤਿਹਾਸ ਬਾਰੇ, ਪੰਜਾਬ ਸੰਕਟ ਬਾਰੇ ਅਤੇ ਇੱਕਵੀਂ ਸਦੀ ਵਿਚ ਆਈਲੈਟਸ ਰੁਝਾਨ ਸਦਕਾ ਵੱਡੀ ਗਿਣਤੀ ਵਿਚ ਹੋਏ ਪੰਜਾਬੀਆਂ ਦੇ ਪਰਵਾਸ ਦੇ ਕਾਰਨ ਤੇ ਪ੍ਰਭਾਵਾਂ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ। ਉਨਾਂ ਨੇ ਅਜੋਕੀਆਂ ਵਿਸ਼ਵੀ ਪ੍ਰਸਥਿਤੀਆਂ ਦੇ ਸੰਦਰਭ ਵਿੱਚ ਪਰਵਾਸ ਦੇ ਨਾਲ ਜੁੜੇ ਕਈ ਮਹੱਤਵਪੂਰਨ ਨੁਕਤੇ ਵੀ ਉਭਾਰੇ। ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਆਪਣਾ ਪ੍ਰਧਾਨਗੀ ਭਾਸ਼ਣ ਦੇਂਦਿਆਂ ਕਿਹਾ ਕਿ ਪੰਜਾਬੀ ਚੰਗੇ ਜੀਵਨ ਦੀ ਤਲਾਸ਼ ਤੇ ਰੋਜ਼ੀ ਰੋਟੀ ਲਈ ਜਾਣ ਤੋਂ ਵੀ ਪਹਿਲਾਂ ਪਿਛਲੀ ਸਦੀ ਦੇ ਅੱਠਵੇਂ ਦਹਾਕੇ ਵਿੱਚ ਪੰਜਾਬੀ ਸਿੱਖ ਫ਼ੌਜੀ ਕੈਨੇਡੀਅਨ ਸਰਹੱਦਾਂ ਦੀ ਰਖਵਾਲੀ ਕਰਨ ਲਈ ਬੁਲਾਏ ਗਏ ਸਨ। ਇਹ ਗੱਲ ਵੀ ਵਿਚਾਰਨਯੋਗ ਹੈ ਕਿ ਬੁਲਾਏ ਗਏ ਪੰਜਾਬੀ ਸਿੱਖ ਫੌਜੀਆਂ ਨਾਲ ਵਸੇਬ ਅਤੇ ਹੋਰ ਸਹੂਲਤਾਂ ਦੇਣ ਵੇਲੇ ਵਿਤਕਰਾ ਕੀਤਾ ਗਿਆ। ਅੱਜ ਵੀ ਇਹ ਵਿਤਕਰਾ ਲੁਕਵੇਂ ਰੂਪ ਵਿੱਚ ਜਾਰੀ ਹੈ। ਵਿਸ਼ਵ ਦੇ ਵੱਖ ਵੱਖ ਮੁਲਕਾਂ ਵਿਚ ਵਿਚਰਨ ਅਤੇ ਵੱਡੀਆਂ ਮੱਲਾਂ ਵੀ ਮਾਰਨ ਪਰ ਉਹ ਆਪਣੀ ਮਾਂ - ਬੋਲੀ ਅਤੇ ਮਾਤ ਭੂਮੀ ਨਾਲ ਜ਼ਰੂਰ ਜੁੜੇ ਰਹਿਣ। ਆਪਣੀਆਂ ਜ਼ਮੀਨਾਂ ਅਤੇ ਘਰ ਵੇਚ ਕੇ ਵਿਦੇਸ਼ਾਂ ਨੂੰ ਜਾਣ ਵਾਲਾ ਰੁਝਾਨ ਠੀਕ ਨਹੀਂ। ਇਸ ਉਪਰੰਤ ਵੱਖ ਵੱਖ ਮੁਲਕਾਂ ਤੋਂ ਆਏ ਹੋਏ ਲੇਖਕ ਜਿਨ੍ਹਾਂ ਵਿਚ ਡਾ. ਗੁਰਮਿੰਦਰ ਸਿੱਧੂ, ਮੋਹਨ ਗਿੱਲ, ਡਾ. ਬਲਦੇਵ ਸਿੰਘ ਖਹਿਰਾ, ਡਾ. ਸਵਰਨ ਸਿੰਘ ਕੈਨੇਡਾ ਤੋਂ, ਹਰਜਿੰਦਰ ਕੰਗ, ਤਰਲੋਕ ਬੀਰ, ਗੁਲਸ਼ਨ ਦਿਆਲ ਅਮਰੀਕਾ ਜਗਤਾਰ ਢਾਹ,ਸੁਰਿੰਦਰ ਸੀਹਰਾ, ਮਹਿੰਦਰ ਸਿੰਘ ਰਾਏ, ਜਸਵਿੰਦਰ ਸਿੰਘ ਰੱਤੀਆਂ ਯੂਕੇ ਅਤੇ ਮਨਦੀਪ ਬਰਾੜ ਆਸਟਰੇਲੀਆ ਨੇ ਆਪਣੇ ਵਿਚਾਰ ਅਤੇ ਕਵਿਤਾਵਾਂ ਸਰੋਤਿਆਂ ਨਾਲ ਸਾਂਝੀਆਂ ਕੀਤੀਆਂ। ਪ੍ਰਵਾਸੀ ਸਾਹਿੱਤ ਅਧਿਐਨ ਕੇਂਦਰ ਵੱਲੋਂ ਆਏ ਪਰਵਾਸੀ ਲੇਖਕ ਮਹਿਮਾਨਾਂ ਨੂੰ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੇ ਅਖੀਰ ਵਿਚ ਕਾਲਜ ਦੀ ਪ੍ਰਿੰਸੀਪਲ ਪ੍ਰੋ. ਰਜਿੰਦਰ ਕੌਰ ਮਲਹੋਤਰਾ ਨੇ ਸਭ ਦਾ ਰਸਮੀ ਤੌਰ ਤੇ ਧੰਨਵਾਦ ਕੀਤਾ ਅਤੇ ਪ੍ਰੋ. ਜਗਜੀਤ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਸ. ਹਰਸ਼ਰਨ ਸਿੰਘ ਜੀ ਨਰੂਲਾ ਆਨਰੇਰੀ ਜਨਰਲ ਸਕੱਤਰ ਗੁਜਰਾਂਵਾਲਾ ਖ਼ਾਲਸਾ ਐਜੂਕੇਸ਼ਨਲ ਕੌਂਸਲ, ਮੈਂਬਰ ਸ. ਕੁਲਜੀਤ ਸਿੰਘ, ਸ. ਹਰਦੀਪ ਸਿੰਘ, ਪ੍ਰੋ. ਮਨਜੀਤ ਸਿੰਘ ਛਾਬੜਾ ਡਾਇਰੈਕਟਰ ਜੀ. ਜੀ. ਐਨ. ਆਈ. ਐਮ. ਟੀ., ਦੂਰਦਰਸ਼ਨ ਜਲੰਧਰ ਦੇ ਸੇਵਾ ਮੁਕਤ ਕ੍ਰੀਏਟਿਵ ਡਿਜ਼ਾਇਨਰ ਚੰਨੀ ਤਾਕੁਲੀਆ, ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਹਿੰਦੀ ਵਿਭਾਗ ਦੇ ਸੇਵਾ ਮੁਕਤ ਸੀਨੀਅਰ ਪ੍ਰੋਫੈਸਰ ਡਾ. ਸੇਵਾ ਸਿੰਘ, ਸਮੁੰਦਰੋਂ ਪਾਰ ਮੈਗਜ਼ੀਨ ਦੇ ਸੰਪਾਦਕ ਇੰਦਰਜੀਤ ਸਿੰਘ, ਡਾ. ਗੁਰਇਕਬਾਲ ਸਿੰਘ, ਤਰਲੋਚਨ ਲੋਚੀ, ਡਾ. ਗੁਰਚਰਨ ਕੌਰ ਕੋਚਰ, ਸ. ਸਹਿਜਪ੍ਰੀਤ ਸਿੰਘ ਮਾਂਗਟ, ਡਾ. ਹਰੀ ਸਿੰਘ ਜਾਚਕ, ਡਾ. ਗੁਲਜ਼ਾਰ ਸਿੰਘ ਪੰਧੇਰ ਤੇ ਕਾਲਜ ਦੇ ਵੱਖ ਵੱਖ ਵਿਭਾਗਾਂ ਤੋਂ ਅਧਿਆਪਕ ਸਾਹਿਬਾਨ ਹਾਜ਼ਰ ਰਹੇ। ਮੰਚ ਸੰਚਾਲਨ ਪੰਜਾਬੀ ਵਿਭਾਗ ਦੇ ਮੁਖੀ ਪ੍ਰੋ. ਸ਼ਰਨਜੀਤ ਕੌਰ ਤੇ ਡਾ. ਤੇਜਿੰਦਰ ਕੌਰ ਨੇ ਕੀਤਾ।

# ਪੰਜਾਬ ਦੇ ਨੌਜਵਾਨਾਂ ਨੂੰ ਹੁਨਰ ਵਿਕਾਸ ਅਤੇ ਰੋਜ਼ਗਾਰ ਨਾਲ ਜੋੜਨ ਵੱਲ ਸੀਯੂ ਪੰਜਾਬ ਦਾ ਵੱਡਾ ਕਦਮ

## ਕੁਸ਼ਲ ਪੰਜਾਬ ਦੇ ਨਿਰਮਾਣ ਲਈ ਸੀਯੂ ਪੰਜਾਬ ਦੀ ਪਹਿਲ: ਨੌਜਵਾਨਾਂ ਦੇ ਰੋਜ਼ਗਾਰਮੁਖੀ ਹੁਨਰ ਵਿਕਾਸ ਲਈ ਪੰਜਾਬ ਕੇਂਦਰੀ ਯੂਨੀਵਰਸਿਟੀ ਵੱਲੋਂ ਛੇ ਨਵੇਂ ਸਕਿਲ ਡਿਵੈਲਪਮੈਂਟ ਕੋਰਸ ਸ਼ੁਰੂ

ਜ਼ਿਕਰ ਪੰਜਾਬ

**ਬਠਿੰਡਾ/ਬਿਊਰੋ**

ਨੌਜਵਾਨਾਂ ਵਿੱਚ ਹੁਨਰ ਆਧਾਰਿਤ ਸਿੱਖਿਆ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਪੰਜਾਬ ਕੇਂਦਰੀ ਯੂਨੀਵਰਸਿਟੀ (ਸੀਯੂ ਪੰਜਾਬ), ਬਠਿੰਡਾ ਨੇ ਰਾਸ਼ਟਰੀ ਹੁਨਰ ਯੋਗਤਾ ਢਾਂਚਾ (ਐਨਐਸਕਿਊਐਫ) ਦੇ ਅਨੁਸਾਰ ਛੇ ਨਵੇਂ ਸਕਿੱਲ ਡਿਵੈਲਪਮੈਂਟ ਕੋਰਸ ਸ਼ੁਰੂ ਕੀਤੇ ਹਨ। ਇਹ ਕੋਰਸ ਭਾਰਤ ਸਰਕਾਰ ਦੇ ਸਕਿੱਲ ਡਿਵੈਲਪਮੈਂਟ ਅਤੇ ਉੱਦਮਤਾ ਮੰਤਰਾਲੇ ਅਧੀਨ ਰਾਸ਼ਟਰੀ ਵੋਕੇਸ਼ਨਲ ਐਜੂਕੇਸ਼ਨ ਐਂਡ ਟ?ਰੇਨਿੰਗ ਕੌਂਸਲ (ਐਨਸੀਵੀਈਟੀ) ਵੱਲੋਂ ਮਨਜ਼ੂਰ ਕੀਤੇ ਗਏ ਹਨ। ਇਹ ਪਹਿਲ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਰਾਘਵੇਂਦਰ ਪ੍ਰਸਾਦ ਤਿਵਾਰੀ ਦੀ ਦੂਰਦਰਸ਼ੀ ਅਗਵਾਈ ਹੇਠ ਕੀਤੀ ਗਈ ਹੈ, ਜਿਸਦਾ ਉਦੇਸ਼ ਨੌਜਵਾਨਾਂ ਨੂੰ ਰੋਜ਼ਗਾਰਮੁਖੀ ਹੁਨਰਾਂ ਨਾਲ ਲੈਸ ਕਰਨਾ ਅਤੇ ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਵੱਲੋਂ ਪਰਿਕਲਪਿਤ "ਆਤਮਨਿਰਭਰ ਭਾਰਤ"ਅਤੇ "ਵਿਕਸਿਤ ਭਾਰਤ"ਦੇ ਰਾਸ਼ਟਰੀ ਵਿਜ਼ਨ ਨੂੰ ਸਾਕਾਰ ਕਰਨ ਵਿੱਚ ਯੋਗਦਾਨ ਪਾਉਣਾ ਹੈ। ਇਸ ਤੋਂ ਪਹਿਲਾਂ ਯੂਨੀਵਰਸਿਟੀ ਨੂੰ ਐਨਸੀਵੀਈਟੀ ਵੱਲੋਂ "ਡੀਮਡ ਅਵਾਰਡਿੰਗ ਬਾਡੀ - ਡੁਅਲ




ਸਟੇਟਸ"ਪ੍ਰਦਾਨ ਕੀਤਾ ਗਿਆ ਸੀ, ਜਿਸ ਅਧੀਨ ਯੂਨੀਵਰਸਿਟੀ ਹੁਨਰ ਆਧਾਰਿਤ ਟ?ਰੇਨਿੰਗ ਪ੍ਰੋਗਰਾਮ ਚਲਾਉਣ, ਮੁਲਾਂਕਣ ਕਰਨ ਅਤੇ ਸਫਲ ਉਮੀਦਵਾਰਾਂ ਨੂੰ ਰਾਸ਼ਟਰੀ ਪੱਧਰ 'ਤੇ ਮਾਨਤਾ ਪ੍ਰਾਪਤ ਸਰਟੀਫਿਕੇਟ ਜਾਰੀ ਕਰਨ ਲਈ ਪ੍ਰਵਾਨਿਤ ਹੈ। ਯੂਨੀਵਰਸਿਟੀ ਨੇ ਕੈਂਪਸ ਵਿੱਚ ਛੇ ਨਵੇਂ ਸਕਿੱਲ ਡਿਵੈਲਪਮੈਂਟ ਕੋਰਸਾਂ ਦੀ ਸ਼ੁਰੂਆਤ ਦਾ ਐਲਾਨ ਕੀਤਾ ਹੈ, ਜਿਨ੍ਹਾਂ ਦੀਆਂ ਕਲਾਸਾਂ ਅਪ੍ਰੈਲ 2026 ਤੋਂ ਸ਼ੁਰੂ ਹੋਣਗੀਆਂ।

ਇਨ੍ਹਾਂ ਕੋਰਸਾਂ ਵਿੱਚ ਫੰਡਾਮੈਂਟਲਜ਼ ਆਫ਼ ਕੰਪਿਊਟਰਜ਼ (120 ਘੰਟੇ), ਇੰਟਰੋਡਕਸ਼ਨ ਟੂ ਟੈਲੀ ਓਪਰੇਸ਼ਨਜ਼ ਐਂਡ ਜੀਐਸਟੀ ਕੈਲਕੁਲੇਸ਼ਨਜ਼ (120 ਘੰਟੇ), ਬਾਇਓਮੈਡੀਕਲ ਵੇਸਟ ਮੈਨੇਜਮੈਂਟ ਫਾਰ ਨਰਸਿੰਗ ਐਂਡ ਪੈਰਾਮੈਡੀਕਲ ਸਟਾਫ (30 ਘੰਟੇ), ਅਸਿਸਟੈਂਟ ਕਾਰਪੈਂਟਰ (40 ਘੰਟੇ), ਹੈਲਪਰ ਇਲੈਕਟ੍ਰੀਸ਼ਨ (270 ਘੰਟੇ) ਅਤੇ ਐਸੈਂਸ਼ਲਜ਼ ਆਫ ਰੈਫਰਿਜਰੇਸ਼ਨ ਐਂਡ ਏਅਰ ਕੰਡੀਸ਼ਨਿੰਗ (15 ਘੰਟੇ) ਸ਼ਾਮਲ ਹਨ। ਇਨ੍ਹਾਂ ਕੋਰਸਾਂ ਲਈ ਦਾਖ਼ਲਾ ਪ੍ਰਕਿਰਿਆ ਸ਼ੁਰੂ ਹੋ ਚੁੱਕੀ ਹੈ ਅਤੇ ਰੁਚੀ ਰੱਖਣ ਵਾਲੇ ਉਮੀਦਵਾਰ ਯੂਨੀਵਰਸਿਟੀ ਦੀ ਅਧਿਕਾਰਿਕ ਵੈੱਬਸਾਈਟ www.cup.edu.in ਰਾਹੀਂ ਆਨਲਾਈਨ ਰਜਿਸਟ੍ਰੇਸ਼ਨ ਕਰ ਸਕਦੇ ਹਨ। ਵਾਈਸ ਚਾਂਸਲਰ ਪ੍ਰੋ. ਰਾਘਵੇਂਦਰ ਪ੍ਰਸਾਦ ਤਿਵਾਰੀ ਨੇ ਕਿਹਾ ਕਿ ਇਨ੍ਹਾਂ ਕੋਰਸਾਂ ਦੀ ਸ਼ੁਰੂਆਤ ਯੂਨੀਵਰਸਿਟੀ ਦੀ ਹੁਨਰ ਆਧਾਰਿਤ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਦੀ ਰੋਜ਼ਗਾਰ ਯੋਗਤਾ ਵਧਾਉਣ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਗਰਾਮਾਂ ਰਾਹੀਂ ਵਿਦਿਆਰਥੀਆਂ ਨੂੰ ਵਿਹਾਰਕ ਟ?ਰੇਨਿੰਗ ਅਤੇ ਉਦਯੋਗ ਨਾਲ ਸੰਬੰਧਿਤ ਸਿਖਲਾਈ ਪ੍ਰਦਾਨ ਕੀਤੀ ਜਾਵੇਗੀ, ਜਿਸ ਨਾਲ ਉਹ ਰੋਜ਼ਗਾਰ ਪ੍ਰਾਪਤ ਕਰਨ ਜਾਂ ਸਵੈ-ਰੋਜ਼ਗਾਰ ਦੇ ਮੌਕੇ ਹਾਸਲ ਕਰਨ ਦੇ ਯੋਗ ਬਣ ਸਕਣਗੇ।

ਉਨ੍ਹਾਂ ਇਹ ਵੀ ਦੱਸਿਆ ਕਿ ਸਾਰੇ ਛੇ ਕੋਰਸ ਬਹੁਤ ਹੀ ਨਾਮਾਤਰ ਫੀਸ 'ਤੇ ਉਪਲਬਧ ਹੋਣਗੇ ਤਾਂ ਜੋ ਵੱਧ ਤੋਂ ਵੱਧ ਨੌਜਵਾਨ ਇਸਦਾ ਲਾਭ ਲੈ ਸਕਣ। ਰਜਿਸਟਰਾਰ ਡਾ. ਵਿਜੇ ਸ਼ਰਮਾ ਨੇ ਦੱਸਿਆ ਕਿ ਇਹ ਕੋਰਸ ਉਦਯੋਗ ਦੀਆਂ ਲੋੜਾਂ ਦੇ ਅਨੁਸਾਰ ਵਿਹਾਰਕ ਟ੍ਰੇਨਿੰਗ ਅਤੇ ਤਜਰਬਾ ਪ੍ਰਦਾਨ ਕਰਕੇ ਨੌਜਵਾਨਾਂ ਦੀ ਰੋਜ਼ਗਾਰ ਯੋਗਤਾ ਵਧਾਉਣ ਲਈ ਤਿਆਰ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਗਰਾਮਾਂ ਤੋਂ ਖ਼ਾਸ ਤੌਰ 'ਤੇ ਪਿੰਡਾਂ ਦੇ ਉਹ ਬੇਰੁਜ਼ਗਾਰ ਨੌਜਵਾਨ ਲਾਭ ਪ੍ਰਾਪਤ ਕਰ ਸਕਣਗੇ ਜਿਨ੍ਹਾਂ ਦੀ ਉਮਰ 15 ਸਾਲ ਜਾਂ ਇਸ ਤੋਂ ਵੱਧ ਹੈ ਅਤੇ ਜਿਨ੍ਹਾਂ ਨੇ ਅੱਠਵੀਂ, ਦਸਵੀਂ ਜਾਂ ਬਾਰ੍ਹਵੀਂ ਕਲਾਸ ਪਾਸ ਕੀਤੀ ਹੋਈ ਹੈ। ਪੰਜਾਬ ਕੇਂਦਰੀ ਯੂਨੀਵਰਸਿਟੀ ਇੱਕ ਪ੍ਰਸਿੱਧ ਉੱਚ ਸਿੱਖਿਆ ਸੰਸਥਾ ਹੈ ਜੋ ਗੁਣਵੱਤਾਪੂਰਨ ਸਿੱਖਿਆ ਅਤੇ ਖੋਜ ਵਿੱਚ ਉਤਕ੍ਰਿਸ਼ਟਤਾ ਲਈ ਜਾਣੀ ਜਾਂਦੀ ਹੈ। ਯੂਨੀਵਰਸਿਟੀ ਮਨੁੱਖੀ ਵਿਦਿਆ, ਸਮਾਜਿਕ ਵਿਗਿਆਨ, ਵਿਗਿਆਨ, ਕਾਨੂੰਨ, ਪ੍ਰਬੰਧਨ ਅਤੇ ਕੰਪਿਊਟਰ ਵਿਗਿਆਨ ਸਮੇਤ ਵੱਖ-ਵੱਖ ਵਿਸ਼ਿਆਂ ਵਿੱਚ ਗ੍ਰੈਜੂਏਟ, ਪੋਸਟਗ੍ਰੈਜੂਏਟ ਅਤੇ ਡਾਕਟਰੇਟ ਪੱਧਰ 'ਤੇ 100 ਤੋਂ ਵੱਧ ਅਕਾਦਮਿਕ ਪ੍ਰੋਗਰਾਮ ਚਲਾ ਰਹੀ ਹੈ। ਇਨ੍ਹਾਂ ਐਨਸੀਵੀਈਟੀ ਮਨਜ਼ੂਰਸ਼ੁਦਾ ਸਕਿਲ ਡਿਵੈਲਪਮੈਂਟ ਪ੍ਰੋਗਰਾਮਾਂ ਦੀ ਸ਼ੁਰੂਆਤ ਯੂਨੀਵਰਸਿਟੀ ਦੇ ਕੌਸ਼ਲ ਵਿਕਾਸ, ਉਦਮਤਾ ਅਤੇ ਸਮਾਵੇਸ਼ੀ ਵਿਕਾਸ ਨੂੰ ਉਤਸ਼ਾਹਿਤ ਕਰਨ ਦੇ ਯਤਨਾਂ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ। ਇਸ ਪਹਿਲ ਰਾਹੀਂ ਸੀਯੂ ਪੰਜਾਬ ਨੌਜਵਾਨਾਂ ਨੂੰ ਵੱਖੋ-ਵੱਖਰੇ ਕੌਸ਼ਲਾਂ ਨਾਲ ਲੈਸ ਕਰਦੇ ਹੋਏ ਇੱਕ ਕੁਸ਼ਲ, ਆਤਮਨਿਰਭਰ ਅਤੇ ਸਮਰੱਥ ਕਾਰਜ-ਸ਼ਕਤੀ ਦੇ ਨਿਰਮਾਣ ਦੇ ਰਾਸ਼ਟਰੀ ਟੀਚੇ ਨੂੰ ਸਾਕਾਰ ਕਰਨ ਵੱਲ ਮਹੱਤਵਪੂਰਨ ਯੋਗਦਾਨ ਪਾ ਰਿਹਾ ਹੈ।




# ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਗੁਰੂ ਨਾਨਕ ਸਟੇਡੀਅਮ ਲੁਧਿਆਣਾ ਵਿੱਚ ਐਥਲੈਟਿਕਸ ਮੁਕਾਬਲੇ ਆਯੋਜਿਤ

ਜ਼ਿਕਰ ਪੰਜਾਬ

**ਲੁਧਿਆਣਾ/ਅਸ਼ਵਨੀ ਅਹੂਜਾ**

ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਮਾਈ ਭਾਰਤ ਲੁਧਿਆਣਾ ਵੱਲੋਂ ਜ਼ਿਲ੍ਹਾ ਖੇਡ ਵਿਭਾਗ ਲੁਧਿਆਣਾ, ਸਪੋਰਟਸ ਅਥਾਰਟੀ ਆਫ ਇੰਡੀਆ ਅਤੇ ਖੇਲੋ ਇੰਡੀਆ - ਅਸਮਿਤਾ ਲੀਗ ਦੇ ਸਹਿਯੋਗ ਨਾਲ ਗੁਰੂ ਨਾਨਕ ਸਟੇਡੀਅਮ, ਲੁਧਿਆਣਾ ਵਿੱਚ ਮਹਿਲਾਵਾਂ ਅਤੇ ਕੁੜੀਆਂ ਲਈ ਐਥਲੈਟਿਕਸ ਮੁਕਾਬਲੇ ਕਰਵਾਏ ਗਏ। ਇਸ ਸਮਾਗਮ ਵਿੱਚ ਲੁਧਿਆਣਾ ਦੇ ਵੱਖ-ਵੱਖ ਖੇਤਰਾਂ ਤੋਂ ਆਈਆਂ ਮਹਿਲਾਵਾਂ ਅਤੇ ਕੁੜੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਮੁਕਾਬਲਿਆਂ ਵਿੱਚ 100 ਮੀਟਰ, 200 ਮੀਟਰ ਅਤੇ 400 ਮੀਟਰ ਦੌੜ ਦੇ ਨਾਲ-ਨਾਲ ਕੁਝ ਫਨ ਸਪੋਰਟਸ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਇਸ ਉਪਰਾਲੇ ਦਾ ਮੁੱਖ ਉਦੇਸ਼ ਮਹਿਲਾਵਾਂ ਅਤੇ ਕੁੜੀਆਂ ਨੂੰ ਖੇਡਾਂ ਵਿੱਚ ਵੱਧ ਤੋਂ




ਵੱਧ ਭਾਗ ਲੈਣ ਲਈ ਪ੍ਰੇਰਿਤ ਕਰਨਾ ਸੀ। ਇਸ ਮੌਕੇ ਅੰਤਰਰਾਸ਼ਟਰੀ ਐਥਲੀਟ ਸ਼੍ਰੀ ਪ੍ਰੇਮ ਸਿੰਘ, ਜਿਨ੍ਹਾਂ ਨੇ ਕਈ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਭਾਰਤ ਦੀ ਨੁਮਾਇੰਦਗੀ ਕੀਤੀ ਹੈ, ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਏਸ਼ੀਅਨ ਗੇਮਜ਼ ਮੈਡਲਿਸਟ ਸੁਸ਼੍ਰੀ ਚਰਨਜੀਤ ਕੌਰ ਨੇ ਗੈਸਟ ਆਫ ਆਨਰ ਵਜੋਂ ਹਾਜ਼ਰੀ ਭਰੀ। ਦੋਵੇਂ ਮਹਿਮਾਨਾਂ ਨੇ ਮਹਿਲਾਵਾਂ ਵਿੱਚ ਖੇਡਾਂ ਨੂੰ ਪ੍ਰੋਤਸਾਹਿਤ ਕਰਨ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਮੁਕਾਬਲੇ ਅੰਡਰ 13 ਸਾਲ, 13-18 ਸਾਲ ਅਤੇ 18 ਸਾਲ ਤੋਂ ਉੱਪਰ ਉਮਰ ਵਰਗਾਂ ਵਿੱਚ ਕਰਵਾਏ ਗਏ। ਸਾਰੇ ਭਾਗੀਦਾਰਾਂ ਨੂੰ ਸਰਟੀਫਿਕੇਟ ਅਤੇ ਰਿਫਰੈਸ਼ਮੈਂਟ ਦਿੱਤੇ ਗਏ, ਜਦਕਿ ਮੁਕਾਬਲਿਆਂ ਦੇ ਵਿਜੇਤਿਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਹ ਸਮਾਗਮ ਖੇਲੋ ਇੰਡੀਆ - ਅਸਮਿਤਾ ਪਹਲ ਦੇ ਤਹਿਤ ਕਰਵਾਇਆ ਗਿਆ, ਜਿਸਦਾ ਉਦੇਸ਼ ਮਹਿਲਾਵਾਂ ਦੀ ਖੇਡਾਂ ਵਿੱਚ ਭਾਗੀਦਾਰੀ ਵਧਾਉਣਾ ਅਤੇ ਨੀਵੇਂ ਪੱਧਰ 'ਤੇ ਖੇਡ ਸਭਿਆਚਾਰ ਨੂੰ ਮਜ਼ਬੂਤ ਕਰਨਾ ਹੈ।

## ਪਵਨ ਦੀਵਨ ਦੀ ਪੋਸਟਰ ਮੁਹਿੰਮ

# ਪੁੱਛਿਆ - ਪੰਜਾਬ ਦੀਆਂ ਮਹਿਲਾਵਾਂ ਦੇ 48,000 ਰੁਪਏ ਕਿੱਥੇ ਹਨ?

ਜ਼ਿਕਰ ਪੰਜਾਬ

**ਲੁਧਿਆਣਾ/ਬਿਊਰੋ**

ਆਮ ਆਦਮੀ ਪਾਰਟੀ ਸਰਕਾਰ ਵੱਲੋਂ ਕੀਤੇ ਵਾਅਦੇ ਨੂੰ ਪੂਰਾ ਨਾ ਕਰਨ ਦੇ ਵਿਰੋਧ ਵਿੱਚ, ਜ਼ਿਲ੍ਹਾ ਕਾਂਗਰਸ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਲੁਧਿਆਣਾ ਪੱਛਮੀ ਹਲਕੇ ਵਿੱਚ ਪੋਸਟਰ ਲਗਵਾ ਕੇ ਪ੍ਰਦਰਸ਼ਨ ਸ਼ੁਰੂ ਕੀਤਾ ਹੈ। ਇਸ ਮੁਹਿੰਮ ਰਾਹੀਂ ਉਨ੍ਹਾਂ ਨੇ ਪਿਛਲੇ ਚਾਰ ਸਾਲਾਂ ਤੋਂ ਪੰਜਾਬ ਦੀਆਂ ਮਹਿਲਾਵਾਂ ਨੂੰ ਨਾ ਮਿਲੇ 48,000 ਰੁਪਏ ਬਾਰੇ ਜਵਾਬਦੇਹੀ ਦੀ ਮੰਗ ਕੀਤੀ ਹੈ। ਦੀਵਾਨ ਨੇ ਹਰ 18 ਸਾਲ ਤੋਂ ਉਪਰ ਦੀ ਮਹਿਲਾ ਨੂੰ ਮਹੀਨਾ 1,000 ਰੁਪਏ ਦੇਣ ਦੇ ਵਾਅਦੇ ਨੂੰ ਯਾਦ ਦਿਵਾਉਂਦੇ ਹੋਏ, ਮੁੱਖ ਮੰਤਰੀ ਭਗਵੰਤ ਮਾਨ 'ਤੇ ਦੋਸ਼ ਲਗਾਇਆ ਕਿ ਉਨ੍ਹਾਂ ਨੇ ਝੂਠੇ ਭਰੋਸਿਆਂ ਰਾਹੀਂ ਪੰਜਾਬ ਦੀਆਂ ਮਹਿਲਾਵਾਂ ਨਾਲ ਧੋਖਾ ਕੀਤਾ ਹੈ। ਇਸ ਪੋਸਟਰ ਮੁਹਿੰਮ ਰਾਹੀਂ




ਪੰਜਾਬ ਸਰਕਾਰ ਤੋਂ ਸਿੱਧਾ ਸਵਾਲ ਪੁੱਛਿਆ ਗਿਆ ਹੈ: "ਚਾਰ ਸਾਲ ਬੀਤ ਗਏ - 48,000 ਰੁਪਏ ਕਿੱਥੇ ਹਨ? ਇਸ ਮੌਕੇ ਦੀਵਾਨ ਨੇ ਆਪਣੀ ਮੁਹਿੰਮ ਦੇ ਕਾਰਨਾਂ ਬਾਰੇ ਜਾਣਕਾਰੀ ਦਿੰਦਿਆਂ, ਦੱਸਿਆ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਲਗਭਗ 1.31 ਕਰੋੜ ਯੋਗ ਮਹਿਲਾ ਲਾਭਪਾਤਰੀਆਂ ਨਾਲ "ਸ਼ਰਮਨਾਕ ਧੋਖਾ"ਕੀਤਾ ਹੈ। ਉਨ੍ਹਾਂ ਕਿਹਾ ਕਿ ਆਪ ਨੇ ਵੋਟਰਾਂ ਨੂੰ ਲੁਭਾਉਣ ਵਾਲੇ, ਲੇਕਿਨ ਝੂਠੇ ਵਾਅਦੇ ਕਰਕੇ ਸੱਤਾ ਹਾਸਲ ਕੀਤੀ ਅਤੇ ਬਾਅਦ ਵਿੱਚ ਉਨ੍ਹਾਂ ਨੂੰ ਨਜ਼ਰਅੰਦਾਜ਼ ਕਰ ਦਿੱਤਾ। ਉਨ੍ਹਾਂ ਕਿਹਾ ਕਿ ਹਰ ਮਹਿਲਾ ਨੂੰ ਮਹੀਨਾ 1,000 ਰੁਪਏ ਦੇਣ ਦਾ ਵਾਅਦਾ ਪੂਰਾ ਨਾ ਹੋਣ ਕਾਰਨ ਸੂਬੇ ਭਰ ਵਿਚ ਭਾਰੀ ਰੋਸ ਹੈ, ਕਿਉਂਕਿ ਇਹ ਸਿਰਫ਼ ਪ੍ਰਸ਼ਾਸਕੀ ਨਾਕਾਮੀ ਹੀ ਨਹੀਂ, ਸਗੋਂ ਜਾਣਬੁੱਝ ਕੇ ਕੀਤਾ ਗਿਆ ਧੋਖਾ ਹੈ, ਜਿਸ ਨਾਲ ਲੋਕਾਂ ਦਾ ਭਰੋਸਾ ਟੁੱਟਿਆ ਹੈ ਅਤੇ ਸਰਕਾਰ ਦੀ ਸਾਖ ਘਟ ਗਈ ਹੈ। ਉਨ੍ਹਾਂ ਕਿਹਾ ਕਿ ਅਸਲਿਅਤ ਵਿਚ ਪੰਜਾਬ ਦੀ ਅਰਥ ਵਿਵਸਥਾ ਡਗਮਗਾ ਰਹੀ ਹੈ ਅਤੇ ਮਾਨ ਸਰਕਾਰ ਕੋਲ ਨਾ ਤਾਂ ਇਰਾਦਾ ਹੈ ਅਤੇ ਨਾ ਹੀ ਸਰੋਤ ਹਨ ਕਿ ਉਹ ਆਪਣੇ ਵਾਅਦੇ ਪੂਰੇ ਕਰ ਸਕੇ। ਇਨ੍ਹਾਂ ਦਾ ਅਧੂਰਾ ਵਾਅਦਾ ਧੋਖੇ ਅਤੇ ਕੁਰਾਜਗਾਰੀ ਦਾ ਪ੍ਰਤੀਕ ਬਣ ਚੁੱਕਾ ਹੈ। ਆਪ ਸਰਕਾਰ 'ਤੇ ਸਿੱਧਾ ਹਮਲਾ ਬੋਲਦਿਆਂ, ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਮਹਿਲਾਵਾਂ ਨੂੰ ਅੱਜ ਤੱਕ ਇਹ ਆਰਥਿਕ ਸਹਾਇਤਾ ਨਹੀਂ ਦਿੱਤੀ ਗਈ ਹੈ, ਜਿਸ ਨਾਲ ਸਾਬਤ ਹੁੰਦਾ ਹੈ ਕਿ ਆਪ ਸਿਰਫ਼ ਝੂਠੇ ਵਾਅਦੇ ਕਰਨ ਵਾਲੀ ਪਾਰਟੀ ਹੈ। ਦੀਵਾਨ ਨੇ ਮੰਗ ਕੀਤੀ ਹੈ ਕਿ ਜੇਕਰ ਆਉਣ ਵਾਲੀਆਂ ਚੋਣਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਮਾਨ ਸਰਕਾਰ ਆਉਣ ਵਾਲੇ ਪੰਜਾਬ ਬਜਟ ਵਿੱਚ 1,000 ਰੁਪਏ ਮਹੀਨਾਵਾਰ ਭੱਤਾ ਐਲਾਨਦੀ ਹੈ, ਤਾਂ ਉਸਨੂੰ ਹਰ ਯੋਗ ਮਹਿਲਾ ਨੂੰ ਪਿਛਲੇ ਚਾਰ ਸਾਲਾਂ ਦੀ 48,000 ਰੁਪਏ ਦੀ ਬਕਾਇਆ ਰਕਮ ਵੀ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਹ ਮਸਲਾ ਸਿਰਫ਼ ਇਕ ਟੁੱਟੇ ਵਾਅਦੇ ਦਾ ਨਹੀਂ, ਸਗੋਂ 1.31 ਕਰੋੜ ਮਹਿਲਾਵਾਂ ਨਾਲ ਨਿਆਂ ਅਤੇ ਜਵਾਬਦੇਹੀ ਦਾ ਹੈ। ਦੀਵਾਨ ਨੇ ਚੇਤਾਵਨੀ ਦਿੱਤੀ ਕਿ ਪੰਜਾਬ ਦੀਆਂ ਮਹਿਲਾਵਾਂ ਰਸਮੀ ਕਾਰਵਾਈਆਂ ਜਾਂ ਫਿਰ ਚੋਣਾਂ ਦੇ ਦਿਖਾਵਿਆਂ ਨਾਲ ਸੰਤੁਸ਼ਟ ਨਹੀਂ ਹੋਣਗੀਆਂ। ਉਹ ਆਪਣੇ ਹੱਕ ਦੀ ਪੂਰੀ ਰਕਮ ਦੀ ਮੰਗ ਕਰਨਗੀਆਂ ਅਤੇ ਆਪ ਸਰਕਾਰ ਨੂੰ ਆਪਣੇ ਵਾਅਦੇ ਪੂਰੇ ਨਾ ਕਰਨ ਲਈ ਜਵਾਬਦੇਹ ਠਹਿਰਾਉਣਗੀਆਂ। ਜਿਥੇ ਹੋਰਨਾਂ ਤੋਂ ਇਲਾਵਾ, ਇੰਦਰਜੀਤ ਕਪੂਰ ਟੋਨੀ, ਜਸਵਿੰਦਰ ਸਿੰਘ ਨਾਮਧਾਰੀ, ਰੋਹਿਤ ਪਾਹਵਾ, ਗੁਰਚਰਨ ਸਿੰਘ ਸੈਣੀ ਉਰਫ ਬੰਟੀ, ਗੁਰਸ਼ਰਨ ਸਿੰਘ, ਰਜਨੀਸ਼ ਸਿੰਗਲਾ, ਨਿਰਭੈ ਸਿੰਘ ਰੰਗੂਵਾਲ, ਵਰੁਣ ਸ਼ਰਮਾ, ਹਰਭਗਤ ਸਿੰਘ ਗਰੇਵਾਲ, ਜਤਿੰਦਰ ਕੁਮਾਰ ਅਤੇ ਰਜਤ ਸ਼ਰਮਾ ਲੱਕੀ ਵੀ ਮੌਜੂਦ ਰਹੇ।

## ਪੰਜਾਬ ਸਰਕਾਰ ਦੇ ਬਜਟ 'ਤੇ ਪਵਨ ਦੀਵਾਨ ਦਾ ਤਿੱਖਾ ਹਮਲਾ

# ਸਭ ਤੋਂ ਖਰਾਬ, ਖੋਖਲਾ ਅਤੇ ਦ੍ਰਿਸ਼ਟੀਹੀਣ ਬਜਟ ਦੱਸਿਆ

ਜ਼ਿਕਰ ਪੰਜਾਬ

**ਲੁਧਿਆਣਾ/ਅਸ਼ਵਨੀ ਜੇਤਲੀ**

ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਪੇਸ਼ ਕੀਤੇ ਗਏ ਬਜਟ ਨੂੰ ਸੂਬੇ ਦੇ ਇਤਿਹਾਸ ਦੇ ਸਭ ਤੋਂ ਖਰਾਬ ਬਜਟਾਂ ਵਿੱਚੋਂ ਇੱਕ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਪਹਿਲਾਂ ਹੀ ਸਰਕਾਰ ਦੀ ਵਿੱਤੀ ਸੋਚ 'ਤੇ ਭਰੋਸਾ ਖੋ ਚੁੱਕੇ ਹਨ ਅਤੇ ਇਹ ਬਜਟ ਉਨ੍ਹਾਂ ਦੀ ਨਿਰਾਸ਼ਾ ਨੂੰ ਹੋਰ ਵਧਾਉਂਦਾ ਹੈ। ਦੀਵਾਨ ਨੇ ਬਜਟ 'ਤੇ ਪ੍ਰਤੀਕਿਰਿਆ ਦਿੰਦਿਆਂ, ਇਸਨੂੰ ਨਿਰਾਸ਼ਾਜਨਕ, ਹਤਾਸ਼ ਕਰਨ ਵਾਲਾ ਅਤੇ ਭਰਮ ਪੈਦਾ ਕਰਨ ਵਾਲਾ ਦੱਸਦਿਆਂ, ਕਿਹਾ ਕਿ ਇਹ ਪੰਜਾਬ ਦੇ ਲੋਕਾਂ ਨੂੰ ਧੋਖਾ ਦੇਣ ਲਈ ਝੂਠਾਂ ਦਾ ਇੱਕ ਪੁਲੰਦਾ ਹੈ। ਉਨ੍ਹਾਂ ਨੇ ਸੂਬੇ 'ਤੇ ਵੱਧ ਰਹੇ ਕਰਜ਼ੇ ਦਾ ਜ਼ਿਕਰ ਕਰਦਿਆਂ, ਆਪ ਸਰਕਾਰ 'ਤੇ ਬਿਨਾਂ ਸੋਚੇ-ਸਮਝੇ ਅਤੇ ਬਿਨਾਂ ਵਿਜ਼ਨ ਵਾਲੀਆਂ ਨੀਤੀਆਂ ਅਪਣਾਉਣ ਦਾ ਦੋਸ਼ ਲਗਾਇਆ, ਜਿਸ ਨਾਲ ਪੰਜਾਬ ਦੀ ਅਰਥ ਵਿਵਸਥਾ ਕਮਜ਼ੋਰ ਹੋ ਗਈ ਹੈ। ਆਪ ਦੇ "ਬਦਲਾਵ"ਦੇ ਨਾਰੇ 'ਤੇ ਤੰਜ਼ ਕੱਸਦਿਆਂ, ਦੀਵਾਨ ਨੇ ਕਿਹਾ ਕਿ ਰੰਗਲਾ ਪੰਜਾਬ ਬਣਾਉਣ ਦੀ ਬਜਾਏ ਇਸਨੂੰ ਕੰਗਲਾ ਪੰਜਾਬ ਬਣਾ ਦਿੱਤਾ ਗਿਆ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਦੇ ਵਿੱਤੀ ਮਾੜੇ ਪ੍ਰਬੰਧਾਂ ਦਾ ਅਖੀਰਕਾਰ ਭਾਰ ਆਮ ਲੋਕਾਂ 'ਤੇ ਪਵੇਗਾ ਅਤੇ ਪੰਜਾਬ ਦੀ ਅਰਥ ਵਿਵਸਥਾ ਨੂੰ ਹੋਇਆ ਨੁਕਸਾਨ ਪੂਰਾ ਕਰਨ ਵਿੱਚ ਸਾਲ ਲੱਗ ਜਾਣਗੇ। ਉਨ੍ਹਾਂ ਨੇ ਬਜਟ ਨੂੰ ਪੂਰੀ ਤਰ੍ਹਾਂ ਖੋਖਲਾ ਅਤੇ ਬੇਰੰਗ ਕਰਾਰ ਦਿੰਦਿਆਂ, ਕਿਹਾ ਕਿ ਇਹ ਇੱਕ ਸ਼ਰਮਨਾਕ ਗੱਲ ਹੈ ਕਿ ਕਿਸਾਨ ਪ੍ਰਧਾਨ ਸੂਬੇ ਵਿੱਚ ਕਿਸਾਨਾਂ ਲਈ ਕੋਈ ਢੁੱਕਵੇਂ

> **2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਦੀ ਭਾਰੀ ਜਿੱਤ ਹੋਵੇਗੀ: ਦੀਵਾਨ**



ਕਦਮ ਨਹੀਂ ਐਲਾਨੇ ਗਏ। ਉਨ੍ਹਾਂ ਕਿਹਾ ਕਿ ਸੰਘਰਸ਼ ਕਰ ਰਹੇ ਉਦਯੋਗਿਕ ਖੇਤਰ ਲਈ ਵੀ ਕੋਈ ਵੱਡੀ ਰਾਹਤ ਨਹੀਂ ਦਿੱਤੀ ਗਈ। ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ 18 ਸਾਲ ਤੋਂ ਉੱਪਰ ਦੀਆਂ ਆਮ ਵਰਗ ਦੀਆਂ ਮਹਿਲਾਵਾਂ ਨੂੰ 1,000 ਰੁਪਏ ਅਤੇ ਐੱਸਸੀ ਵਰਗ ਦੀਆਂ ਮਹਿਲਾਵਾਂ ਨੂੰ 1,500 ਰੁਪਏ ਮਹੀਨਾ ਦੇਣ ਦੇ ਐਲਾਨ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ, ਦੀਵਾਨ ਨੇ ਇਸ ਯੋਜਨਾ ਦੇ ਸਮੇਂ 'ਤੇ ਸਵਾਲ ਉਠਾਏ। ਉਨ੍ਹਾਂ ਕਿਹਾ ਕਿ ਚਾਰ ਸਾਲ ਤੱਕ ਇਸ ਸਰਕਾਰ ਨੇ ਮਹਿਲਾਵਾਂ ਨੂੰ ਉਹਨਾਂ ਦਾ ਹੱਕ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਚੋਣਾਂ ਨੂੰ ਇੱਕ ਸਾਲ ਤੋਂ ਵੀ ਘੱਟ ਸਮਾਂ ਰਹਿ ਗਿਆ ਹੈ ਅਤੇ ਹੁਣ ਸਰਕਾਰ ਨੂੰ ਅਚਾਨਕ ਆਪਣਾ ਵਾਅਦਾ ਯਾਦ ਆ ਗਿਆ ਹੈ। ਜੇਕਰ ਸਰਕਾਰ ਸੱਚਮੁੱਚ ਗੰਭੀਰ ਹੁੰਦੀ ਤਾਂ ਪਿਛਲੇ ਚਾਰ ਸਾਲਾਂ ਦੇ ਬਕਾਇਆ ਪੈਸੇ ਵੀ ਦੇਣ ਦਾ ਐਲਾਨ ਕਰਦੀ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਮਹਿਲਾਵਾਂ ਇਸ ਸਿਆਸਤ ਪ੍ਰੇਰਿਤ' ਕਦਮ ਨੂੰ ਸਮਝਣ ਲਈ ਕਾਫ਼ੀ ਸਿਆਣੀਆਂ ਹਨ। ਦੀਵਾਨ ਨੇ ਇਹ ਵੀ ਕਿਹਾ ਕਿ ਟੈਕਸ ਭਰਨ ਵਾਲਿਆਂ ਅਤੇ ਕੁਝ ਹੋਰ ਵਰਗਾਂ ਨੂੰ ਯੋਜਨਾ ਤੋਂ ਬਾਹਰ ਰੱਖਣ ਨਾਲ ਇਸਦਾ ਸਾਰਿਆਂ ਲਈ ਸਕੀਮ ਹੋਣ ਦਾਅਵਾ ਖਤਮ ਹੋ ਜਾਂਦਾ ਹੈ। ਜਦਕਿ ਪਿਛਲੇ ਬਜਟਾਂ ਵਿੱਚ ਕੀਤੀਆਂ ਘੋਸ਼ਣਾਵਾਂ ਦੀ ਮੌਜੂਦਾ ਹਾਲਤ 'ਤੇ ਸਵਾਲ ਚੁੱਕਦਿਆਂ, ਦੀਵਾਨ ਨੇ ਆਪ ਸਰਕਾਰ ਨੂੰ ਚੁਣੌਤੀ ਦਿੱਤੀ ਕਿ ਉਹ ਆਪਣੇ ਦੌਰ ਦੇ ਸਾਰੇ ਬਜਟਾਂ ਵਿੱਚ ਕੀਤੀਆਂ ਘੋਸ਼ਣਾਵਾਂ 'ਤੇ ਇੱਕ "ਵਾਈਟ ਪੇਪਰ"ਜਾਰੀ ਕਰੇ। ਉਨ੍ਹਾਂ ਕਿਹਾ ਕਿ ਯੂ-ਟਰਨ, ਟੁੱਟੇ ਵਾਅਦੇ, ਝੂਠ ਅਤੇ ਦੋਹਰਾਪਣ ਇਸ ਸਰਕਾਰ ਦੀ ਪਹਿਚਾਣ ਬਣ ਚੁੱਕੇ ਹਨ। ਹੁਣ ਇਹ ਸਰਕਾਰ ਪੰਜਾਬ ਦੇ ਤਿੰਨ ਕਰੋੜ ਲੋਕਾਂ ਅੱਗੇ ਪੂਰੀ ਤਰ੍ਹਾਂ ਬੇਨਕਾਬ ਹੋ ਚੁੱਕੀ ਹੈ। ਦੀਵਾਨ ਨੇ ਦੋਹਰਾਇਆ ਕਿ ਆਪ ਸਰਕਾਰ ਦੇ ਦਿਨ ਹੁਣ ਗਿਣਤੀ ਦੇ ਰਹਿ ਗਏ ਹਨ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਭਾਰੀ ਬਹੁਮਤ ਨਾਲ ਜਿੱਤ ਦਰਜ ਕਰੇਗੀ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਪੰਜਾਬ ਦੀ ਸ਼ਾਨ ਅਤੇ ਖੁਸ਼ਹਾਲੀ ਮੁੜ ਬਹਾਲ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ। ਉਨ੍ਹਾਂ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਜਦੋਂ ਕਾਂਗਰਸ ਦੀ ਸਰਕਾਰ ਬਣੇਗੀ, ਤਾਂ ਸਾਡੀ ਪਹਿਲੀ ਤਰਜੀਹ ਪੰਜਾਬ ਦੀ ਡਗਮਗਾਉਂਦੀ ਅਰਥਵਿਵਸਥਾ ਨੂੰ ਸਥਿਰ ਕਰਨਾ, ਵਿੱਤੀ ਅਨੁਸ਼ਾਸਨ ਮੁੜ ਕਾਇਮ ਕਰਨਾ ਅਤੇ ਸੂਬੇ ਨੂੰ ਤਰੱਕੀ ਅਤੇ ਵਿਕਾਸ ਦੇ ਰਾਹ 'ਤੇ ਵਾਪਸ ਲਿਆਉਣਾ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਐਸੀ ਸਰਕਾਰ ਦੀ ਲੋੜ ਹੈ ਜੋ ਵਾਅਦੇ ਪੂਰੇ ਕਰੇ, ਸਰੋਤਾਂ ਦਾ ਜ਼ਿੰਮੇਵਾਰੀ ਨਾਲ ਪ੍ਰਬੰਧ ਕਰੇ ਅਤੇ ਲੋਕਾਂ ਦੀ ਭਲਾਈ ਲਈ ਕੰਮ ਕਰੇ, ਨਾ ਕਿ ਸਿਰਫ਼ ਲੋਕਲੁਭਾਵਣੇ ਹਥਕੰਡਿਆਂ ਵਿੱਚ ਲੱਗੀ ਰਹੇ।

# ਵੀ.ਆਰ.ਸੀ. 'ਚ ਮੁਫਤ ਪੰਜਾਬੀ ਸਟੈਨੋਗ੍ਰਾਫੀ ਦਾ ਨਵਾਂ ਸੈਸ਼ਨ ਪਹਿਲੀ ਅਪ੍ਰੈਲ ਤੋਂ ਸ਼ੁਰੂ

ਜ਼ਿਕਰ ਪੰਜਾਬ

**ਲੁਧਿਆਣਾ/ਬਿਊਰੋ**

ਅੰਗਹੀਣ ਲੜਕੀਆਂ/ਇਸਤਰੀਆਂ (ਦੋਵੇਂ ਹੱਥਾਂ ਤੋਂ ਤੰਦਰੁਸਤ) ਨੂੰ ਮੁਫਤ ਪੰਜਾਬੀ ਸਟੈਨੋਗ੍ਰਾਫੀ ਦੀ ਸਿਖਲਾਈ ਦੇਣ ਲਈ ਨਵਾਂ ਸੈਸ਼ਨ 2026-27 ਸਥਾਨਕ ਵੋਕੇਸ਼ਨਲ ਰੀਹੈਬਲੀਟੇਸ਼ਨ ਸੈਂਟਰ (ਵੀ.ਆਰ.ਸੀ.) ਬਰੇਲ ਭਵਨ, ਚੰਡੀਗੜ੍ਹ ਰੋਡ ਜਮਾਲਪੁਰ ਵਿਖੇ 01 ਅਪ੍ਰੈਲ, 2026 ਤੋਂ ਸ਼ੁਰੂ ਹੋ ਰਿਹਾ ਹੈ। ਵੋਕੇਸ਼ਨਲ ਰੀਹੈਬਲੀਟੇਸ਼ਨ ਸੈਂਟਰ, ਜਮਾਲਪੁਰ ਦੇ ਸੁਪਰਡੰਟ ਵੱਲੋਂ ਪ੍ਰੈਸ ਨੋਟ ਰਾਹੀਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵਲੋਂ ਅੰਗਹੀਣ ਲੜਕੀਆਂ ਨੂੰ ਆਪਣੇ ਪੈਰਾਂ 'ਤੇ ਖੜ੍ਹੇ ਹੋਣ ਵਿੱਚ ਸਹਾਇਤਾ ਕਰਨ ਹਿੱਤ ਵੋਕੇਸ਼ਨਲ ਰੀਹੈਬਲੀਟੇਸ਼ਨ ਸੈਂਟਰ, ਜਮਾਲਪੁਰ, ਵਿਖੇ ਪੰਜਾਬੀ ਸ਼ਾਰਟਹੈਂਡ ਅਤੇ ਟਾਈਪ ਦੀ ਇੱਕ ਸਾਲ ਦੀ ਮੁੱਫਤ ਸਿਖਲਾਈ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ 18 ਸਾਲ ਤੋਂ ਵੱਧ ਉਮਰ ਵਰਗ ਦੀਆਂ ਅੰਗਹੀਣ ਲੜਕੀਆਂ/ਇਸਤਰੀਆਂ ਇਸ ਕੋਰਸ ਦਾ ਲਾਭ ਲੈ ਸਕਦੀਆਂ ਹਨ। ਉਨ੍ਹਾ ਦੱਸਿਆ ਕਿ ਇਸ ਕੋਰਸ ਦਾ ਨਵਾਂ ਸੈਸ਼ਨ 2026-27 ਪਹਿਲੀ ਅਪ੍ਰੈਲ, 2026 ਤੋਂ ਸ਼ੁਰੂ ਹੋ ਰਿਹਾ ਹੈ। ਸਿਖਲਾਈ ਦੌਰਾਨ ਅੰਗਹੀਣ ਸਿਖਿਆਰਥਣਾਂ ਨੂੰ 1500/- ਰੁਪਏ ਪ੍ਰਤੀ ਮਹੀਨਾ ਵਜ਼ੀਫਾ ਦਿੱਤਾ ਜਾਵੇਗਾ ਹੈ ਅਤੇ ਸਿਖਿਆਰਥਣਾਂ ਲਈ ਹੋਸਟਲ ਅਤੇ ਕੋਆਪਰੇਟਿਵ ਮੈਸ ਦਾ ਵੀ ਪ੍ਰਬੰਧ ਹੈ ਜਿਥੋਂ ਸਿਖਿਆਰਥਣਾਂ ਆਪ ਖਾਣਾ ਤਿਆਰ ਕਰਕੇ ਖਾ ਸਕਦੀਆਂ ਹਨ।

# ਹਲਵਾਰਾ ਹਵਾਈ ਅੱਡੇ ਤੋਂ ਪਹਿਲੀ ਉਡਾਣ ਦੀ ਸ਼ੁਰੂਆਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਦੀ ਕੀਤੀ ਜਾਵੇ : ਬਾਵਾ

ਜ਼ਿਕਰ ਪੰਜਾਬ

**ਮੁੱਲਾਂਪੁਰ ਦਾਖਾ/ਰਵੀ ਭਾਟੀਆ**

ਅੱਜ ਬਾਬਾ ਬੰਦਾ ਸਿੰਘ ਬਹਾਦਰ ਭਵਨ ਰਕਬਾ ਵਿਖੇ ਫਾਊਂਡੇਸ਼ਨ ਦੇ ਅੰਤਰਰਾਸ਼ਟਰੀ ਮੁੱਖ ਸਰਪ੍ਰਸਤ ਚਰਨ ਸਿੰਘ ਪ੍ਰੇਮਪੁਰਾ, ਵਾਈਸ ਪ੍ਰਧਾਨ ਅੰਤਰਰਾਸ਼ਟਰੀ ਫਾਊਂਡੇਸ਼ਨ

> **ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਮੁੱਖ ਸਰਪ੍ਰਸਤ ਪ੍ਰੇਮਪੁਰਾ, ਛੀਨਾ, ਹਰਿਆਣਾ ਫਾਊਂਡੇਸ਼ਨ ਦੇ ਪ੍ਰਧਾਨ ਕੁਲਵਿੰਦਰ ਸਿੰਘ ਰਕਬਾ ਭਵਨ ਪਹੁੰਚੇ**

ਉਮਰਾਓ ਸਿੰਘ ਛੀਨਾ ਅਤੇ ਨਵ-ਨਿਯੁਕਤ ਹਰਿਆਣਾ ਫਾਊਂਡੇਸ਼ਨ ਦੇ ਪ੍ਰਧਾਨ ਕੁਲਵਿੰਦਰ ਸਿੰਘ ਰਕਬਾ ਭਵਨ ਰਕਬਾ ਵਿਖੇ ਪਹੁੰਚੇ। ਇਸ ਸਮੇਂ ਫਾਊਂਡੇਸ਼ਨ ਦੇ ਅੰਤਰਰਾਸ਼ਟਰੀ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਫਾਊਂਡੇਸ਼ਨ ਦੇ ਪੰਜਾਬ ਦੇ ਪ੍ਰਧਾਨ ਕਰਨੈਲ ਸਿੰਘ ਗਿੱਲ ਅਤੇ ਡਾ. ਜਸਪਾਲ ਸਿੰਘ ਸੈਣੀ ਨੇ ਉਹਨਾਂ ਨੂੰ ਸ਼ਬਦ ਪ੍ਰਕਾਸ਼



ਅਜਾਇਬ ਘਰ ਦੇ ਦਰਸ਼ਨ ਕਰਵਾਏ ਅਤੇ ਉਹਨਾਂ ਨੂੰ ਬਾਬਾ ਬੰਦਾ ਸਿੰਘ ਬਹਾਦਰ ਯਾਦਗਾਰੀ ਸਨਮਾਨ ਭੇਂਟ ਕੀਤਾ। ਇਸ ਸਮੇਂ ਬਾਵਾ ਨੇ ਮੰਗ ਕੀਤੀ ਕਿ ਹਲਵਾਰਾ ਹਵਾਈ ਅੱਡੇ ਤੋਂ ਪਹਿਲੀ ਉਡਾਣ ਸ੍ਰੀ ਹਜ਼ੂਰ ਸਾਹਿਬ (ਨਾਂਦੇੜ) ਦੀ ਸ਼ੁਰੂ ਕੀਤੀ ਜਾਵੇ ਜਿਸ ਦੀਆਂ ਸਾਰੀਆਂ ਸੀਟਾਂ ਬਾਬਾ ਬੰਦਾ ਸਿੰਘ ਬਹਾਦਰ ਫਾਊਂਡੇਸ਼ਨ ਵੱਲੋਂ ਖਰੀਦ ਕੀਤੀਆਂ ਜਾਣਗੀਆਂ ਇਸ ਸਮੇਂ ਚਰਨ ਸਿੰਘ ਪ੍ਰੇਮਪੁਰਾ ਨੇ ਕਿਹਾ ਕਿ ਬਹੁਤ ਖੁਸ਼ੀ ਦਾ ਸਮਾਂ ਹੈ ਅਤੇ ਆਪਣੇ ਗੌਰਵਮਈ ਇਤਿਹਾਸ ਨਾਲ ਜੁੜ ਕੇ ਸਕੂਨ ਅਤੇ ਮਾਣ ਮਹਿਸੂਸ ਕਰ ਰਹੇ ਹਾਂ। ਉਹਨਾਂ ਕਿਹਾ ਕਿ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਪਾਦਨਾ ਕਰਕੇ ਸਮੁੱਚੀ ਮਨੁੱਖਤਾ ਨੂੰ ਸੱਚ ਦਾ ਰਸਤਾ ਦਿਖਾਇਆ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਬਿਰਾਜਮਾਨ ਭਗਤ ਵੱਖ ਵੱਖ ਸੂਬਿਆਂ ਨਾਲ ਸੰਬੰਧਿਤ ਹਨ। ਭੱਟ ਰਾਜਸਥਾਨ ਨਾਲ ਸੰਬੰਧਿਤ ਹਨ ਅਤੇ ਜੋ ਪੰਜ ਪਿਆਰੇ ਸਨ, ਉਹ ਵੀ ਪੂਰੇ ਭਾਰਤ ਵਿੱਚੋਂ ਸਨ। ਉਹਨਾਂ ਕਿਹਾ ਕਿ ਸਾਡੇ ਮਹਾਨ ਗੁਰੂਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਰਾਹੀਂ ਸਮੁੱਚੀ ਮਨੁੱਖਤਾ ਨੂੰ ਜਿੰਦਗੀ ਜਿਊਣ ਦਾ ਰਸਤਾ ਦਿਖਾਇਆ ਹੈ। ਅਖੀਰ ਵਿੱਚ ਕਰਨੈਲ ਸਿੰਘ ਗਿੱਲ ਨੇ ਸਭ ਦਾ ਧੰਨਵਾਦ ਕੀਤਾ।

# 50 ਹਜ਼ਾਰ ਦੀ ਬਜਾਏ ਇੱਕ ਹਜ਼ਾਰ, ਪੰਜਾਬ ਸਰਕਾਰ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਮਹਿਲਾਵਾਂ ਨਾਲ ਕੀਤਾ ਕੋਝਾ ਮਜ਼ਾਕ : ਬਾਵਾ



ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਅੱਜ ਦੇਸ਼ ਭਗਤ ਯਾਦਗਾਰੀ ਸੋਸਾਇਟੀ ਪੰਜਾਬ ਵੱਲੋਂ ਸੋਸਾਇਟੀ ਦੇ ਪੰਜਾਬ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ ਦੀ ਅਗਵਾਈ ਵਿੱਚ ਅੰਤਰਰਾਸ਼ਟਰੀ ਮਹਿਲਾ ਦਿਵਸ ਲੁਧਿਆਣਾ ਦੇ ਵਿਧਾਨ ਸਭਾ ਹਲਕਾ ਦੱਖਣੀ ਵਿੱਚ ਮਨਾਇਆ ਗਿਆ। ਇਸ ਸਮੇਂ ਬਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਸਮੁੱਚੀ ਇਸਤਰੀ ਜਾਤੀ ਨਾਲ 2022 ਵਿੱਚ ਸਰਕਾਰ ਬਣਨ 'ਤੇ ਇੱਕ ਹਜਾਰ ਰੁਪਏ ਪ੍ਰਤੀ ਮਹੀਨਾ, ਫਿਰ 1100 ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਕੀਤਾ ਗਿਆ ਸੀ ਜੋ ਹਵਾਈ ਵਾਅਦਾ ਸਾਬਤ ਹੋਇਆ। ਹੁਣ ਹਜ਼ਾਰ ਰੁਪਏ ਮਹੀਨਾ ਦੇਣ ਦਾ ਐਲਾਨ ਮੁਰਦੇ ਦੇ ਮੂੰਹ ਨੂੰ ਘਿਉ ਲਾਉਣ ਦੇ ਬਰਾਬਰ ਹੈ ਕਿਉਂਕਿ ਜੇਕਰ ਹਿਸਾਬ ਲਗਾਈਏ ਤਾਂ 50 ਹਜਾਰ ਅਤੇ ਵਿਆਜ ਪਾ ਕੇ 80,000 ਰੁਪਏ ਹਰ ਮਹਿਲਾ ਦੇ ਬਣਦੇ ਹਨ। ਇਸ ਸਮੇਂ ਸ਼੍ਰੀ ਬਾਵਾ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਵਰਸ਼ਾ ਕਪੂਰ ਅਤੇ ਰਾਜ ਰਾਣੀ ਮਾਤਾ ਦਾ ਵਿਸ਼ੇਸ਼ ਸਨਮਾਨ ਕੀਤਾ ਜਦਕਿ ਸਮੁੱਚੇ ਸਮਾਗਮ ਦਾ



ਸੀਨੀਅਰ ਕਾਂਗਰਸੀ ਨੇਤਾ ਗੁਰਨਾਮ ਸਿੰਘ ਕਲੇਰ, ਗੁਰਪਾਲ ਸਿੰਘ, ਅਮਿਤ ਕੁਮਾਰ, ਬਲਜੀਤ ਮਾਲੜਾ ਨੇ ਪ੍ਰਬੰਧ ਕੀਤਾ। ਇਸ ਸਮੇਂ ਬਾਵਾ ਨੇ ਕਿਹਾ ਕਿ ਔਰਤਾਂ ਦਾ ਸਿਹਤ, ਸਿੱਖਿਆ, ਵਿਗਿਆਨ, ਟੈਕਨੋਲੋਜੀ, ਹਵਾਈ ਸੇਵਾ, ਪੁਲਾੜ ਯਾਤਰਾ ਅਤੇ ਭਾਰਤ ਦੇ ਵਿਕਾਸ ਵਿੱਚ ਅਹਿਮ ਯੋਗਦਾਨ ਹੈ। ਉਹਨਾਂ ਕਿਹਾ ਕਿ ਲੋੜ ਹੈ ਸਿਆਸੀ ਖੇਤਰ ਵਿੱਚ ਸਨਮਾਨਯੋਗ ਔਰਤਾਂ ਦਾ ਰਾਖਵਾਂਕਰਨ ਹੋਵੇ। ਉਹਨਾਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਦਾ ਉਪਦੇਸ਼ ਸੋ ਕਿਉ ਮੰਦਾ ਆਖੀਏ, ਜਿਤਿ ਜੰਮੇ ਰਾਜਾਨ ਨੂੰ ਹਿਰਦੇ ਅੰਦਰ ਧਾਰਨ ਕਰਕੇ ਸਰਕਾਰਾਂ ਅਤੇ ਸਮਾਜ ਉਹਨਾਂ ਪ੍ਰਤੀ ਸਨਮਾਨਜਨਕ ਫੈਸਲੇ ਲੈਣ। ਉਹਨਾਂ ਕਿਹਾ ਕਿ ਚਾਰ ਸਾਲ ਲਾਰੇ ਲਗਾਉਣ ਵਾਲੀ ਸਰਕਾਰ ਵੱਲੋਂ ਕੀਤੇ ਵਾਅਦੇ ਖੋਖਲੇ ਹਨ।

ਇਹ ਤਾਂ ਚੇਅਰਮੈਨ ਵੀ ਬਾਹਰੋਂ ਲਿਆ ਕੇ ਲਗਾ ਰਹੇ ਹਨ। ਆਪਣੀ ਹੀ ਪਾਰਟੀ ਦੇ ਵਰਕਰਾਂ ਦਾ ਹੱਕ ਖੋਹ ਰਹੇ ਹਨ। ਉਹਨਾਂ ਤੋਂ ਪੰਜਾਬ ਦੀ ਭਲੇ ਦੀ ਆਸ ਨਹੀਂ ਰੱਖੀ ਜਾ ਸਕਦੀ। ਇਸ ਸਮੇਂ ਪਰਮਾਤਮਾ ਤਿਵਾੜੀ, ਕੁਲਵੰਤ ਰਾਏ, ਸੰਤ ਲਾਲ ਗੁਪਤਾ, ਪਵਨ ਸ਼ੁਕਲਾ, ਸੰਤੋਖ ਸਿੰਘ, ਸ਼ਿਵਾ ਕਾਂਗਰਸੀ ਨੇਤਾ, ਗੁਰਬਖਸ਼ ਕੌਰ, ਸੋਨੀਆ, ਫਾਤਮਾ ਬੇਗਮ, ਮੁੰਨੀ ਦੇਵੀ, ਨੀਲਮ, ਕ੍ਰਿਸ਼ਨਾ ਕੁਮਾਰੀ, ਦੀਪਕ ਸਿੰਘ ਆਦਿ ਹਾਜ਼ਰ ਸਨ।

# ਪੀਐਸਈਬੀ ਇੰਪਲਾਈਜ ਫੈਡਰੇਸ਼ਨ ਏਟਕ ਦੇ ਸਰਕਲਾਂ ਦੀ ਮੀਟਿੰਗ 'ਚ ਪੰਜ ਏਜੰਡੇ ਵਿਚਾਰੇ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਪੀਐਸਈਬੀ ਇੰਪਲਾਈਜ ਫੈਡਰੇਸ਼ਨ ਏਟਕ ਦੇ ਦੋਵਾਂ ਸਰਕਲਾਂ ਦੀ ਮੀਟਿੰਗ ਸਰਕਲ ਪੂਰਬੀ ਦੇ ਸਕੱਤਰ ਰਘਵੀਰ ਸਿੰਘ ਤੇ ਪੱਛਮੀ ਦੇ ਸਕੱਤਰ ਦਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਜਿਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਸਰਕਲ ਪੂਰਬੀ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਮਹਿਦੂਦਾਂ ਤੇ ਪੱਛਮੀਂ ਦੇ ਪ੍ਰਧਾਨ ਗੁਰਮੁੱਖ ਸਿੰਘ ਨੇ ਦੱਸਿਆ ਕਿ ਮੀਟਿੰਗ ਵਿੱਚ ਸੂਬਾ ਡਿਪਟੀ ਜਨਰਲ ਸਕੱਤਰ ਰਸ਼ਪਾਲ ਸਿੰਘ ਪਾਲੀ ਤੇ ਪੱਛਮੀਂ ਦੇ ਸਰਪ੍ਰਸਤ ਸ਼ੋਭਨ ਸਿੰਘ ਠਾਕੁਰ ਉਚੇਚੇ ਤੌਰ 'ਤੇ ਪੁੱਜੇ। ਦੋਵਾਂ ਆਗੂਆਂ ਨਾਲ ਪੰਜ ਏਜੰਡੇ ਵਿਚਾਰੇ ਗਏ। ਏਜੰਡਿਆਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਉਨ੍ਹਾਂ ਦੱਸਿਆ ਕਿ ਪਰਮਿਟ ਟੂ ਵਰਕ, ਬੇਹਤਰ ਗੁਣਵੱਤਾ ਲਈ ਸਕਾਡਾ ਨੂੰ ਦਿੱਤਾ ਗਰਿੱਡਾਂ ਦਾ ਢਾਂਚਾ ਬਾਰੇ ਚਰਚਾ ਹੋਈ ਤੇ ਲੋੜ ਪੈਣ 'ਤੇ ਸੰਘਰਸ਼ ਦੀ ਰੂਪਰੇਖਾ ਉਲੀਕਣ ਤੋਂ ਗੁਰੇਜ ਨਾ ਕੀਤੇ ਜਾਣ ਦਾ ਫੈਸਲਾ ਲਿਆ ਗਿਆ।



ਏਐਸਐਸਏ, ਏਲਮ, ਈਜੀ2 ਤੇ ਜੇਪੀਏ ਨੂੰ 35400 ਦਾ ਸਕੇਲ ਦੇਣ ਤੋਂ ਇਲਾਵਾ ਭਰਤੀ ਪ੍ਰਕਿਰਿਆ ਪੂਰੀ ਕਰ ਚੁੱਕੇ ਏਐਸਐਸਏ, ਈਜੀ2 ਤੇ ਜੇਪੀਏ ਨੂੰ ਜਲਦ ਤੋਂ ਜਲਦ ਨਿਯੁਕਤੀ ਪੱਤਰ ਦੇਣ ਦੀ ਮੰਗ ਵੀ ਪੰਜਾਬ ਸਰਕਾਰ ਤੋਂ ਕੀਤੀ ਗਈ। ਸੀਆਰਏ 312/25 ਤਹਿਤ ਨਵੇਂ ਭਰਤੀ ਹੋਏ ਸਹਾਇਕ ਲਾਈਨਮੈਨਾਂ ਚੋਂ ਪੀਐਸਟੀਸੀਐਲ 'ਚ ਭੇਜੇ 162 ਮੁਲਾਜਮਾਂ ਨੂੰ ਵਾਪਸ ਪੀਐਸਪੀਸੀਐਲ 'ਚ ਲਿਆਉਣ ਅਤੇ ਸੈਂਟਰਲ ਜੋਨ ਦੇ ਚੀਫ ਇੰਜੀਨੀਅਰ ਨੂੰ ਮਿਊਚਲ ਬਦਲੀਆਂ ਦੇ ਅਧਿਕਾਰ ਦੇਣ ਦੀ ਮੰਗ ਵੀ ਮੈਨੇਜਮੈਂਟ ਤੋਂ ਕੀਤੀ ਗਈ ਤਾਂ ਜੋ ਜਿਨ੍ਹਾਂ ਕੁ ਹੋ ਸਕੇ ਸਾਥੀਆਂ ਦੀਆਂ ਮਿਊਚਲ ਬਦਲੀਆਂ ਕਰਕੇ ਉਨ੍ਹਾਂ ਨੂੰ ਨੇੜਲੇ ਸਟੇਸ਼ਨਾਂ 'ਤੇ ਭੇਜ ਕੇ ਰਾਹਤ ਦਿੱਤੀ ਜਾ ਸਕੇ। ਸ੍ਰ. ਰਸ਼ਪਾਲ ਸਿੰਘ ਪਾਲੀ ਨੇ ਕਿਹਾ ਕਿ ਚੰਗੀ ਗੱਲ ਹੈ ਕਿ ਨਵੀਂ ਤਕਨੀਕ ਆਵੇ ਜਿਸਨੂੰ ਅਸੀ ਜੀ ਆਇਆ ਵੀ ਕਹਿੰਦੇ ਹਾਂ ਪਰ ਬਿਨ੍ਹਾ ਕਿਸੇ ਟਰੇਨਿੰਗ ਤੋਂ ਆਨ ਲਾਈਨ ਪਰਮਿਟ ਦੀ ਪ੍ਰਕਿਰਿਆ ਜਿੱਥੇ ਮੁਲਾਜਮਾਂ ਲਈ ਪ੍ਰੇਸ਼ਾਨੀ ਬਣੀ ਹੋਈ ਹੈ ਉੱਥੇ ਹੀ ਨਿਰਵਿਘਨ ਸਪਲਾਈ ਦੇਣ ਦੇ ਦਾਅਵਿਆਂ ਨੂੰ ਢਾਹ ਲਗਾਏਗੀ ਜਿਸਦਾ ਸਿੱਧਾ ਅਸਰ ਰੈਵਿਨਿਊ ਉੱਤੇ ਵੀ ਪਵੇਗਾ। ਉਨ੍ਹਾਂ ਕਿਹਾ ਕਿ ਸਕਾਡਾ ਨੂੰ ਚਲਾਉਣ ਦੀ ਜਰੂਰਤ ਹੈ ਕਿਉਂਕਿ ਇਸ ਤਹਿਤ ਲੁਧਿਆਣਾ, ਜਲੰਧਰ ਤੇ ਅੰਮ੍ਰਿਤਸਰ ਲਈ 400 ਕਰੋੜ ਰੁਪਏ ਖਰਚ ਕੀਤੇ ਗਏ ਹਨ ਜੋ ਪੈਸੇ ਦੀ ਬਰਬਾਦੀ ਤੋਂ ਸਿਵਾਏ ਕੁਝ ਹੋਰ ਨਹੀਂ ਉਸਦੀ ਵੀ ਜਾਂਚ ਹੋਣੀ ਚਾਹੀਦੀ ਹੈ। ਸਕਾਡਾ ਪ੍ਰਣਾਲੀ ਨੇ ਬਹੁਤ ਸਾਰੀਆਂ ਨੌਕਰੀਆਂ ਤਾਂ ਖਤਮ ਕਰ ਦਿੱਤੀਆਂ ਪਰ ਉਸ ਨੂੰ ਸਹੀ ਢੰਗ ਨਾਲ ਚਲਾਇਆ ਨਹੀਂ ਗਿਆ। ਉਨ੍ਹਾਂ ਏਹ ਵੀ ਦੱਸਿਆ ਕਿ ਪੰਜਾਬ ਭਰ ਦੀਆਂ ਮੁਲਾਜਮ ਜੱਥੇਬੰਦੀਆਂ ਵੱਲੋਂ ਮੰਗਾਂ ਨੂੰ ਲੈਕੇ ਵਿਧਾਨ ਸਭਾ ਸ਼ੈਸਨ ਦੌਰਾਨ ਜੋ ਵਿਰੋਧ ਦਰਜ ਕਰਵਾਉਣ ਦਾ ਪ੍ਰੋਗਰਾਮ ਦਿੱਤਾ ਗਿਆ ਹੈ ਉਸ ਤਹਿਤ ਬਿਜਲੀ ਮੁਲਾਜਮ ਜੱਥੇਬੰਦੀਆਂ ਦੀ ਡਿਊਟੀ 11 ਮਾਰਚ ਦੀ ਲੱਗੀ ਹੈ ਸੋ ਉਸ ਦਿਨ ਪੰਜਾਬ ਭਰ ਦੇ ਬਿਜਲੀ ਮੁਲਾਜਮ ਤੇ ਪੈਸ਼ਨਰਜ ਚੰਡੀਗੜ੍ਹ ਵਿਧਾਨ ਸਭਾ ਵੱਲ ਨੂੰ ਵਹੀਰਾਂ ਘੱਤਣਗੇ। ਇਸ ਮੌਕੇ ਅਕਾਸ਼ਦੀਪ, ਅਸ਼ੋਕ ਕੁਮਾਰ, ਕੇਵਲ ਸਿੰਘ, ਮੁਨੀਸ਼ ਕੁਮਾਰ, ਰਮਨਜੀਤ ਧੀਮਾਨ, ਮੇਵਾ ਸਿੰਘ, ਰਤਨ ਸਿੰਘ, ਜਗਤ ਰਾਮ, ਪ੍ਰਿੰਸ, ਹਰਜੀਤ ਸਿੰਘ ਅਤੇ ਹੋਰ ਹਾਜਰ ਸਨ।



# ਸਾਨੂੰ ਸਰੀਰਕ ਅਤੇ ਮਾਨਸਿਕ ਤੌਰ ਤੇ ਮਜਬੂਤ ਬਣਾਉਂਦੀਆਂ ਹਨ ਖੇਡਾਂ : ਪਵਨ ਦੀਵਾਨ

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਖੇਡਾਂ ਸਾਨੂੰ ਸਰੀਰਿਕ ਅਤੇ ਮਾਨਸਿਕ ਤੌਰ ਤੇ ਮਜਬੂਤ ਬਣਾਉਂਦੀਆਂ ਹਨ, ਸਾਨੂੰ ਕਿਸੇ ਵੀ ਤਰ੍ਹਾਂ ਦੀ ਖੇਡ ਵਿੱਚ ਜਰੂਰ ਹਿੱਸਾ ਲੈਣਾ ਚਾਹੀਦਾ ਹੈ। ਇਹ ਸ਼ਬਦ ਲੁਧਿਆਣਾ ਸ਼ਹਿਰੀ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਅੱਜ ਦ ਗਰੇਟ ਸਕੂਲ ਆਫ ਮਾਰਸ਼ਲ ਆਰਟਸ ਦੇ ਬੈਲਟ ਅਵਾਰਡ ਅਤੇ ਸਨਮਾਨ ਸਮਾਗਮ ਮੌਕੇ ਖਿਡਾਰੀਆਂ ਅਤੇ ਪ੍ਰਬੰਧਕਾਂ ਨੂੰ ਸੰਬੋਧਨ ਕਰਦਿਆਂ ਕਹੇ। ਇਸ ਮੌਕੇ ਦੀਵਾਨ ਨੇ ਆਤਮ ਸੁਰੱਖਿਆ ਵਿੱਚ ਮਾਰਸ਼ਲ ਆਰਟਸ ਦੀ ਅਹਿਮ ਭੂਮਿਕਾ ਦਾ ਜ਼ਿਕਰ ਕਰਦਿਆਂ, ਕਿਹਾ ਕਿ ਹਰ ਕਿਸੇ ਨੂੰ ਆਪਣੀ ਆਤਮ ਸੁਰੱਖਿਆ ਯਕੀਨੀ ਬਣਾਉਣ ਵਾਸਤੇ ਮਾਸਟਰ ਆਰਟਸ ਜਰੂਰ ਸਿੱਖਣੇ ਚਾਹੀਦੇ ਹਨ। ਉਹਨਾਂ ਨੇ ਕਿਹਾ ਕਿ ਸਾਡੀ ਸਰੀਰਕ ਅਤੇ ਮਾਨਸਿਕ ਮਜਬੂਤੀ ਲਈ ਖੇਡਾਂ ਇਕ ਅਹਿਮ ਹਿੱਸਾ ਹਨ। ਉਹਨਾਂ ਨੇ ਬੱਚਿਆਂ ਨੂੰ ਖੇਡਾਂ ਵਿੱਚ ਜਰੂਰ ਹਿੱਸਾ ਲੈਣ ਦੀ ਅਪੀਲ ਕੀਤੀ। ਇਸ ਤੋਂ ਪਹਿਲਾਂ, ਸਕੂਲ ਦੇ ਪ੍ਰਮੁੱਖ ਗੌਰਵ ਸਚਦੇਵਾ ਵੱਲੋਂ ਦੀਵਾਨ ਅਤੇ ਉਹਨਾਂ ਦੇ ਸਾਥੀਆਂ ਨੂੰ



ਸਨਮਾਨ ਚਿੰਨ ਵੀ ਭੇਟ ਕੀਤੇ ਗਏ। ਦੀਵਾਨ ਅਤੇ ਪ੍ਰਬੰਧਕਾਂ ਵੱਲੋਂ ਵੱਖ-ਵੱਖ ਸ਼੍ਰੇਣੀਆਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ, ਜਿਨਾਂ

**■ ਦ ਗਰੇਟ ਸਕੂਲ ਆਫ ਮਾਰਸ਼ਲ ਆਰਟਸ ਦੇ ਬੈਲਟ ਅਵਾਰਡ ਅਤੇ ਸਨਮਾਨ ਸਮਾਗਮ ਆਯੋਜਤ**

ਵਿੱਚ ਅੰਡਰ-19 ਲੜਕੀਆਂ ਦੀ ਕੌਮੀ ਸਕੂਲ ਖੇਡਾਂ ਵਿੱਚ ਚਾਂਦੀ ਦਾ ਮੈਡਲ ਜਿੱਤਣ ਵਾਲੇ ਨੈਤਿਕ ਸਚਦੇਵਾ, ਅੰਡਰ-14 ਵਿੱਚ ਤਾਂਬੇ ਦਾ ਮੈਡਲ ਜਿੱਤਣ ਵਾਲੀ ਸਹਿਜਲੀਨ ਕੌਰ, ਅੰਡਰ-19 ਲੜਕੀਆਂ ਦੀ ਸਕੂਲ ਖੇਡਾਂ ਵਿੱਚ ਤਾਂਬੇ ਦਾ ਮੈਡਲ ਜਿੱਤਣ ਵਾਲੀ ਵੰਸ਼ਿਕਾ ਯਾਦਵ, ਜੱਜ-ਬੀ ਅਚੀਵ ਰਹੇ ਚੰਚਲ ਸਿੰਘ, ਬਲੈਕ ਬੈਲਟ ਸੈਕਿੰਡ ਡੈਨ ਮਨਸ਼ਾ ਅਤੇ ਬਲੈਕ ਬੈਲਟ ਫਸਟ ਡੈਨ ਕਨੀਸ਼ਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸੇ ਤਰ੍ਹਾਂ, ਯੈਲੋ ਬੈਲਟ ਪਾਉਣ ਵਾਲਿਆਂ ਵਿੱਚ ਚਰਨ ਪ੍ਰੀਤ, ਗੁਰਮਾਨ ਸਿੰਘ, ਮਾਨਵਿਕ, ਏਮੀਰ, ਨਵਿਕਸ਼ਾ, ਏਸ਼ਲੀਨ, ਅਰਜੁਨ, ਅਨਾਹਿਤਾ, ਰਯਾਨ ਆਦਿ ਤੇ ਔਰੇਂਜ ਬੈਲਟ ਲਈ ਫਤਿਹ ਸਿੰਘ ਅਤੇ ਗਰੀਨ ਬੈਲਟ ਲਈ ਐਸ਼ਪ੍ਰੀਤ ਕੌਰ, ਜਗਸ਼ਾਨ ਤੇ ਬਰਾਊਨ ਬੈਲਟ ਲਈ ਗੁਰ ਸਾਹਿਬ ਸਿੰਘ, ਸਹਜਲੀਨ ਕੌਰ ਆਦੀ ਸ਼ਾਮਿਲ ਰਹੇ, ਜਿੱਥੇ ਹੋਰਨਾਂ ਤੋਂ ਇਲਾਵਾ, ਪੁਲਕਿਤ ਚੌਧਰੀ, ਤੇਜਿੰਦਰ ਸਿੰਘ, ਗੁਰਦੀਪ ਸਿੰਘ ਵਾਲੀਆ, ਸਣੇ ਸੰਸਥਾ ਦੇ ਹੋਰ ਸਟਾਫ ਮੈਂਬਰ ਵੀ ਮੌਜੂਦ ਰਹੇ।

# ਮਿਸ਼ਨ ਜੀਵਨੀ ਤਹਿਤ 211 ਸੀ.ਐਚ.ਓਜ਼ ਨੂੰ ਡਿਜੀਟਲ ਸਟੈਥੋਸਕੋਪ ਦੀ ਦਿੱਤੀ ਸਿਖਲਾਈ

## ਗਰਭਵਤੀ ਮਹਿਲਾਵਾਂ ਵਿੱਚ ਦਿਲ ਦੀਆਂ ਬਿਮਾਰੀਆਂ ਦੀ ਛੇਤੀ ਪਛਾਣ ਲਈ ਲੁਧਿਆਣਾ ਵਿੱਚ ਜ਼ਿਲ੍ਹਾ ਪੱਧਰੀ ਟ੍ਰੇਨਿੰਗ

ਜ਼ਿਕਰ ਪੰਜਾਬ

**ਲੁਧਿਆਣਾ/ਬਿਊਰੋ**

ਮਿਸ਼ਨ ਜੀਵਨੀ ਕੇਅਰ ਜੋ ਦੋ ਜਾਨਾਂ ਬਚਾਉਂਦੀ ਹੈ ਦੇ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਨੇ ਹੀਰੋ ਡੀ.ਐਮ.ਸੀ ਹਾਰਟ ਇੰਸਟੀਚਿਊਟ ਅਤੇ ਦਫਤਰ ਸਿਵਲ ਸਰਜਨ ਲੁਧਿਆਣਾ ਦੇ ਸਹਿਯੋਗ ਨਾਲ ਇੱਕ ਜ਼ਿਲ੍ਹਾ ਪੱਧਰੀ ਸਿਖਲਾਈ ਪ੍ਰੋਗਰਾਮ ਦਾ ਆਯੋਜਨ ਕੀਤਾ ਜਿਸਦਾ ਉਦੇਸ਼ ਮੁੱਢਲੀ ਸਿਹਤ ਸੰਭਾਲ ਪੱਧਰ 'ਤੇ ਮਾਵਾਂ ਦੀ ਸਿਹਤ ਦੇ ਜੋਖਮਾਂ ਦੀ ਸ਼ੁਰੂਆਤੀ ਜਾਂਚ ਅਤੇ ਖੋਜ ਨੂੰ ਮਜ਼ਬੂਤ ਕਰਨਾ ਸੀ। ਇਹ ਸਿਖਲਾਈ ਹੀਰੋ ਡੀ.ਐਮ.ਸੀ ਹਾਰਟ ਇੰਸਟੀਚਿਊਟ ਦੇ ਡੁਮਰਾ ਆਡੀਟੋਰੀਅਮ ਵਿਖੇ ਆਯੋਜਿਤ ਕੀਤੀ ਗਈ ਸੀ, ਜਿੱਥੇ ਜ਼ਿਲ੍ਹੇ ਭਰ ਦੇ 211 ਕਮਿਊਨਿਟੀ ਹੈਲਥ ਅਫਸਰਾਂ (ਸੀ.ਐਚ.ਓ) ਨੇ ਹਿੱਸਾ ਲਿਆ। ਇਹ ਪ੍ਰੋਗਰਾਮ ਸਹਾਇਕ ਕਮਿਸ਼ਨਰ (ਯੂ.ਟੀ) ਡਾ. ਪ੍ਰਗਤੀ ਵਰਮਾ, ਸਿਵਲ ਸਰਜਨ ਡਾ. ਰਮਨਦੀਪ ਕੌਰ, ਡੀ.ਐਫ.ਪੀ.ਓ ਡਾ. ਅਮਨਪ੍ਰੀਤ ਅਤੇ ਡਾ. ਬਿਸ਼ਵ ਮੋਹਨ ਦੀ ਅਗਵਾਈ ਹੇਠ ਕਰਵਾਇਆ ਗਿਆ ਸੀ। ਭਾਰਤ ਦੇ ਪਹਿਲੇ ਡਿਜੀਟਲ ਸਟੈਥੋਸਕੋਪ - ਆਯੂਸਿੰਕ ਜੋ ਕਿ ਆਯੂਡਿਵਾਈਸਿਸ ਦੁਆਰਾ ਵਿਕਸਤ ਕੀਤਾ ਗਿਆ ਹੈ ਦੀ ਵਰਤੋਂ 'ਤੇ ਬੰਗਲੁਰੂ ਦੀ ਇੱਕ ਮਾਹਰ ਤਕਨੀਕੀ ਟੀਮ ਦੁਆਰਾ ਤਕਨੀਕੀ ਮਾਰਗਦਰਸ਼ਨ ਅਤੇ ਹੱਥੀਂ ਸਿਖਲਾਈ ਪ੍ਰਦਾਨ ਕੀਤੀ ਗਈ ਸੀ। ਸਿਖਲਾਈ ਦਾ ਮੁੱਖ ਉਦੇਸ਼ ਗਰਭਵਤੀ ਔਰਤਾਂ ਵਿੱਚ ਦਿਲ ਦੀਆਂ ਅਸਧਾਰਨਤਾਵਾਂ ਦਾ ਛੇਤੀ ਪਤਾ ਲਗਾਉਣ ਲਈ ਆਯੂਸਿੰਕ ਡਿਜੀਟਲ ਸਟੈਥੋਸਕੋਪ ਦੀ ਤੈਨਾਤੀ ਅਤੇ ਕਲੀਨਿਕਲ ਵਰਤੋਂ ਸੀ। ਗਰਭ ਅਵਸਥਾ ਦੌਰਾਨ ਕਾਰਡੀਓਵੈਸਕੁਲਰ ਪ੍ਰਣਾਲੀ ਵਿੱਚ ਮਹੱਤਵਪੂਰਨ ਸਰੀਰਕ ਤਬਦੀਲੀਆਂ ਆਉਂਦੀਆਂ ਹਨ ਜਿਸ ਵਿੱਚ ਖੂਨ ਦੀ ਮਾਤਰਾ, ਦਿਲ ਦੀ ਆਉਟਪੁੱਟ ਅਤੇ ਦਿਲ ਦੀ ਧੜਕਣ ਵਿੱਚ ਵਾਧਾ ਸ਼ਾਮਲ ਹੈ। ਇਹ ਤਬਦੀਲੀਆਂ ਕਈ ਵਾਰ ਪਹਿਲਾਂ ਤੋਂ ਅਣਪਛਾਤੀਆਂ ਦਿਲ ਦੀਆਂ ਸਥਿਤੀਆਂ ਨੂੰ ਪ੍ਰਗਟ ਜਾਂ ਵਿਗੜ ਸਕਦੀਆਂ ਹਨ ਜਿਸਦਾ ਜਲਦੀ ਪਤਾ ਨਾ ਲੱਗਣ 'ਤੇ ਗੰਭੀਰ ਪੇਚੀਦਗੀਆਂ ਪੈਦਾ ਹੋ ਸਕਦੀਆਂ ਹਨ।



ਇਸ ਲਈ ਫਰੰਟਲਾਈਨ ਪੱਧਰ 'ਤੇ ਸਕ੍ਰੀਨਿੰਗ ਨੂੰ ਮਜ਼ਬੂਤ ਕਰਨਾ ਬਹੁਤ ਜ਼ਰੂਰੀ ਹੈ। ਸਿਖਲਾਈ ਦੌਰਾਨ, ਸੀ.ਐਚ.ਓਜ਼ ਨੂੰ ਆਯੂਸਿੰਕ ਡਿਜੀਟਲ ਸਟੈਥੋਸਕੋਪ ਦੀ ਵਰਤੋਂ 'ਤੇ ਵਿਹਾਰਕ ਪ੍ਰਦਰਸ਼ਨ ਅਤੇ ਨਿਗਰਾਨੀ ਅਭਿਆਸ ਪ੍ਰਦਾਨ ਕੀਤਾ ਗਿਆ ਜੋ ਦਿਲ ਅਤੇ ਫੇਫੜਿਆਂ ਦੀਆਂ ਆਵਾਜ਼ਾਂ ਦੀ ਡਿਜੀਟਲ ਰਿਕਾਰਡਿੰਗ ਅਤੇ ਸਟੋਰੇਜ, ਰਿਮੋਟ ਡਾਕਟਰਾਂ ਨਾਲ ਆਉਸਕਲਟੇਸ਼ਨ ਡੇਟਾ ਦੀ ਅਸਲ-ਸਮੇਂ ਦੀ ਵੰਡ, ਏ.ਆਈ-ਸਮਰਥਿਤ ਅਸਧਾਰਨਤਾ ਖੋਜ, ਧੁਨੀ ਪ੍ਰਦਰਸ਼ਣ, ਸ਼ੋਰ ਘਟਾਉਣਾ ਅਤੇ ਦਿਲ ਦੀਆਂ ਆਵਾਜ਼ਾਂ ਦੀ ਗ੍ਰਾਫਿਕਲ ਵਿਜ਼ੂਅਲਾਈਜ਼ੇਸ਼ਨ ਦੀ ਆਗਿਆ ਦਿੰਦਾ ਹੈ। ਆਯੂਸ਼ੇਅਰ ਮੋਬਾਈਲ ਐਪਲੀਕੇਸ਼ਨ ਰਾਹੀਂ ਮਰੀਜ਼-ਵਾਰ ਰਿਕਾਰਡਾਂ ਨੂੰ ਸੁਰੱਖਿਅਤ ਢੰਗ ਨਾਲ ਦਸਤਾਵੇਜ਼ੀ ਰੂਪ ਵਿੱਚ ਦਰਜ ਕੀਤਾ ਜਾ ਸਕਦਾ ਹੈ ਅਤੇ ਸਮੇਂ ਸਿਰ ਸਲਾਹ-ਮਸ਼ਵਰੇ ਅਤੇ ਰੈਫਰਲ ਲਈ ਮਾਹਿਰਾਂ ਨਾਲ ਸਾਂਝਾ ਕੀਤਾ ਜਾ ਸਕਦਾ ਹੈ। ਮਿਸ਼ਨ ਜੀਵਨੀ ਦੇ ਹਿੱਸੇ ਵਜੋਂ ਸਿਹਤ ਅਤੇ ਤੰਦਰੁਸਤੀ ਕੇਂਦਰਾਂ ਵਿੱਚ ਸਕ੍ਰੀਨਿੰਗ ਨੂੰ ਮਜ਼ਬੂਤ ਕਰਨ ਲਈ ਇਹ ਆਯੂਸਿੰਕ ਡਿਜੀਟਲ ਸਟੈਥੋਸਕੋਪ ਉਪਕਰਣ ਜ਼ਿਲ੍ਹੇ ਭਰ ਦੇ ਕਮਿਊਨਿਟੀ ਸਿਹਤ ਅਧਿਕਾਰੀਆਂ ਨੂੰ ਵੀ ਵੰਡੇ ਗਏ ਹਨ। ਇਨ੍ਹਾਂ ਯੰਤਰਾਂ ਦੀ ਤਾਇਨਾਤੀ ਨਾਲ ਫਰੰਟਲਾਈਨ ਸਿਹਤ ਕਰਮਚਾਰੀਆਂ ਨੂੰ ਗਰਭਵਤੀ ਔਰਤਾਂ ਵਿੱਚ ਦਿਲ ਦੀਆਂ ਪੇਚੀਦਗੀਆਂ ਦੇ ਸ਼ੁਰੂਆਤੀ ਲੱਛਣਾਂ ਦੀ ਪਛਾਣ ਕਰਨ ਅਤੇ ਸਮੇਂ ਸਿਰ ਡਾਕਟਰੀ ਦਖਲਅੰਦਾਜ਼ੀ ਨੂੰ ਯਕੀਨੀ ਬਣਾਉਣ ਦੇ ਯੋਗ ਬਣਾਇਆ ਜਾਵੇਗਾ। ਇਸ ਤੋਂ ਇਲਾਵਾ ਭਾਗੀਦਾਰਾਂ ਨੂੰ ਡਿਜੀਟਲ ਬੀ.ਪੀ ਨਿਗਰਾਨੀ ਯੰਤਰਾਂ ਦੀ ਵਰਤੋਂ ਕਰਕੇ ਬਲੱਡ ਪ੍ਰੈਸ਼ਰ ਨੂੰ ਮਾਪਣ ਦੇ ਵਿਗਿਆਨਕ ਤੌਰ 'ਤੇ ਪ੍ਰਮਾਣਿਤ ਢੰਗ ਬਾਰੇ ਵੀ ਸਿਖਲਾਈ ਦਿੱਤੀ ਗਈ ਜੋ ਗਰਭ ਅਵਸਥਾ ਦੌਰਾਨ ਹਾਈਪਰਟੈਨਸ਼ਨ ਅਤੇ ਪ੍ਰੀ-ਐਕਲੈਂਪਸੀਆ ਦੀ ਸ਼ੁਰੂਆਤੀ ਖੋਜ ਵਿੱਚ ਮੁੱਖ ਭੂਮਿਕਾ ਨਿਭਾਉਂਦਾ ਹੈ। ਮਿਸ਼ਨ ਜੀਵਨੀ ਦੇ ਤਹਿਤ ਇਹ ਪਹਿਲਕਦਮੀ ਜ਼ਿਲ੍ਹਾ ਪ੍ਰਸ਼ਾਸਨ ਦੀ ਪ੍ਰਾਇਮਰੀ ਹੈਲਥਕੇਅਰ ਸਕ੍ਰੀਨਿੰਗ ਨੂੰ ਮਜ਼ਬੂਤ ਕਰਨ, ਉੱਚ-ਜੋਖਮ ਵਾਲੀ ਗਰਭ ਅਵਸਥਾ ਨਿਗਰਾਨੀ ਨੂੰ ਬਿਹਤਰ ਬਣਾਉਣ ਅਤੇ ਤਕਨਾਲੋਜੀ-ਯੋਗ ਸਿਹਤ ਸੰਭਾਲ ਅਤੇ ਫਰੰਟਲਾਈਨ ਸਿਹਤ ਕਰਮਚਾਰੀਆਂ ਦੀ ਸਮਰੱਥਾ ਨਿਰਮਾਣ ਦੁਆਰਾ ਰੋਕਥਾਮਯੋਗ ਮਾਵਾਂ ਦੀ ਮੌਤ ਦਰ ਜ਼ੀਰੋ ਦੇ ਟੀਚੇ ਵੱਲ ਵਧਣ ਪ੍ਰਤੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦੀ ਹੈ।

# ਵਿਧਾਇਕ ਬੱਗਾ ਵੱਲੋਂ ਆਪਣਾ ਕਾਰੋਬਾਰ, ਆਪਣੀ ਪਹਿਚਾਨ ਮੁਹਿੰਮ ਤਹਿਤ ਉੱਦਮੀ ਮਹਿਲਾਵਾਂ ਦਾ ਵਿਸ਼ੇਸ਼ ਸਨਮਾਨ

ਜ਼ਿਕਰ ਪੰਜਾਬ

**ਲੁਧਿਆਣਾ/ਬਿਊਰੋ**

ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਮਹਿਲਾਵਾਂ ਨੂੰ ਆਰਥਿਕ ਤੇ ਸਮਾਜਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਵਚਨਬੱਧ ਹੈ ਤਾਂ ਜੋ ਉਹ ਆਪਣੇ ਪਰਿਵਾਰ ਤੇ ਸਮਾਜ ਦੀ ਤਰੱਕੀ ਵਿੱਚ ਹੋਰ ਵੱਡਾ ਯੋਗਦਾਨ ਪਾ ਸਕਣ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ, ਵਿਧਾਇਕ ਚੌਧਰੀ ਮਦਨ ਲਾਲ ਬੱਗਾ ਵੱਲੋਂ ਸਥਾਨਕ ਜਲੰਧਰ ਬਾਈਪਾਸ ਨੇੜੇ ਇੱਕ ਨਿੱਜੀ ਹੋਟਲ ਵਿੱਚ ਆਪਣਾ ਕਾਰੋਬਾਰ, ਆਪਣੀ ਪਹਿਚਾਣ ਸਿਰਲੇਖ ਹੇਠ 'ਮਹਿਲਾ ਉੱਦਮੀ ਸਨਮਾਨ-2026' ਦੇ ਆਯੋਜਨ ਮੌਕੇ ਕੀਤਾ। ਸਮਾਗਮ ਦੌਰਾਨ ਵੱਖ-ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੀਆਂ ਉੱਦਮੀ ਮਹਿਲਾਵਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਵਿਧਾਇਕ ਬੱਗਾ ਨੇ



ਕਿਹਾ ਕਿ ਇਸ ਪ੍ਰੋਗਰਾਮ ਦਾ ਮੁੱਖ ਟੀਚਾ ਇਨ੍ਹਾਂ ਮਹਿਲਾਵਾਂ ਨੂੰ ਸਮਾਜ ਵਿੱਚ ਇੱਕ ਵੱਖਰੀ ਪਹਿਚਾਣ ਦੇਣਾ ਅਤੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕਰਨਾ ਹੈ ਤਾਂ ਜੋ ਹੋਰਨਾਂ ਮਹਿਲਾਵਾਂ ਨੂੰ ਵੀ ਪੈਰਾਂ ਸਿਰ ਹੋਣ ਲਈ ਪ੍ਰੇਰਿਤ ਕੀਤਾ ਜਾ ਸਕੇ। ਵਿਧਾਇਕ ਬੱਗਾ ਨੇ ਕਿਹਾ ਕਿ ਬਹੁਤ ਸਾਰੀਆਂ ਮਹਿਲਾਵਾਂ ਘਰ ਬੈਠੇ ਟਿਫਿਨ ਸੇਵਾ, ਸੈਲੂਨ, ਸਿਲਾਈ-ਕਢਾਈ, ਬਿਊਟੀ ਵਰਕ ਤੇ ਹੋਰ ਛੋਟੇ ਕਾਰੋਬਾਰਾਂ ਰਾਹੀਂ ਆਪਣਾ ਯੋਗਦਾਨ ਪਾ ਰਹੀਆਂ ਹਨ। ਵਿਧਾਇਕ ਬੱਗਾ ਨੇ ਕਿਹਾ ਕਿ ਮਹਿਲਾਵਾਂ ਨੂੰ ਖੁਦਮੁਖਤਿਆਰ ਬਣਾਉਣ ਤੇ ਉਨ੍ਹਾਂ ਦੇ ਛੋਟੇ ਕਾਰੋਬਾਰਾਂ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਪੰਜਾਬ ਸਰਕਾਰ ਵੱਲੋਂ 'ਆਪਣਾ ਕਾਰੋਬਾਰ, ਆਪਣੀ ਪਹਿਚਾਨ' ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਲੜੀ ਤਹਿਤ ਹਲਕਾ ਲੁਧਿਆਣਾ ਉੱਤਰੀ ਵਿੱਚ ਵੀ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਖੇਤਰਾਂ 'ਚ ਆਪਣਾ ਛੋਟਾ ਕਾਰੋਬਾਰ ਚਲਾ ਰਹੀਆਂ ਮਹਿਲਾਵਾਂ ਨੂੰ ਸਨਮਾਨਿਤ ਕੀਤਾ ਗਿਆ। ਵਿਧਾਇਕ ਬੱਗਾ ਨੇ ਕਿਹਾ ਕਿ ਇਹ ਮੁਹਿੰਮ ਖਾਸ ਤੌਰ 'ਤੇ ਮਹਿਲਾਵਾਂ ਨੂੰ ਪ੍ਰੋਤਸਾਹਿਤ ਕਰਨ ਲਈ ਸ਼ੁਰੂ ਕੀਤੀ ਗਈ ਹੈ ਕਿਉਂਕਿ ਸਮਾਜ ਵਿੱਚ ਮਹਿਲਾਵਾਂ ਦੀ ਭਾਈਵਾਲੀ ਕਰੀਬ 50 ਫੀਸਦ ਹੈ ਤੇ ਉਹ ਘਰ ਤੇ ਸਮਾਜ ਦੋਵੇਂ ਥਾਵਾਂ 'ਤੇ ਮਹੱਤਵਪੂਰਨ ਭੂਮਿਕਾ ਨਿਭਾ ਰਹੀਆਂ ਹਨ ਪਰ ਤ੍ਰਾਸਦੀ ਇਹ ਹੈ ਕਿ ਅਕਸਰ ਔਰਤਾਂ ਦੀ ਸਖ਼ਤ ਮਿਹਨਤ ਨੂੰ ਅੱਖੋਂ ਪਰੋਖੇ ਕਰ ਦਿੱਤਾ ਜਾਂਦਾ ਹੈ। ਇਸ ਮੌਕੇ ਨਗਰ ਨਿਗਮ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਤਹਿਸੀਲਦਾਰ ਕਿਰਨ, ਮਹਿਲਾ ਵਿੰਗ ਜ਼ਿਲ੍ਹਾ ਪ੍ਰਧਾਨ ਮਨੀਸ਼ਾ ਕਪੂਰ, ਹਲਕਾ ਇੰਚਾਰਜ ਪੂਨਮ ਅਰੋੜਾ, ਜ਼ੋਨ ਮੁਖੀ ਅਜਿੰਦਰ, ਕੌਂਸਲਰ ਸ਼ਰਨਜੀਤ ਕੌਰ ਬਾਜਵਾ, ਕੌਂਸਲਰ ਤਜਿੰਦਰ ਕੌਰ ਰਾਜਾ, ਸ਼ਿਵਾਂਗੀ, ਨਵਨੀਤ, ਉਰਵਸ਼ੀ, ਕੁਲਦੀਪ, ਬਿਮਲਾ ਬੱਸੀ, ਪਿੰਕੀ, ਸ਼ਿੰਕੀ, ਗੀਟਾ ਕਟੋਚ, ਸ਼ਾਲੂ, ਰਿਤੂ, ਸੁਰਿੰਦਰ ਕੌਰ, ਪੂਜਾ ਸੋਨੀ, ਪਿੰਕੀ ਬੰਗਾ ਤੋ ਹੋਰ ਮੌਜੂਦ ਸਨ।




# ਦੀਦਾਰ ਹਾਰਟ ਬੀਟ ਡਾਇਗਨੌਸਟਿਕਸ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਸਿਹਤ ਜਾਂਚ ਕੈਂਪ ਲਗਾਇਆ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਸ਼ੁਭ ਅਵਸਰ 'ਤੇ 'ਦੀਦਾਰ ਹਾਰਟ ਬੀਟ ਡਾਇਗਨੌਸਟਿਕਸ', ਗਿੱਲ ਰੋਡ ਵਿਖੇ ਲਗਾਇਆ ਗਿਆ ਵਿਸ਼ੇਸ਼ ਸਿਹਤ ਜਾਂਚ ਕੈਂਪ ਅੱਜ ਸਫ਼ਲਤਾਪੂਰਵਕ ਸੰਪੰਨ ਹੋਇਆ। ਇਸ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਔਰਤਾਂ ਨੇ ਸ਼ਿਰਕਤ ਕੀਤੀ ਅਤੇ ਆਪਣੀ ਸਿਹਤ ਦੀ ਜਾਂਚ ਕਰਵਾਈ। ਕੈਂਪ ਦੀ ਅਗਵਾਈ ਕਰਦਿਆਂ ਡਾ. ਨਰਜੀਤ ਕੌਰ ਨੇ ਦੱਸਿਆ ਕਿ ਅੱਜ ਦੇ ਦੌਰ ਵਿੱਚ ਔਰਤਾਂ ਦੀ ਸਿਹਤ ਪ੍ਰਤੀ ਜਾਗਰੂਕਤਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ, ਸਿਹਤਮੰਦ ਨਾਰੀ ਹੀ ਇੱਕ ਖੁਸ਼ਹਾਲ ਪਰਿਵਾਰ ਦੀ ਨੀਂਹ ਹੈ। ਕੈਂਪ ਦੌਰਾਨ ਔਰਤਾਂ ਨੂੰ ਗਾਇਨੀਕੋਲੋਜੀਕਲ



ਸਮੱਸਿਆਵਾਂ ਅਤੇ ਕੈਂਸਰ ਵਰਗੀਆਂ ਗੰਭੀਰ ਬਿਮਾਰੀਆਂ ਦੀ ਜਲਦੀ ਪਛਾਣ ਕਰਨ ਦੇ ਮਹੱਤਵ ਬਾਰੇ ਵੀ ਜਾਣੂ ਕਰਵਾਇਆ ਗਿਆ। ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਅਲਟਰਾਸਾਊਂਡ ਅਤੇ ਕੈਂਸਰ ਦੀ ਜਾਂਚ ਦੇ ਟੈਸਟ ਕਰਵਾਏ। ਖ਼ੂਨ ਦੇ ਵੱਖ-ਵੱਖ ਟੈਸਟਾਂ 'ਤੇ ਦਿੱਤੀ ਗਈ 50% ਦੀ ਭਾਰੀ ਛੋਟ ਦਾ ਸੈਂਕੜੇ ਪਰਿਵਾਰਾਂ ਨੇ ਲਾਭ ਉਠਾਇਆ। ਮਾਹਿਰਾਂ ਵੱਲੋਂ ਔਰਤਾਂ ਨੂੰ ਸੰਤੁਲਿਤ ਖੁਰਾਕ ਅਤੇ ਰੋਜ਼ਾਨਾ ਕਸਰਤ ਕਰਨ ਦੀ ਸਲਾਹ ਵੀ ਦਿੱਤੀ ਗਈ। ਡਾ. ਨਰਜੀਤ ਕੌਰ ਨੇ ਕੈਂਪ ਦੀ ਸਫ਼ਲਤਾ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਾਰੇ ਸਟਾਫ ਮੈਂਬਰਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸੰਸਥਾ ਭਵਿੱਖ ਵਿੱਚ ਵੀ ਅਜਿਹੇ ਲੋਕ ਭਲਾਈ ਕੈਂਪ ਲਗਾ ਕੇ ਸਮਾਜ ਦੀ ਸੇਵਾ ਕਰਦੀ ਰਹੇਗੀ।

# ਬਲਾਕ ਸੰਮਤੀ ਲੁਧਿਆਣਾ-2 ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਸਰਬਸੰਮਤੀ ਨਾਲ ਹੋਈ ਚੋਣ

## ਦਰਸ਼ਨ ਸਿੰਘ ਮਾਹਲਾ ਨੂੰ ਚੇਅਰਮੈਨ ਤੇ ਰਣਜੀਤ ਕੌਰ ਨੂੰ ਵਾਈਸ ਚੇਅਰਮੈਨ ਚੁਣਿਆ • ਕੈਬਨਿਟ ਮੰਤਰੀ ਮੁੰਡੀਆਂ ਨੇ ਅਹੁਦੇਦਾਰਾਂ ਨੂੰ ਦਿੱਤੀ ਮੁਬਾਰਕਬਾਦ

ਜ਼ਿਕਰ ਪੰਜਾਬ

**ਲੁਧਿਆਣਾ/ਬਿਊਰੋ**

ਬਲਾਕ ਸੰਮਤੀ ਲੁਧਿਆਣਾ-2 ਲਈ ਅੱਜ ਸਰਬਸੰਮਤੀ ਨਾਲ ਦਰਸ਼ਨ ਸਿੰਘ ਮਾਹਲਾ ਨੂੰ ਚੇਅਰਮੈਨ ਅਤੇ ਰਣਜੀਤ ਕੌਰ ਨੂੰ ਵਾਈਸ ਚੇਅਰਮੈਨ ਚੁਣਿਆ ਗਿਆ। ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਦੋਵੇਂ ਅਹੁੱਦੇਦਾਰਾਂ ਨੂੰ ਆਪਣੀ ਨਵੀਂ ਜ਼ਿੰਮੇਵਾਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਲਈ ਪ੍ਰੇਰਿਤ ਕਰਦਿਆਂ ਮੁਬਾਰਕਬਾਦ ਦਿੱਤੀ।

ਜ਼ਿਕਰਯੋਗ ਹੈ ਕਿ ਦਸੰਬਰ ਮਹੀਨੇ ਵਿੱਚ ਹੋਈਆਂ ਬਲਾਕ ਸੰਮਤੀ ਚੋਣਾਂ ਲਈ ਪੰਜਾਬ ਸਰਕਾਰ ਵੱਲੋਂ 5 ਮਾਰਚ ਤੱਕ ਹਲਕਾ ਸਾਹਨੇਵਾਲ ਅਧੀਨ ਲੁਧਿਆਣਾ ਬਲਾਕ-2 ਦੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਬਣਾਉਣ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ। ਨੋਟੀਫਿਕੇਸ਼ਨ ਤਹਿਤ ਅੱਜ ਲੁਧਿਆਣਾ ਬਲਾਕ-2 ਦੇ ਬੀ ਡੀ ਪੀ ਓ ਦਫਤਰ ਵਿਖੇ ਬਲਾਕ ਸੰਮਤੀ-2 ਦੇ ਚੇਅਰਮੈਨ ਤੇ ਉਪ-



ਚੇਅਰਮੈਨ ਦੀ ਚੋਣ ਲਈ ਕਰਵਾਈ ਆਰੰਭੀ ਗਈ ਸੀ। ਇਹ ਚੋਣ ਐਸ.ਡੀ.ਐਮ. ਪੂਰਬੀ ਜਸਲੀਨ ਕੌਰ ਭੁੱਲਰ ਦੀ ਨਿਗਰਾਨੀ ਹੇਠ ਕਰਵਾਈ ਗਈ ਜਿਸ ਵਿੱਚ ਦਰਸ਼ਨ ਸਿੰਘ ਮਾਹਲਾ ਨੂੰ ਸਰਬਸੰਮਤੀ ਨਾਲ ਚੇਅਰਮੈਨ ਅਤੇ ਰਣਜੀਤ ਕੌਰ ਨੂੰ ਉਪ ਚੇਅਰਮੈਨ ਚੁਣਿਆ ਗਿਆ। ਇਸ ਮੌਕੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਨੇ ਵੀ ਆਪਣੀ ਵੋਟ ਦਾ ਇਸਤੇਮਾਲ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਲਗਾਤਾਰ ਵਿਕਾਸ ਕਾਰਜਾਂ ਦੇ ਕੰਮ ਵੱਡੇ ਪੱਧਰ 'ਤੇ ਕੀਤੇ ਜਾ ਰਹੇ ਹਨ। ਸਿੱਟੇ ਵਜੋਂ ਬਲਾਕ ਸੰਮਤੀ ਚੋਣਾਂ ਮੌਕੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਵੱਡੀ ਲੀਡ ਦੇ ਨਾਲ ਜਿੱਤੇ ਸਨ ਅਤੇ ਅੱਜ ਬਲਾਕ ਸੰਮਤੀ ਚੇਅਰਮੈਨ ਦੀ ਚੋਣ ਮੌਕੇ ਦਰਸ਼ਨ ਸਿੰਘ ਮਾਹਲਾ ਨੂੰ ਚੇਅਰਮੈਨ ਅਤੇ ਰਣਜੀਤ ਕੌਰ ਨੂੰ ਵਾਈਸ ਚੇਅਰਮੈਨ ਚੁਣਿਆ ਗਿਆ। ਨਵ-ਨਿਯੁਕਤ ਚੇਅਰਮੈਨ ਦਰਸ਼ਨ ਸਿੰਘ ਮਾਹਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਬਲਾਕ ਸੰਮਤੀ ਮੈਂਬਰਾਂ ਦੇ ਧੰਨਵਾਦੀ ਹਨ ਜਿਨ੍ਹਾਂ ਸਰਬਸੰਮਤੀ ਨਾਲ ਮੈਨੂੰ ਚੇਅਰਮੈਨ ਚੁਣਿਆ ਹੈ। ਉਨ੍ਹਾਂ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਸਮੇਤ ਪਾਰਟੀ ਹਾਈ ਕਮਾਂਡ ਅਤੇ ਉਨ੍ਹਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਚੱਲਣ ਵਾਲੀ ਸਮੁੱਚੀ ਟੀਮ ਦਾ ਵੀ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ। ਇਸ ਮੌਕੇ ਬੀ.ਡੀ.ਪੀਓ ਰਾਜਵਿੰਦਰ ਸਿੰਘ, ਸਰਪੰਚ ਕਰਮਜੀਤ ਸਿੰਘ ਗਰੇਵਾਲ ਖਾਸੀ, ਸਰਪੰਚ ਜਸਪ੍ਰੀਤ ਸਿੰਘ ਪੰਧੇਰ, ਕੌਂਸਲਰ ਜਸਪਾਲ ਸਿੰਘ, ਸਰਪੰਚ ਗਗਨਦੀਪ ਸਿੰਘ, ਦਵਿੰਦਰ ਸਿੰਘ ਯੂਐਸਏ, ਰਸ਼ਪਾਲ ਸਿੰਘ ਪੀਏ, ਇਕਬਾਲ ਸਿੰਘ ਪੀਏ, ਸਰਪੰਚ ਪਰਮਿੰਦਰ ਸਿੰਘ, ਸਰਪੰਚ ਬਿੰਦਰ ਵਿਰਕ, ਮਨਜਿੰਦਰ ਸਿੰਘ ਭੋਲਾ, ਸਾਬਕਾ ਸਰਪੰਚ ਟੀਟੂ ਜੋਲੀ, ਸਾਬਕਾ ਸਰਪੰਚ ਨੰਨੂ, ਸ਼ਮਾ ਭਾਮੀਆ, ਰੋਬਿਨ ਸਿੰਘ ਮਾਹਲਾ, ਸਨੀ ਵਰਮਾ, ਹਰਬੰਸ ਸਿੰਘ ਗਰੇਵਾਲ, ਡਾਕਟਰ ਚਰਨਜੀਤ ਸਿੰਘ, ਹਰਮਨ ਗਰੇਵਾਲ, ਮਨਜੀਤ ਸਿੰਘ ਗਰੇਵਾਲ ਸਾਬਕਾ ਸਰਪੰਚ, ਪੰਕਜ, ਗੁਲਜੀਤ ਗਰੇਵਾਲ, ਦਲਜੀਤ ਗਰੇਵਾਲ, ਕਾਲਾ ਗਰੇਵਾਲ, ਮਣੀ ਪੰਚ, ਸਰਪੰਚ ਕੁਲਵੰਤ ਸਿੰਘ ਭਾਮੀਆ ਖੁਰਦ, ਜਗਰੂਪ ਸਿੰਘ ਰੂਪੀ, ਅਸ਼ੋਕ ਘਈ ਪੰਚ ਅਤੇ ਹੋਰ ਸਾਥੀ ਹਾਜ਼ਰ ਸਨ।

# 'ਪੰਜਾਬ ਸੰਭਾਲੋ ਮੁਹਿੰਮ' ਤਹਿਤ ਬਸਪਾ ਕਰੇਗੀ ਸੱਤਾ ਤਬਦੀਲੀ ਦਾ ਆਗਾਜ਼ : ਡਾ. ਕਰੀਮਪੁਰੀ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਬਹੁਜਨ ਸਮਾਜ ਪਾਰਟੀ ਦੇ ਪੰਜਾਬ ਪ੍ਰਧਾਨ ਅਤੇ ਕੇਂਦਰੀ ਇਨਚਾਰਜ ਚੰਡੀਗੜ੍ਹ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਵਿੱਚ ਪੇਸ਼ ਕੀਤੇ ਗਏ ਬਜਟ ਨੂੰ 'ਦਿਸ਼ਾਹੀਣ' ਅਤੇ 'ਲੋਕ ਵਿਰੋਧੀ' ਕਰਾਰ ਦਿੱਤਾ ਹੈ। ਅੱਜ ਇੱਥੇ ਜਾਰੀ ਇੱਕ ਬਿਆਨ ਵਿੱਚ ਡਾ. ਕਰੀਮਪੁਰੀ ਨੇ ਕਿਹਾ ਕਿ ਇਹ ਬਜਟ ਕੇਵਲ ਅੰਕੜਿਆਂ ਦੀ ਜਾਦੂਗਰੀ ਹੈ, ਜਿਸ ਵਿੱਚ ਸੂਬੇ ਦੇ ਦਲਿਤ, ਪਛੜੇ ਵਰਗ ਅਤੇ ਮਜ਼ਦੂਰਾਂ ਦੇ ਸ਼ਕਤੀਕਰਨ ਲਈ ਕੋਈ ਠੋਸ ਨੀਤੀ ਨਹੀਂ ਹੈ। ਬਜਟ 'ਤੇ ਮੁੱਖ ਇਤਰਾਜ਼ ਅਤੇ ਬਸਪਾ ਦਾ ਪੱਖ, ਬਸਪਾ ਨੇ ਕਿਹਾ ਕਿ ਸਰਕਾਰ ਨੇ ਜੋ ਇਲੈਕਸ਼ਨ ਤੱਕ ਆਉਣ ਵਾਲੇ ਮੇਨ ਆ ਔਰਤਾਂ ਦੇ ਖਾਤਿਆਂ ਚ ਹਜਾਰ ਅਤੇ 1500 ਪਾਉਣ ਦਾ ਐਲਾਨ ਕੀਤਾ ਇਹ ਔਰਤਾਂ ਨਾਲ ਧੋਖਾ ਹੈ ਕਿਉਂਕਿ ਚਾਰ ਸਾਲ ਬੀਤਣ ਤੋਂ ਬਾਅਦ ਸਿਰਫ ਇਲੈਕਸ਼ਨ ਦੇ ਵਰੇ ਚ ਉਹਨਾਂ ਦਾ ਬਹੁਤ ਲੁੱਟਣ ਦੀ ਰਣਨੀਤੀ ਬਹੁਤ ਲੁੱਟ ਕੇ ਫਿਰ ਪੰਜਾਬ ਦੀਆਂ ਮਾਵਾਂ ਦੇ ਡਰੱਗ ਮਾਫੀਏ ਰਾਹੀਂ ਪੁੱਤ ਲੁੱਟਣ ਦੇ ਨੀਤੀ ਬਸਪਾ ਕਿਸੇ ਕੀਮਤ ਤੇ ਸਫਲ ਨਹੀਂ ਹੋਣ ਦੇਵੇਗੀ। ਸ਼ਕਤੀਕਰਨ ਦੀ ਘਾਟ: ਡਾ. ਕਰੀਮਪੁਰੀ ਨੇ ਕਿਹਾ ਕਿ ਸਰਕਾਰ ਨੇ 'ਬਹੁਜਨ ਸਮਾਜ' ਦੇ ਆਰਥਿਕ ਅਤੇ ਸਮਾਜਿਕ ਸ਼ਕਤੀਕਰਨ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕੀਤਾ ਹੈ, ਸ਼੍ਰੀ ਕਰੀਮਪੁਰੀ ਨੇ ਕਿਹਾ ਕਿ ਦਲਿਤਾਂ ਦੇ ਲਈ ਪੰਜਾਬ ਦੀ ਸਰਕਾਰ ਜਿਹਨੇ ਬਜਟ ਦੇ ਪੇਜ ਨੰਬਰ 67 ਤੇ 35.23% ਬਜਟ ਰੱਖਣ ਦਾ ਦਾਅਵਾ ਕੀਤਾ ਜਦਕਿ ਕੁੱਲ ਰਕਮ 17700 ਕਰੋੜ ਹੈ 35% ਤੇ ਹਿਸਾਬ ਨਾਲ 92 ਹਜਾਰ ਕਰੋੜ ਦੇ ਕਰੀਬ ਬਜਟ ਬਣਦਾ ਹੈ ਪੰਜਾਬ ਸਰਕਾਰ ਦੇ ਬਜਟ ਦੇ ਵਿੱਚ ਪਿਛਲੇ ਬਜਟ ਦੀ ਤਰ੍ਹਾਂ ਫਿਰ ਦਲਿਤਾਂ ਨਾਲ ਧੋਖਾ ਕੀਤਾ ਗਿਆ ਹੈ ਹੈ ਕਿ ਉਹਨਾਂ ਦਾ 65 ਹਜਾਰ ਕਰੋੜ ਸਰਕਾਰ ਕਾਗਜਾਂ ਵਿੱਚ ਹੀ ਖਾ ਗਈ ਬਸਪਾ ਇਹ ਬਿਲਕੁਲ ਬਰਦਾਸ਼ਤ ਨਹੀਂ



ਕਰੇਗੀ, ਪੋਸਟ-ਮੈਟ੍ਰਿਕ ਸਕਾਲਰਸ਼ਿਪ ਅਤੇ ਭਲਾਈ ਸਕੀਮਾਂ ਲਈ ਰੱਖਿਆ ਗਿਆ ਬਜਟ ਊਠ ਦੇ ਮੂੰਹ ਵਿੱਚ ਜੀਰੇ ਦੇ ਸਮਾਨ ਹੈ। ਉਨ੍ਹਾਂ ਕਿਹਾ ਕਿ ਸਰਕਾਰ ਪੰਜਾਬ ਨੂੰ ਕਰਜ਼ੇ ਦੀ ਦਲਦਲ ਵਿੱਚ ਧੱਕ ਰਹੀ ਹੈ, ਜਿਸ ਦਾ ਸਭ ਤੋਂ ਵੱਧ ਮਾੜਾ ਪ੍ਰਭਾਵ ਗਰੀਬ ਵਰਗ 'ਤੇ ਪੈ ਰਿਹਾ ਹੈ। ਬਜਟ ਵਿੱਚ ਬੇਰੁਜ਼ਗਾਰ ਨੌਜਵਾਨਾਂ ਲਈ ਸਥਾਈ ਰੁਜ਼ਗਾਰ ਦਾ ਕੋਈ ਖਾਕਾ ਨਹੀਂ ਉਲੀਕਿਆ ਗਿਆ, ਜੋ ਕਿ ਬਹੁਤ ਮੰਦਭਾਗਾ ਹੈ, ਸਰਕਾਰ ਬਜਟ ਵਿੱਚ ਛੋਲੇ ਹਲਦੀ ਨਮਕ ਤੇਲ ਕਿੰਨਾ ਦਿੱਤਾ ਜਾਊਗਾ ਇਹ ਤਾਂ ਦੱਸ ਰਹੀ ਆ ਪ੍ਰੰਤੂ ਸਕੂਲਾਂ ਚ ਅਧਿਆਪਕ ਕਿੰਨੇ ਦਿੱਤੇ ਜਾਣਗੇ ਇਸਦੇ ਬਾਰੇ ਖਾਮੋਸ਼ ਹੈ ਜਿਸ ਤੋਂ ਸਪਸ਼ਟ ਹੈ ਕਿ ਸਰਕਾਰ ਗਰੀਬਾਂ ਦੇ ਘਰਾਂ ਚ ਭਿਖਾਰੀ ਪੈਦਾ ਕਰਨਾ ਚਾਹੁੰਦੀ ਆ ਅਧਿਕਾਰੀ ਨਹੀਂ ਬਸਪਾ ਪੰਜਾਬੀਆਂ ਨੂੰ ਸੱਦਾ ਦਿੰਦੀ ਹੈ ਕਿ ਅਧਿਕਾਰੀ ਪੈਦਾ ਕਰਨੇ ਦੇ ਲਈ ਬਸਪਾ ਦੀ ਪੰਜਾਬ ਸੰਭਾਲੋ ਮਹਿਮ ਨਾਲ ਖੜੇ ਹੋਣ। 'ਪੰਜਾਬ ਸੰਭਾਲੋ ਮੁਹਿੰਮ' ਅਤੇ ਸੱਤਾ ਪ੍ਰਾਪਤੀ ਦਾ ਸੰਕਲਪ: ਡਾ. ਕਰੀਮਪੁਰੀ ਨੇ ਜ਼ੋਰ ਦੇ ਕੇ ਕਿਹਾ ਕਿ ਮੌਜੂਦਾ ਹਾਲਾਤਾਂ ਨੂੰ ਦੇਖਦੇ ਹੋਏ ਬਸਪਾ ਵੱਲੋਂ ਵਿੱਢੀ ਗਈ 'ਪੰਜਾਬ ਸੰਭਾਲੋ ਮੁਹਿੰਮ' ਸਮੇਂ ਦੀ ਮੁੱਖ ਲੋੜ ਬਣ ਗਈ ਹੈ ਹੁਣ ਸਮਾਂ ਆ ਗਿਆ ਹੈ ਕਿ ਬਹੁਜਨ ਸਮਾਜ ਆਪਣੀ ਤਾਕਤ ਨੂੰ ਪਛਾਣੇ। ਅਸੀਂ ਕੇਵਲ ਮੰਗਣ ਵਾਲੇ ਨਹੀਂ, ਸਗੋਂ 'ਸ਼ਾਸਕ' ਬਣਨ ਦੀ ਦਿਸ਼ਾ ਵਿੱਚ ਅੱਗੇ ਵਧਾਂਗੇ। 'ਸੱਤਾ ਪ੍ਰਾਪਤ ਕਰੋ' ਦੇ ਨਾਅਰੇ ਹੇਠ ਬਸਪਾ ਪੰਜਾਬ ਦੇ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਜਾਗਰੂਕ ਕਰੇਗੀ। ਬਸਪਾ ਆਗੂ ਨੇ ਐਲਾਨ ਕੀਤਾ ਕਿ ਪਾਰਟੀ ਇਸ ਬਜਟ ਦੀਆਂ ਨਾਕਾਮੀਆਂ ਨੂੰ ਲੋਕ ਕਚਹਿਰੀ ਵਿੱਚ ਲੈ ਕੇ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਅਸਲ ਵਿਕਾਸ ਲਈ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਅਤੇ ਸਾਹਿਬ ਕਾਂਸ਼ੀ ਰਾਮ ਜੀ ਦੇ ਸੁਪਨਿਆਂ ਵਾਲੀ ਸਰਕਾਰ ਸਥਾਪਿਤ ਕਰਨਾ ਹੀ ਬਸਪਾ ਦਾ ਮੁੱਖ ਟੀਚਾ ਹੈ, ਇਸ ਮੌਕੇ ਪਾਰਟੀ ਦੇ ਸਟੇਟ ਜਨਰਲ ਸੈਕਟਰੀ ਬਲਵਿੰਦਰ ਬਿੱਟਾ, ਜ਼ਿਲ੍ਹਾ ਪ੍ਰਧਾਨ ਬਲਵਿੰਦਰ ਜੱਸੀ, ਜੀਤ ਰਾਮ ਬਸਰਾ,ਪਰਗਨ ਬਿਲਗਾ, ਸੋਨੂ, ਸ਼ੇਰਪੁਰੀਆ, ਰਜਿੰਦਰ ਨਿਕਾ ਤੋਂ ਇਲਾਵਾ ਹੋਰ ਪਾਰਟੀ ਲੀਡਰਸ਼ਿਪ ਅਤੇ ਵਰਕਰ ਸਮਰਥਕ ਮੌਜੂਦ ਸਨ।

# ਕਰਮਜੀਤ ਗਰੇਵਾਲ ਦਾ ਗੀਤ 'ਮਸਲਾ ਦਿਲ ਦਾ' ਰਾਜ ਗਾਇਕ ਹੰਸ ਰਾਜ ਹੰਸ ਵੱਲੋਂ ਰਿਲੀਜ਼

## ਕਿਹਾ ! ਸਿਹਤਯਾਬੀ ਦਾ ਸੁਨੇਹਾ ਦਿੰਦੀ ਸ਼ਾਇਰੀ ਤੇ ਗਾਇਕੀ ਦਾ ਸੁਮੇਲ ਹੈ ਇਹ ਗੀਤ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਪਦਮਸ੍ਰੀ ਸੂਫੀ ਸਿੰਗਰ ਹੰਸ ਰਾਜ ਹੰਸ ਨੇ 'ਮਸਲਾ ਦਿਲ ਦਾ' ਗੀਤ ਨੂੰ ਲੋਕ ਅਰਪਿਤ ਕੀਤਾ ਜਿਸ ਨੂੰ ਨੈਸ਼ਨਲ ਅਵਾਰਡੀ ਮਾਸਟਰ ਕਰਮਜੀਤ ਸਿੰਘ ਗਰੇਵਾਲ ਨੇ ਬੜੀ ਖੂਬਸੂਰਤੀ ਨਾਲ ਲਿਖਿਆ ਤੇ ਆਪਣੀ ਸੁਰੀਲੀ ਆਵਾਜ਼ ਦਿੱਤੀ ਹੈ। ਵਿਸ਼ਵ ਪੱਧਰ 'ਤੇ ਆਪਣੀ ਲੋਕ ਗਾਇਕੀ ਅਤੇ ਸੂਫ਼ੀਆਨਾ ਅੰਦਾਜ਼ ਦਾ ਲੋਹਾ ਮਨਵਾਉਣ ਵਾਲੇ ਪੰਜਾਬੀ ਗਾਇਕ ਤੇ ਸਿਆਸਤਦਾਨ ਸਾਬਕਾ ਲੋਕ ਸਭਾ ਮੈਂਬਰ ਪਦਮ ਸ਼?ਰੀ ਹੰਸ ਰਾਜ ਹੰਸ ਨੇ ਸਥਾਨਕ ਹੋਟਲ ਮਹਾਰਾਜਾ ਰਿਜੈਂਸੀ, ਲੁਧਿਆਣਾ ਵਿਖੇ ਹੋਏ ਪ੍ਰਭਾਵਸ਼ਾਲੀ ਸਮਾਗਮ ਦੌਰਾਨ, ਗਰੇਵਾਲ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਉਨ੍ਹਾਂ ਦਿਲ ਦੀ ਤੰਦਰੁਸਤੀ ਲਈ ਬਹੁਤ ਪਿਆਰਾ ਗੀਤ ਲਿਖਿਆ ਤੇ ਸੋਹਣੀਆਂ ਸੁਰਾਂ ਵਿੱਚ ਗਾਇਆ ਹੈ। ਉਨ੍ਹਾਂ ਦੱਸਿਆ ਕਿ ਇਸ ਗੀਤ ਰਾਹੀਂ ਲੋਕਾਂ ਨੂੰ ਸਹਿਜੇ ਪਤਾ ਲੱਗੇਗਾ ਕਿ ਦਿਲ ਨੂੰ ਹਮੇਸ਼ਾ ਜਵਾਨ ਰੱਖਣ ਲਈ ਸਾਨੂੰ ਕੀ-ਕੀ ਸਾਵਧਾਨੀਆਂ ਵਰਤਣੀਆਂ ਚਾਹੀਦੀਆਂ ਹਨ। ਇਸ




ਗੀਤ ਬਾਰੇ ਮਾਸਟਰ ਕਰਮਜੀਤ ਸਿੰਘ ਗਰੇਵਾਲ ਨੇ ਦੱਸਿਆ ਕਿ ਦਯਾਨੰਦ ਮੈਡੀਕਲ ਕਾਲਜ ਤੇ ਹਸਪਤਾਲ (ਡੀ.ਐਮ.ਸੀ.) ਲੁਧਿਆਣਾ ਦੇ ਸਹਿਯੋਗ ਅਤੇ ਵਿਸ਼ਵ ਪ੍ਰਸਿੱਧ ਚੀਫ਼ ਕਾਰਡੀਆਲੋਜਿਸਟ ਡਾ. ਬਿਸ਼ਵ ਮੋਹਨ ਜੀ ਦੀ ਪ੍ਰੇਰਨਾ ਸਦਕਾ ਬਣਿਆ ਜਿਨ੍ਹਾਂ ਬਲੱਡ ਪ੍ਰੈਸ਼ਰ (ਬੀ.ਪੀ.) ਅਤੇ ਸ਼ੂਗਰ ਵਰਗੀਆਂ ਅਲਾਮਤਾਂ ਤੋਂ ਬਚਾਅ ਕਰਕੇ ਦਿਲ ਨੂੰ ਹਮੇਸ਼ਾ ਤੰਦਰੁਸਤ ਰੱਖਣ ਦਾ ਸੁਨੇਹਾ ਦਿੱਤਾ ਹੈ। ਇਸ ਗੀਤ ਦੀ ਘੁੰਢ ਚੁਕਾਈ ਤੋਂ ਬਾਅਦ ਹਜ਼ਾਰਾਂ ਲੋਕਾਂ ਨੇ ਸੁਣਿਆ, ਪਿਆਰ ਕੀਤਾ ਤੇ ਅੱਗੋ ਸ਼ੇਅਰ ਵੀ ਕੀਤਾ ਜੋ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਮੀਲ ਪੱਥਰ ਸਿੱਧ ਹੋਵੇਗਾ।

ਇਸ ਗੀਤ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਵੀ ਇਸ ਨੇਕ ਕਾਰਜ਼ ਦਾ ਹਿੱਸਾ ਹੈ। ਇਸ ਸਮਾਗਮ ਮੌਕੇ ਪੰਜਾਬ ਸਰਕਾਰ ਦੇ ਸਿਹਤ ਮੰਤਰੀ ਡਾ ਬਲਬੀਰ ਸਿੰਘ, ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ, ਡੀ.ਐਮ.ਸੀ. ਪ੍ਰਬੰਧਕ ਸੋਸਾਇਟੀ ਦੇ ਪ੍ਰਧਾਨ ਸੁਨੀਲ ਕਾਂਤ ਮੁੰਜਾਲ, ਸਕੱਤਰ ਬਿਪਨ ਗੁਪਤਾ, ਮੁਕੇਸ਼ ਕੁਮਾਰ ਖਜ਼ਾਨਚੀ, ਪ੍ਰਿੰਸੀਪਲ ਡਾ. ਗੁਰਪ੍ਰੀਤ ਸਿੰਘ ਵਾਂਡਰ, ਡਾ. ਬਿਸ਼ਵ ਮੋਹਨ ਕਾਰਡੀਆਲੋਜਿਸਟ, ਡਾ. ਸਤਬੀਰ ਸਿੰਘ ਗੋਸਲ ਵਾਇਸ ਚਾਂਸਲਰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ, ਡਾ. ਸਮੀਰ ਕੌੜਾ (ਗੀਤ ਦੇ ਪ੍ਰਮੁੱਖ ਸਲਾਹਕਾਰ), ਡਾ. ਨਿਰਮਲ ਜੌੜਾ, ਗੁਰਪ੍ਰੀਤ ਸਿੰਘ ਤੂਰ ਤੋਂ ਇਲਾਵਾ ਅੰਤਰਰਾਸ਼ਟਰੀ ਪ੍ਰਸਿੱਧੀ ਪ੍ਰਾਪਤ ਬੁਲਾਰੇ, ਡਾਕਟਰ, ਵਿਦਵਾਨ, ਉਦਯੋਗਪਤੀ, ਸਿਆਸੀ ਸਖ਼ਸ਼ੀਅਤਾਂ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ, ਜਿਨ੍ਹਾਂ ਇਸ ਗੀਤ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਅਜਿਹੇ ਸਾਰਥਕ ਗੀਤਾਂ ਦੀ ਕਾਮਨਾ ਕੀਤੀ। ਵਰਨਣਯੋਗ ਹੈ ਕਿ ਗਰੇਵਾਲ ਨੇ ਇਸ ਗੀਤ ਤੋਂ ਪਹਿਲਾਂ ਅਨੇਕਾਂ ਸਿੱਖਿਆਦਾਇਕ ਗੀਤ ਗਾਏ ਹਨ ਜਿਨ੍ਹਾਂ ਨੂੰ ਅੰਤਰਰਾਸ਼ਟਰੀ ਪੱਧਰ ਦੇ ਇਨਾਮ ਮਿਲ਼ੇ ਹਨ। ਇਨ੍ਹਾਂ ਨੂੰ ਭਾਰਤ ਸਰਕਾਰ ਵੱਲੋਂ ਕਰਵਾਏ 'ਲੋਰੀ' ਲਿਖਣ ਮੁਕਾਬਲੇ ਵਿੱਚ ਇੱਕ ਗੀਤ ਲਈ ਸਵਾ ਲੱਖ ਰੁਪਏ ਦਾ ਇਨਾਮ ਵੀ ਮਿਲਿਆ ਹੈ।

ਆਓ ਪੰਜਾਬੀ ਸਿੱਖੀਏ ਨੂੰ ਅਮੈਰੀਕਨ ਇੰਡੀਆ ਫਾਊਂਡੇਸ਼ਨ ਟ੍ਰਸਟ ਵੱਲੋਂ ਪਹਿਲਾ ਇਨਾਮ ਮਿਲਿਆ ਹੈ। ਬੱਚਿਆਂ ਨਾਲ਼ ਮਿਲ਼ ਕੇ ਭਾਰਤ ਦੀਆਂ 10 ਭਾਸ਼ਾਵਾਂ ਵਿੱਚ ਗੀਤ ਗਾਏ ਹਨ। ਇਨ੍ਹਾਂ ਦੀਆਂ 13 ਪੁਸਤਕਾਂ ਪ੍ਰਕਾਸ਼ਿਤ ਹੋ ਚੁੱਕੀਆਂ ਹਨ। ਸਕੂਲਾਂ, ਕਾਲਜਾਂ ਤੇ ਯੂਨੀਵਰਸਿਟੀਆਂ ਵਿੱਚ ਅਨੇਕਾਂ ਅਗਾਂਹਵਧੂ ਗੀਤਾਂ ਦੀ ਪੇਸ਼ਕਾਰੀ ਲਈ ਵੀ ਜਾਣੇ ਜਾਂਦੇ ਹਨ।

### ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਕੁੜੀਆਂ ਨੂੰ ਸਮਾਜਿਕ-ਆਰਥਿਕ ਵਿਕਾਸ ਵਿੱਚ

# ਸਰਗਰਮ ਭਾਈਵਾਲ ਬਣਨਾ ਚਾਹੀਦਾ ਹੈ : ਮਾਨ

## ਪੰਜਾਬ ਵਿੱਚ 63,000 ਤੋਂ ਵੱਧ ਸਰਕਾਰੀ ਨੌਕਰੀਆਂ ਯੋਗਤਾ ਦੇ ਆਧਾਰ 'ਤੇ ਦਿੱਤੀਆਂ ਗਈਆਂ ਹਨ ਅਤੇ ਜ਼ਿਆਦਾਤਰ ਲਾਭਪਾਤਰੀ ਕੁੜੀਆਂ ਹਨ : ਮੁੱਖ ਮੰਤਰੀ

ਲੁਧਿਆਣਾ/ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਨੀਵਾਰ ਨੂੰ ਲੜਕੀਆਂ ਨੂੰ ਪੰਜਾਬ ਦੇ ਭਵਿੱਖ ਨੂੰ ਢਾਲਣ ਵਿੱਚ ਬਰਾਬਰ ਭਾਈਵਾਲ ਵਜੋਂ ਅੱਗੇ ਵਧਣ ਦਾ ਜ਼ੋਰਦਾਰ ਸੱਦਾ ਦਿੱਤਾ, ਇਹ ਜ਼ੋਰ ਦੇ ਕੇ ਕਿਹਾ ਕਿ ਸ਼ਾਸਨ, ਆਰਥਿਕਤਾ ਅਤੇ ਰਾਜਨੀਤੀ ਵਿੱਚ ਔਰਤਾਂ ਦੀ ਪੂਰੀ ਭਾਗੀਦਾਰੀ ਤੋਂ ਬਿਨਾਂ ਸੂਬਾ ਦੇਸ਼ ਵਿੱਚ ਮੋਹਰੀ ਨਹੀਂ ਬਣ ਸਕਦਾ। ਲੁਧਿਆਣਾ ਵਿੱਚ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਰਾਜ ਪੱਧਰੀ ਅੰਤਰਰਾਸ਼ਟਰੀ ਮਹਿਲਾ ਦਿਵਸ ਸਮਾਗਮ ਦੇ ਮੌਕੇ 'ਤੇ, ਮੁੱਖ ਮੰਤਰੀ ਨੇ ਇਸ ਗੱਲ 'ਤੇ ਚਾਨਣਾ ਪਾਇਆ ਕਿ ਕਿਵੇਂ ਪੰਜਾਬ ਸਰਕਾਰ ਸਰਗਰਮੀ ਨਾਲ ਉਨ੍ਹਾਂ ਰੁਕਾਵਟਾਂ ਨੂੰ ਦੂਰ ਕਰ ਰਹੀ ਹੈ ਜੋ ਔਰਤਾਂ ਨੂੰ ਮੁੱਖ ਖੇਤਰਾਂ ਤੋਂ ਦੂਰ ਰੱਖਦੀਆਂ ਸਨ। ਉਨ੍ਹਾਂ ਨੇ ਯੋਗਤਾ-ਅਧਾਰਤ ਭਰਤੀ ਵੱਲ ਇਸ਼ਾਰਾ ਕੀਤਾ ਜਿੱਥੇ 63,000 ਤੋਂ ਵੱਧ ਸਰਕਾਰੀ ਨੌਕਰੀਆਂ ਵਿੱਚੋਂ ਜ਼ਿਆਦਾਤਰ ਕੁੜੀਆਂ ਨੂੰ ਗਈਆਂ ਹਨ, ਗੈਰ-ਵਾਜਬ ਹਾਲਤਾਂ ਨੂੰ ਦੂਰ ਕਰਨ ਤੋਂ ਬਾਅਦ ਔਰਤਾਂ ਲਈ ਅੱਗ ਬੁਝਾਊ ਸੇਵਾਵਾਂ ਖੋਲ੍ਹਣਾ, ਅਤੇ ਉੱਚ ਪ੍ਰਸ਼ਾਸਨਿਕ ਅਹੁਦਿਆਂ 'ਤੇ ਮਹਿਲਾ ਅਧਿਕਾਰੀਆਂ ਦੀ ਵੱਧ ਰਹੀ ਮੌਜੂਦਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨੌਜਵਾਨ ਔਰਤਾਂ ਨੂੰ ਰਾਜਨੀਤੀ ਵਿੱਚ ਆਉਣ ਅਤੇ ਫੈਸਲਾ ਲੈਣ ਵਿੱਚ ਸਰਗਰਮ ਭਾਗੀਦਾਰ ਬਣਨ ਦੀ ਅਪੀਲ ਕੀਤੀ, ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਕਿ ਇੱਕ ਮਜ਼ਬੂਤ ਲੋਕਤੰਤਰ ਅਤੇ ਇੱਕ ਵਧੇਰੇ ਪ੍ਰਗਤੀਸ਼ੀਲ ਪੰਜਾਬ ਤਾਂ ਹੀ ਸੰਭਵ ਹੋਵੇਗਾ ਜਦੋਂ ਔਰਤਾਂ ਜਨਤਕ ਨੀਤੀ ਅਤੇ ਲੀਡਰਸ਼ਿਪ ਨੂੰ ਆਕਾਰ ਦੇਣ ਵਿੱਚ





ਕੇਂਦਰੀ ਭੂਮਿਕਾ ਨਿਭਾਉਂਦੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਰਾਜ ਭਰ ਵਿੱਚ ਔਰਤਾਂ ਨੂੰ ਸ਼ਾਸਨ ਅਤੇ ਪ੍ਰਸ਼ਾਸਨ ਵਿੱਚ ਮੌਕੇ ਦੇ ਕੇ ਸਸ਼ਕਤ ਬਣਾਉਣ ਲਈ ਠੋਸ ਯਤਨ ਕੀਤੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ, ਸਾਡੀ ਸਰਕਾਰ ਨੇ ਕਈ ਮਹਿਲਾ ਅਧਿਕਾਰੀਆਂ ਨੂੰ ਡਿਪਟੀ ਕਮਿਸ਼ਨਰ ਅਤੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ ਨਿਯੁਕਤ ਕੀਤਾ ਹੈ। ਕਈ ਮਹਿਲਾ ਅਧਿਕਾਰੀਆਂ ਨੂੰ ਏਡੀਸੀ ਵੀ ਨਿਯੁਕਤ ਕੀਤਾ ਗਿਆ ਹੈ। ਪਹਿਲਾਂ ਕਿਸੇ ਹੋਰ ਸਰਕਾਰ ਨੇ ਉਨ੍ਹਾਂ ਨੂੰ ਇਨ੍ਹਾਂ ਮਨਮੋਹਕ ਅਹੁਦਿਆਂ 'ਤੇ ਨਿਯੁਕਤ ਕਰਨ ਦੀ ਖੇਚਲ ਨਹੀਂ ਕੀਤੀ ਸੀ। ਪੰਜਾਬ ਸਰਕਾਰ ਦੀ ਪਾਰਦਰਸ਼ੀ ਭਰਤੀ ਮੁਹਿੰਮ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਨੇ ਨੌਜਵਾਨਾਂ ਨੂੰ 63,000 ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ। ਉਨ੍ਹਾਂ ਕਿਹਾ, "ਇਹ ਮਾਣ ਵਾਲੀ ਗੱਲ ਹੈ ਕਿ ਇਨ੍ਹਾਂ ਵਿੱਚੋਂ ਜ਼ਿਆਦਾਤਰ ਨੌਕਰੀਆਂ ਕੁੜੀਆਂ ਨੂੰ ਗਈਆਂ ਹਨ। ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਕਿਸੇ ਸਰਕਾਰ ਨੇ ਬਿਨਾਂ ਕਿਸੇ ਭ੍ਰਿਸ਼ਟਾਚਾਰ ਜਾਂ ਭਾਈ-ਭਤੀਜਾਵਾਦ ਦੇ, ਪੂਰੀ ਤਰ੍ਹਾਂ ਯੋਗਤਾ ਦੇ ਆਧਾਰ 'ਤੇ ਇੰਨੀਆਂ ਰਿਕਾਰਡ ਗਿਣਤੀ ਵਿੱਚ ਨੌਕਰੀਆਂ ਦਿੱਤੀਆਂ ਹਨ। ਮੈਨੂੰ ਵਿਸ਼ਵਾਸ ਹੈ ਕਿ ਇਹ ਲੜਕੀਆਂ ਆਪਣੇ-ਆਪਣੇ ਵਿਭਾਗਾਂ ਵਿੱਚ ਸੇਵਾ ਕਰਦੇ ਹੋਏ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਸਰਗਰਮ ਭੂਮਿਕਾ ਨਿਭਾਉਣਗੀਆਂ। ਇੱਕ ਰੂਪਕ ਬਣਾਉਂਦੇ ਹੋਏ, ਉਨ੍ਹਾਂ ਕਿਹਾ ਕਿ ਵਿਭਿੰਨਤਾ ਸਮਾਜ ਨੂੰ ਉਸੇ ਤਰ੍ਹਾਂ ਮਜ਼ਬੂਤ ਬਣਾਉਂਦੀ ਹੈ ਜਿਵੇਂ ਵੱਖ-ਵੱਖ ਫੁੱਲ ਇੱਕ ਗੁਲਦਸਤੇ ਨੂੰ ਸੁੰਦਰ ਬਣਾਉਂਦੇ ਹਨ। "ਇੱਕ ਗੁਲਦਸਤੇ ਵਿੱਚ ਕਈ ਤਰ੍ਹਾਂ ਦੇ ਫੁੱਲ ਹੁੰਦੇ ਹਨ ਅਤੇ ਇਸੇ ਕਰਕੇ ਲੋਕ ਇਸ ਤੋਂ ਆਕਰਸ਼ਤ ਹੁੰਦੇ ਹਨ।

ਇਸੇ ਤਰ੍ਹਾਂ, ਜਦੋਂ ਹਰ ਕੋਈ ਆਪਣੀ ਪ੍ਰਤਿਭਾ ਅਤੇ ਸਮਰਪਣ ਨਾਲ ਸਮਾਜ ਵਿੱਚ ਯੋਗਦਾਨ ਪਾਉਂਦਾ ਹੈ, ਤਾਂ ਇਹ ਪੂਰੀ ਪ੍ਰਣਾਲੀ ਨੂੰ ਮਜ਼ਬੂਤੀ ਦਿੰਦਾ ਹੈ,"ਉਨ੍ਹਾਂ ਅੱਗੇ ਕਿਹਾ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇਸ਼ ਦੇ ਇਤਿਹਾਸ ਅਤੇ ਪਛਾਣ ਵਿੱਚ ਇੱਕ ਵਿਲੱਖਣ ਸਥਾਨ ਰੱਖਦਾ ਹੈ। ÷ਪੰਜਾਬ ਨਾ ਸਿਰਫ਼ ਦੇਸ਼ ਦਾ ਅੰਨਦਾਤਾ ਹੈ, ਸਗੋਂ ਦੇਸ਼ ਦੀ ਤਲਵਾਰ ਦੀ ਭੁਜਾ ਵੀ ਹੈ। ਪੰਜਾਬ ਦੇ ਲੋਕ ਦੁਨੀਆ ਭਰ ਵਿੱਚ ਆਪਣੀ ਹਿੰਮਤ, ਲਚਕੀਲੇਪਣ ਅਤੇ ਉੱਦਮ ਦੀ ਭਾਵਨਾ ਲਈ ਜਾਣੇ ਜਾਂਦੇ ਹਨ। ਇਸ ਪਵਿੱਤਰ ਧਰਤੀ ਦਾ ਹਰ ਇੰਚ ਮਹਾਨ ਗੁਰੂਆਂ, ਸੰਤਾਂ, ਸੰਤਾਂ ਅਤੇ ਸ਼ਹੀਦਾਂ ਦੇ ਪੈਰਾਂ ਦੇ ਨਿਸ਼ਾਨ ਰੱਖਦਾ ਹੈ ਜਿਨ੍ਹਾਂ ਨੇ ਸਾਨੂੰ ਜ਼ੁਲਮ, ਬੇਇਨਸਾਫ਼ੀ ਅਤੇ ਜ਼ੁਲਮ ਦਾ ਵਿਰੋਧ ਕਰਨ ਦਾ ਰਸਤਾ ਦਿਖਾਇਆ। ਪੰਜਾਬ ਦੀ ਇੱਕ ਅਮੀਰ ਸੱਭਿਆਚਾਰਕ ਵਿਰਾਸਤ ਹੈ ਅਤੇ ਇਹ ਵਿਸ਼ਵ ਪੱਧਰ 'ਤੇ ਆਪਣੀ ਨਿੱਘੀ ਮਹਿਮਾਨਨਿਵਾਜ਼ੀ ਲਈ ਜਾਣਿਆ ਜਾਂਦਾ ਹੈ, ਉਨ੍ਹਾਂ ਜ਼ੋਰ ਦੇ ਕੇ ਕਿਹਾ। ਔਰਤਾਂ ਨੂੰ ਰਾਜਨੀਤੀ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕਰਦੇ ਹੋਏ, ਮੁੱਖ ਮੰਤਰੀ ਨੇ ਕਿਹਾ ਕਿ ਲੋਕਤੰਤਰੀ ਸੰਸਥਾਵਾਂ ਨੂੰ ਮਜ਼ਬੂਤ ਕਰਨ ਅਤੇ ਅਰਥਪੂਰਨ ਸਮਾਜਿਕ ਤਬਦੀਲੀ ਲਿਆਉਣ ਲਈ ਉਨ੍ਹਾਂ ਦੀ ਸ਼ਮੂਲੀਅਤ ਜ਼ਰੂਰੀ ਹੈ।

## ਵਿਧਾਇਕ ਕੁਲਵੰਤ ਸਿੰਘ ਨੇ 100 ਸਵੈ-ਉਦਮੀ ਔਰਤਾਂ ਨੂੰ ਕੀਤਾ ਸਨਮਾਨਿਤ

ਮੋਹਾਲੀ/ਬਿਊਰੋ

ਅੰਤਰਰਾਸ਼ਟਰੀ ਮਹਿਲਾ ਦਿਵਸ ਤੇ ਮੌਕੇ ਤੇ ਪੰਜਾਬ ਸਰਕਾਰ ਦੀ ਤਰਫੋਂ ਸੈਲਫ ਹੈਲਪ ਗਰੁੱਪ ਦੇ ਰਾਹੀਂ ਸਵੈ- ਰੁਜਗਾਰ ਦੇ ਵਿੱਚ ਲੱਗੀਆਂ ਔਰਤਾਂ ਨੂੰ ਸਨਮਾਨਿਤ ਕੀਤਾ ਗਿਆ, ਜਿਸ ਦੇ ਤਹਿਤ ਹਲਕਾ ਪੱਧਰ ਤੇ 100 ਸਵੈ-ਉਦਵੀਂ ਔਰਤਾਂ ਨੂੰ ਸਨਮਾਨਿਤ ਕੀਤਾ ਗਿਆ ਹੈ। ਇਹ ਗੱਲ ਵਿਧਾਇਕ ਕੁਲਵੰਤ ਸਿੰਘ ਨੇ ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ, ਵਿਧਾਇਕ ਕੁਲਵੰਤ ਸਿੰਘ ਅੱਜ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਮੋਹਾਲੀ ਵਿੱਚ ਕਰਵਾਏ ਗਏ ਸਮਾਗਮ ਦੇ ਦੌਰਾਨ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ, ਉਪਰੰਤ ਹਰ ਜ਼ਿਲ੍ਹੇ ਵਿੱਚ ਪੈਂਦੇ ਵਿਧਾਨ ਸਭਾ ਹਲਕੇ ਵਿੱਚੋਂ 100 ਔਰਤਾਂ ਨੂੰ ਜਿਲਾ ਪੱਧਰ ਤੇ ਸਨਮਾਨਿਤ ਕੀਤਾ ਜਾਵੇਗਾ। ਅਤੇ ਸਾਰੇ ਜਿਲ੍ਹਿਆਂ ਦੇ ਵਿੱਚੋਂ 100 ਔਰਤਾਂ ਨੂੰ ÷ਆਪਣਾ ਕਾਰੋਬਾਰ : ਆਪਣੀ ਪਹਿਚਾਣ÷- ਸਵੈ ਉਦਮੀ ਦੇ ਤਹਿਤ ਸੂਬਾ ਪੱਧਰੀ ਪ੍ਰੋਗਰਾਮ ਦੇ ਲਈ ਚੁਣਿਆ ਜਾਵੇਗਾ। ਜਿਨਾਂ ਨੂੰ ਉਤਸ਼ਾਹਿਤ ਕਰਨ ਦੇ ਲਈ 25-25 ਹਜਾਰ ਰੁਪਏ ਪ੍ਰਤੀ ਔਰਤ ਪੰਜਾਬ ਸਰਕਾਰ ਵੱਲੋਂ ਕਰਵਾਏ ਜਾਣ ਵਾਲੇ ਸੂਬਾ ਪੱਧਰੀ ਪ੍ਰੋਗਰਾਮ ਵਿੱਚ ਸਨਮਾਨਿਤ ਕੀਤਾ ਜਾਵੇਗਾ। ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਸੈਲਫ ਹੈਲਪ ਗਰੁੱਪ ਦਾ ਮੁੱਖ ਮਕਸਦ ਪਿੰਡਾਂ ਦੇ ਵਿੱਚ ਆਰਥਿਕ ਤੌਰ ਤੇ ਕਮਜ਼ੋਰ ਔਰਤਾਂ ਨੂੰ ਆਪਣਾ ਕੰਮ ਕਰਨ ਦੇ ਲਈ ਉਤਸਾਹਿਤ ਕਰਕੇ ਕਰਕੇ ਸਵੈ ਨਿਰਭਰ ਬਣਾਉਣਾ ਹੈ,ਤਾਂ ਕਿ ਗਰੀਬੀ ਨੂੰ ਦੂਰ ਕੀਤਾ ਜਾ ਸਕੇ, ਇਸ ਦੇ ਲਈ ਇੱਕ ਸੈਲਫ ਗਰੁੱਪ ਵਿੱਚੋਂ 10 ਤੋਂ 15 ਮੈਂਬਰ ਔਰਤਾਂ ਸ਼ਾਮਿਲ ਹੁੰਦੀਆਂ ਹਨ, ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਸਵੈ ਰੁਜ਼ਗਾਰ ਵਿੱਚ ਜੁੱਟੀਆਂ ਔਰਤਾਂ ਨੂੰ ਕੰਮ ਕਰਦੇ ਵੇਖਦੇ ਹੋਏ ਹੋਰਨਾਂ ਔਰਤਾਂ ਨੂੰ ਵੀ ਪ੍ਰੇਰਨਾ ਮਿਲੇਗੀ, ਮੇਰੀ ਇਹ ਹੋਰਨਾ ਔਰਤਾਂ ਨੂੰ ਅਪੀਲ ਹੈ ਕਿ ਉਹ ਵੱਧ ਤੋਂ ਵੱਧ ਇਸ ਸੈਲਫ ਹੈਲਪ ਗਰੁੱਪ ਦੇ ਵਿੱਚ ਸ਼ਾਮਿਲ ਹੋਣ, ਇਸ ਨਾਲ ਉਹ ਆਪਣਾ ਤੇ ਆਪਣੇ ਪਰਿਵਾਰ ਦਾ ਪਾਲਣ ਪੋਸ਼ਣ ਆਤਮ- ਨਿਰਭਰ ਹੋ ਕੇ ਕਰ ਸਕਣ। ਇਸ ਮੌਕੇ ਤੇ ਕੌਂਸਲਰ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਰਮਨਪ੍ਰੀਤ ਕੌਰ ਕੁੰਬੜਾ- ਹਲਕਾ ਕੋਆਰਡੀਨੇਟਰ ਮਹਿਲਾ ਵਿੰਗ ਮੋਹਾਲੀ, ਵਿਕਾਸ ਸਿੰਘਲਾ ਡੀ. ਪੀ. ਐਮ., ਸੋਮਾ ਦੇਵੀ- ਕਲਸਟਰ ਕੋਆਰਡੀਨੇਟਰ, ਰਾਧਿਕਾ -ਕਲਸਟਰ ਕੋਆਰਡੀਨੇਟਰ, ਸੋਨੀਆ ਐਕਟਿਵ ਵੂਮਨ, ਹਰਮੇਸ਼ ਸਿੰਘ- ਬਲਾਕ ਪ੍ਰਧਾਨ,ਫੂਲਰਾਜ ਸਿੰਘ ਹਲਕਾ ਕੋਆਰਡੀਨੇਟਰ ,ਅਮਰੀਕ ਸਿੰਘ, ਕੈਪਟਨ ਗੁਲਜ਼ਾਰ ਸਿੰਘ, ਪਰਮਜੀਤ ਸਿੰਘ ਚੌਹਾਨ - ਡਾਇਰੈਕਟਰ ਜੇ. ਐਲ. ਪੀ.ਐਲ., ਕੁਲਦੀਪ ਸਿੰਘ ਸਮਾਣਾ, ਦਲਵੀਰ ਕੌਰ- ਬਲਾਕ ਪ੍ਰਧਾਨ, ਮੋਨਿਕਾ ਠਾਕੁਰ ਬਲਾਕ ਪ੍ਰਧਾਨ,ਕੁਲਵੰਤ ਕੌਰ ਬਲਾਕ ਪ੍ਰਧਾਨ, ਸਰਬਜੀਤ ਕੌਰ ਬਲਾਕ ਪ੍ਰਧਾਨ,ਰਿਟਾ ਬਲੌਂਗੀ ਬਲਾਕ ਪ੍ਰਧਾਨ, ਨੇਹਾ ਬਜਾਜ ਬਲਾਕ ਪ੍ਰਧਾਨ,ਰੇਨੂੰ ਸੂਦ ਬਲਾਕ ਪ੍ਰਧਾਨ, ਰਜਨੀ ਗੋਇਲ ਬਲਾਕ ਪ੍ਰਧਾਨ, ਗੁਰਵਿੰਦਰ ਕੌਰ ਬਲਾਕ ਪ੍ਰਧਾਨ,ਗੋਗਾ ਦੇਵੀ, ਆਰਤੀ,ਦਵਿੰਦਰ ਕੌਰ ਸੰਧੂ, ਮੀਨੂ ਤ੍ਰੇਹਨ ਵੀ ਹਾਜ਼ਰ ਸਨ।



## ਜਵੱਦੀ ਟਕਸਾਲ ਵਿਖੇ ਨਾਮ ਸਿਮਰਨ ਸਮਾਗਮ ਹੋਇਆ

ਲੁਧਿਆਣਾ/ਪ੍ਰਿਤਪਾਲ ਸਿੰਘ ਪਾਲੀ

**ਜਿਹੜਾ ਮਨੁੱਖ ਪ੍ਰਮਾਤਮਾਂ ਦੇ ਨਾਮ ਨਾਲ ਜੁੜਦਾ ਹੈ, ਉਸਨੂੰ ਮੰਨਦਾ ਹੈ, ਉਹ ਕੂੜ ਦੇ ਰਸਤੇ ਤੇ ਨਹੀਂ ਪੈਂਦਾ : ਸੰਤ ਅਮੀਰ ਸਿੰਘ**



ਗੁਰਬਾਣੀ, ਪੁਰਾਤਨ ਗੁਰਮਤਿ ਸੰਗੀਤ ਅਤੇ ਸਿੱਖੀ ਪ੍ਰਚਾਰ-ਪਸਾਰ ਲਈ ਨਿਰੰਤਰ ਕਾਰਜਸ਼ੀਲ ਜਵੱਦੀ ਟਕਸਾਲ ਵਿਖੇ ਹਫਤਾਵਾਰੀ ਨਾਮ ਸਿਮਰਨ ਸਮਾਗਮ ਹੋਇਆ। ਜੁੜੀਆਂ ਸੰਗਤਾਂ ਸਨਮੁੱਖ ਅਜੋਕੇ ਹਾਲਾਤਾਂ ਦੇ ਮੱਦੇਨਜ਼ਰ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਮੌਜੂਦਾ ਮੁਖੀ ਸੰਤ ਬਾਬਾ ਅਮੀਰ ਸਿੰਘ ਨੇ ਸਮਝਾਇਆ ਕਿ ਧਰਮ ਬਾਰੇ ਸੰਕੀਰਣ ਦ੍ਰਿਸ਼ਟੀਕੋਣ ਵੀ ਭ੍ਰਿਸ਼ਟਾਚਾਰ ਦਾ ਬਹੁਤ ਵੱਡਾ ਕਾਰਨ ਹੈ। ਦੁਰਾਚਾਰੀ ਅਤੇ ਭ੍ਰਿਸ਼ਟਾਚਾਰੀ ਮਨੁੱਖ ਧਾਰਮਿਕ ਧਾਰਮਿਕ ਹੋ ਹੀ ਨਹੀਂ ਸਕਦਾ। ਜੇਕਰ ਅਜੋਕਾ ਮਨੁੱਖ ਫੋਕਟ ਕਰਮ-ਕਾਂਡਾਂ ਨੂੰ ਹੀ ਧਰਮ ਸਮਝਦਾ ਹੈ, ਤਾਂ ਉਸਨੇ ਧਰਮ ਨੂੰ ਬਹੁਤ ਸੰਕੀਰਨ ਬਣਾ ਦਿੱਤਾ ਹੈ।

ਕੇਵਲ ਕੁਝ ਧਾਰਮਿਕ ਸਮਝੀਆਂ ਜਾਣ ਵਾਲੀਆਂ ਰਸਮਾਂ ਰੀਤਾਂ-ਰਿਵਾਜਾਂ ਜਾਂ ਅੰਧ-ਵਿਸ਼ਵਾਸਾਂ ਨੂੰ ਹੀ ਧਰਮ ਸਮਝ ਲੈਣਾ ਸਹੀ ਨਹੀਂ ਮੰਨਿਆ ਜਾ ਸਕਦਾ। ਅੱਜ ਧਰਮ ਬਾਰੇ ਆਪਣੇ ਦ੍ਰਿਸ਼ਟੀਕੋਣ ਨੂੰ ਬਦਲਣ ਦੀ ਲੋੜ ਹੈ। ਗੁਰੂ ਸਾਹਿਬਾਨ ਅਨੁਸਾਰ ਧਰਮ ਮਨੁੱਖ ਨੂੰ ਉੱਚਾ ਤੇ ਸੁੱਚਾ ਬਣਾਉਂਦਾ ਹੈ। ਭਗਤੀ, ਪਿਆਰ, ਸੇਵਾ, ਪਰਉਪਕਾਰ, ਪਵਿੱਤਰਤਾ, ਸੰਤੋਖ ਤੇ ਸੱਚਾਈ ਧਰਮ ਦੇ ਆਧਾਰ ਭੂਤ ਤੱਤ ਹਨ।

ਉਨ੍ਹਾਂ ਗੁਰਬਾਣੀ ਸ਼ਬਦਾਂ ਦੇ ਹਵਾਲੇ ਦਿੰਦਿਆਂ ਸਮਝਾਇਆ ਕਿ ਨੇਕ ਕਰਮ ਕਰਨ ਲੱਗਿਆਂ ਕਦੇ ਵੀ ਢਿੱਲ ਨਾ ਕਰੀਏ, ਸਿਰਜਣਹਾਰ ਨੂੰ ਹਮੇਸ਼ਾਂ ਯਾਦ ਰੱਖੀਏ, ਬੇਗਾਨੇ ਧਨ ਜਾਂ ਹੋਰ ਕਿਸੇ ਬੇਗਾਨੇ ਪੱਖ ਆਦਿ ਦਾ ਲਾਲਚ ਨਾ ਕਰੀਏ, ਸਤਿ-ਪੁਰਸ਼ਾਂ ਦੀ ਸੰਗਤ ਕਰੀਏ ਅਤੇ ਨਿੰਦਤ ਕਰਮਾਂ ਨੂੰ ਤਿਆਗੀਏ, ਇਹ ਹੀ ਧਰਮ ਦੇ ਲੱਛਣ ਹਨ। ਭਾਵ ਇਹਨਾਂ ਗੁਣਾਂ ਤੋਂ ਹੀਣ ਮਨੁੱਖ ਅਧਰਮੀ ਹੈ। ਮਹਾਂਪੁਰਸ਼ਾਂ ਨੇ ਸਪੱਸ਼ਟ ਕੀਤਾ ਕਿ ਪਰਮਾਤਮਾ ਸੱਚਾਈ ਦੀ ਭੇਟਾ ਸਵੀਕਾਰ ਕਰਦਾ ਹੈ। ਜੀਵਨ-ਰਾਹ 'ਤੇ ਮਨ ਬਚਨ ਅਤੇ ਕਰਮ ਕਰਕੇ ਸੱਚਾਈ 'ਤੇ ਚਲਣਾ ਹੀ ਪ੍ਰਭੂ ਦੀ ਪੂਜਾ ਹੈ। ਸਤ ਅਤੇ ਸੰਤੋਖ ਦਾ ਜੀਵਨ ਬਤੀਤ ਕਰਨਾ ਹੀ ਉਸ ਅੱਗੇ ਅਰਦਾਸ ਹੈ। ਉਨ੍ਹਾਂ ਜੋਰ ਦਿੱਤਾ ਕਿ ਜਿਹੜਾ ਮਨੁੱਖ ਅਕਾਲ ਪੁਰਖ ਦੇ ਨਾਮ ਨਾਲ ਜੁੜਦਾ ਹੈ, ਅਕਾਲ ਪੁਰਖ ਨੂੰ ਮੰਨਦਾ ਹੈ, ਉਹ ਕੂੜ ਦੇ ਰਸਤੇ ਤੇ ਨਹੀਂ ਪੈਂਦਾ। ਉਹ ਸਤ ਅਤੇ ਸੰਤੋਖ ਦੀ ਮਰਿਆਦਾ ਵਿੱਚ ਰਹਿੰਦੇ ਜੀਵਨ ਬਤੀਤ ਕਰਨ ਨਾਲ ਪਰਮਾਤਮਾ ਦੀ ਨੇੜਤਾ ਪ੍ਰਾਪਤ ਕਰ ਲੈਂਦਾ ਹੈ। ਇਸ ਤੋਂ ਪਹਿਲਾਂ ਗੁਰਸ਼ਬਦ ਸੰਗੀਤ ਅਕੈਡਮੀ ਦੇ ਹੋਣਹਾਰ ਵਿਦਿਆਰਥੀਆਂ ਨੇ ਗੁਰਬਾਣੀ ਸ਼ਬਦ ਕੀਰਤਨ ਕੀਤਾ। ਗੁਰੂ ਕਾ ਲੰਗਰ ਅਤੁੱਟ ਵਰਤਿਆ।

## ਗੈਂਗਸਟਰਾਂ 'ਤੇ ਵਾਰ ਦੀ ਵਿਦੇਸ਼ਾਂ ਤੱਕ ਮਾਰ: ਜੱਗੂ ਭਗਵਾਨਪੁਰੀਆ ਗਿਰੋਹ ਦੇ ਮੈਂਬਰ ਅੰਮ੍ਰਿਤ ਦਾਲਮ ਨੂੰ ਮੋਲਡੋਵਾ ਸਰਹੱਦ ਤੋਂ ਹਿਰਾਸਤ 'ਚ ਲਿਆ

ਚੰਡੀਗੜ੍ਹ/ਬਿਊਰੋ

**ਲਗਾਤਾਰ ਅੰਤਰਰਾਸ਼ਟਰੀ ਤਾਲਮੇਲ ਅਤੇ ਪੰਜਾਬ ਪੁਲਿਸ ਵੱਲੋਂ ਨਿਰੰਤਰ ਫਾਲੋ-ਅੱਪ ਤੋਂ ਬਾਅਦ ਅੰਮ੍ਰਿਤ ਦਾਲਮ ਦੀ ਹਿਰਾਸਤ 'ਚ ਕਾਮਯਾਬੀ ਮਿਲੀ: ਡੀਜੀਪੀ ਗੌਰਵ ਯਾਦਵ**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਵਿੱਢੀ ਗਈ 'ਗੈਂਗਸਟਰਾਂ ਤੇ ਵਾਰ' ਮੁਹਿੰਮ ਦੌਰਾਨ ਨਿਆਂ ਦੇ ਕਟਹਿਰੇ ਤੋਂ ਬਚਣ ਲਈ ਵਿਦੇਸ਼ਾਂ 'ਚ ਲੁਕੇ ਅਪਰਾਧੀਆਂ ਨੂੰ ਟਰੈਕ ਕਰਨ ਅਤੇ ਮੁਲਕ ਵਾਪਸ ਲਿਆਉਣ ਸਬੰਧੀ ਚੱਲ ਰਹੇ ਯਤਨਾਂ ਤਹਿਤ ਮਹੱਤਵਪੂਰਨ ਸਫ਼ਲਤਾ ਤਹਿਤ ਅਤਿ-ਲੋੜੀਂਦੇ ਗੈਂਗਸਟਰ ਅੰਮ੍ਰਿਤਪਾਲ ਸਿੰਘ ਉਰਫ਼ ਅੰਮ੍ਰਿਤ ਦਾਲਮ ਨੂੰ ਮੋਲਡੋਵਾ ਸਰਹੱਦ 'ਤੋਂ ਹਿਰਾਸਤ ਵਿੱਚ ਲੈ ਲਿਆ ਗਿਆ ਹੈ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਦੱਸਣਯੋਗ ਹੈ ਕਿ ਭਗੌੜੇ ਅੰਮ੍ਰਿਤਪਾਲ ਦਾਲਮ ਨੂੰ ਪੰਜਾਬ ਪੁਲਿਸ ਦੀ ਬੇਨਤੀ 'ਤੇ ਵਿਦੇਸ਼ ਮੰਤਰਾਲੇ (ਐਮਈਏ), ਕੇਂਦਰੀ ਜਾਂਚ ਬਿਊਰੋ (ਸੀਬੀਆਈ), ਇੰਟਰਪੋਲ ਅਤੇ ਹੋਰ ਕੇਂਦਰੀ ਏਜੰਸੀਆਂ ਦੇ ਤਾਲਮੇਲ ਨਾਲ ਜਾਰੀ ਇੰਟਰਪੋਲ ਰੈੱਡ ਨੋਟਿਸ (ਰੈੱਡ ਕਾਰਨਰ ਨੋਟਿਸ) ਦੇ ਆਧਾਰ 'ਤੇ ਹਿਰਾਸਤ ਵਿੱਚ ਲਿਆ ਗਿਆ ਹੈ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਪੰਜਾਬ ਪੁਲਿਸ ਨੇ ਹਾਲ ਹੀ ਵਿੱਚ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਕਾਊਂਟਰ ਇੰਟੈਲੀਜੈਂਸ ਅਸ਼ੀਸ਼ ਚੌਧਰੀ ਦੀ ਅਗਵਾਈ ਵਿੱਚ ਓਵਰਸੀਜ਼ ਫਿਊਗਿਟਿਵ ਟ੍ਰੈਕਿੰਗ ਐਂਡ ਐਕਸਟ?ਰਾਡਿਸ਼ਨ ਸੈੱਲ (ਓਐਫਟੀਈਸੀ) ਦਾ ਗਠਨ ਕੀਤਾ ਹੈ ਤਾਂ ਜੋ ਵਿਦੇਸ਼ਾਂ ਵਿੱਚ ਬੈਠੇ ਅਪਰਾਧੀਆਂ ਤੱਕ ਪਹੁੰਚ ਕਰਕੇ ਉਨ੍ਹਾਂ ਨੂੰ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨ ਵਾਸਤੇ ਪੰਜਾਬ ਵਾਪਸ ਲਿਆਉਣ ਲਈ ਹਵਾਲਗੀ ਦੀ ਕਾਰਵਾਈ ਨੂੰ ਤੇਜ਼ ਕੀਤਾ ਜਾ ਸਕੇ। ਜਾਣਕਾਰੀ ਅਨੁਸਾਰ ਬਟਾਲਾ ਦੇ ਦਾਲਮ ਨੰਗਲ ਪਿੰਡ ਦਾ ਰਹਿਣ ਵਾਲਾ ਅੰਮ੍ਰਿਤਪਾਲ ਸਿੰਘ ਉਰਫ਼ ਅੰਮ੍ਰਿਤ ਦਾਲਮ ਜੱਗੂ ਭਗਵਾਨਪੁਰੀਆ ਗੈਂਗ ਨਾਲ ਨੇੜਿਓਂ ਜੁੜਿਆ ਹੋਇਆ ਹੈ, ਜੋ ਜਾਅਲੀ ਪਾਸਪੋਰਟ ਦੀ ਮਦਦ ਨਾਲ ਵਿਦੇਸ਼ ਭੱਜ ਗਿਆ ਸੀ। ਉਕਤ ਮੁਲਜ਼ਮ ਵਿਸ਼ੇਸ਼ ਕਰਕੇ ਅੰਮ੍ਰਿਤਸਰ ਖੇਤਰ ਵਿੱਚ ਵੱਡੀਆਂ ਹਸਤੀਆਂ ਅਤੇ ਕਾਰੋਬਾਰੀਆਂ ਨੂੰ ਨਿਸ਼ਾਨਾ ਬਣਾ ਕੇ ਉਨ੍ਹਾਂ ਤੋਂ ਫੋਨ 'ਤੇ ਫਿਰੌਤੀ ਮੰਗਣ ਦੀਆਂ ਕਾਰਵਾਈਆਂ ਵਿੱਚ ਸਰਗਰਮੀ ਨਾਲ ਸ਼ਾਮਲ ਰਿਹਾ ਹੈ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਅੰਮ੍ਰਿਤਪਾਲ ਸਿੰਘ ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ, ਕਤਲ, ਕਤਲ ਦੀ ਕੋਸ਼ਿਸ਼ ਆਦਿ ਸਮੇਤ ਕਈ ਗੰਭੀਰ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦਾ ਹੈ ਅਤੇ ਉਹ ਕਾਫ਼ੀ ਸਮੇਂ ਤੋਂ ਭਗੌੜਾ ਚੱਲ ਰਿਹਾ ਸੀ। ਉਨ੍ਹਾਂ ਕਿਹਾ ਕਿ ਨਿਰੰਤਰ ਅੰਤਰਰਾਸ਼ਟਰੀ ਤਾਲਮੇਲ ਅਤੇ ਪੰਜਾਬ ਪੁਲਿਸ ਏਜੰਸੀਆਂ ਵੱਲੋਂ ਨਿਰੰਤਰ ਫਾਲੋ-ਅੱਪ ਸਦਕਾ ਅੰਮ੍ਰਿਤ ਦਾਲਮ ਦੀ ਹਿਰਾਸਤ 'ਚ ਕਾਮਯਾਬੀ ਮਿਲੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਉਸਦੀ ਹਵਾਲਗੀ/ਡਿਪੋਰਟੇਸ਼ਨ ਹਾਸਲ ਕਰਨ ਲਈ ਕਾਨੂੰਨੀ ਅਤੇ ਕੂਟਨੀਤਕ ਪ੍ਰਕਿਰਿਆਵਾਂ ਚੱਲ ਰਹੀਆਂ ਹਨ ਤਾਂ ਜੋ ਉਸਨੂੰ ਜਲਦ ਤੋਂ ਜਲਦ ਕਾਨੂੰਨ ਦੇ ਕਟਹਿਰੇ ਵਿੱਚ ਖੜ੍ਹਾ ਕੀਤਾ ਜਾ ਸਕੇ। ਡੀਜੀਪੀ ਨੇ ਕਿਹਾ ਕਿ ਪੰਜਾਬ ਪੁਲਿਸ ਦਾ ਓਵਰਸੀਜ਼ ਫਿਊਗਿਟਿਵ ਟ੍ਰੈਕਿੰਗ ਐਂਡ ਐਕਸਟ?ਰਾਡਿਸ਼ਨ ਸੈੱਲ (ਓਐਫਟੀਈਸੀ) ਇਸ ਸਮੇਂ ਵਿਦੇਸ਼ਾਂ ਵਿੱਚ ਲੁਕੇ ਵੱਖ-ਵੱਖ ਅਪਰਾਧੀਆਂ ਦਾ ਪਿੱਛਾ ਕਰ ਰਿਹਾ ਹੈ।



## ਵਿਜੀਲੈਂਸ ਬਿਊਰੋ ਵੱਲੋਂ 1,00,000 ਰੁਪਏ ਰਿਸ਼ਵਤ ਲੈਂਦਾ ਡਰੱਗ ਇੰਸਪੈਕਟਰ ਰੰਗੇ ਹੱਥੀਂ ਕਾਬੂ

ਚੰਡੀਗੜ੍ਹ/ਬਿਊਰੋ

ਪੰਜਾਬ ਵਿਜੀਲੈਂਸ ਬਿਊਰੋ (ਵੀਬੀ) ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਐਫ.ਡੀ.ਏ. ਡਰੱਗ ਵਿੰਗ, ਸ੍ਰੀ ਮੁਕਤਸਰ ਸਾਹਿਬ ਵਿਖੇ ਤਾਇਨਾਤ ਡਰੱਗ ਇੰਸਪੈਕਟਰ ਰਮਨਦੀਪ ਗੁਪਤਾ ਨੂੰ 1,00,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਅੱਜ ਇੱਥੇ ਇਸ ਬਾਰੇ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਬਠਿੰਡਾ ਦੇ ਰਹਿਣ ਵਾਲੇ ਇੱਕ ਵਿਅਕਤੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼ਿਕਾਇਤਕਰਤਾ ਰੈਡੀਨੈਕਸ ਲਾਈਫ ਸਾਇੰਸਜ਼ ਪ੍ਰਾਈਵੇਟ ਲਿਮਟਿਡ ਕੰਪਨੀ, ਬਠਿੰਡਾ ਦਾ ਡਾਇਰੈਕਟਰ ਹੈ ਅਤੇ ਉਸਦੀ ਕੰਪਨੀ ਸਾਲ 2020 ਤੋਂ ਐਲੋਪੈਥਿਕ ਦਵਾਈਆਂ ਬਣਾ ਰਹੀ ਹੈ। ਮੁਲਜ਼ਮ ਡਰੱਗ ਇੰਸਪੈਕਟਰ ਨੇ ਰੇਡ ਤੋਂ ਬਾਅਦ ਉਸਦੀ ਕੰਪਨੀ ਨੂੰ ਸੀਲ ਕਰ ਦਿੱਤਾ ਸੀ। ਇਸ ਸਬੰਧ ਵਿੱਚ ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਮੁਲਜ਼ਮ ਡਰੱਗ ਇੰਸਪੈਕਟਰ ਉਸਦੀ ਕੰਪਨੀ ਤੋਂ ਸੀਲ ਹਟਾਉਣ ਬਦਲੇ ਉਸ ਤੋਂ ਦੋ ਲੱਖ ਰੁਪਏ ਪ੍ਰਤੀ ਮਹੀਨਾ ਰਿਸ਼ਵਤ ਮੰਗ ਰਿਹਾ ਹੈ। ਕਿਸੇ ਵੀ ਤਰ੍ਹਾਂ ਦੀ ਰਿਸ਼ਵਤ ਦੇਣ ਦਾ ਇਰਾਦਾ ਨਾ ਹੋਣ ਕਰਕੇ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ, ਬਠਿੰਡਾ ਨਾਲ ਸੰਪਰਕ ਕੀਤਾ। ਉਸਦੀ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਮੁਲਜ਼ਮ ਡਰੱਗ ਇੰਸਪੈਕਟਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਪਹਿਲੀ ਕਿਸ਼ਤ ਵਜੋਂ 1,00,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧ ਵਿੱਚ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਬਠਿੰਡਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।



## ਧੱਕੇਸ਼ਾਹੀ ਅੱਗੇ ਨਾ ਝੁਕਿਆ ਹਾਂ ਨਾ ਕਦੇ ਝੁਕਾਂਗਾ, ਪੰਜਾਬ ਦੀ ਗੱਲ ਚੁੱਕਦਾ ਰਹਾਂਗਾ : ਮਜੀਠੀਆ

ਮੋਹਾਲੀ/ਬਿਊਰੋ

ਸ਼ਿਰੋਮਣੀ ਅਕਾਲੀ ਦਲ ਦੇ ਸੀਨੀਅਰ ਨੇਤਾ ਬਿਕਰਮ ਸਿੰਘ ਮਜੀਠੀਆ ਨੇ ਰਾਜ ਦੇ ਬਜਟ ਦੀ ਟਾਈਮਿੰਗ ਨੂੰ ਲੈ ਕੇ ਪੰਜਾਬ ਸਰਕਾਰ 'ਤੇ ਨਿਸ਼ਾਨਾ ਸਾਧਿਆ ਅਤੇ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਸਿਰਫ਼ ਪਬਲਿਸਿਟੀ ਸਟੰਟ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਐਤਵਾਰ ਨੂੰ ਆਪਣਾ ਬਜਟ ਆਪਣੇ ਲਈ ਪਬਲਿਸਿਟੀ ਦੇ ਮੌਕੇ ਵਜੋਂ ਪੇਸ਼ ਕਰ ਰਹੀ ਹੈ ਅਤੇ ਇਸ ਤਰ੍ਹਾਂ ਦੇ ਕਦਮ ਦੇ ਪਿੱਛੇ ਦੇ ਕਾਰਣਾਂ 'ਤੇ ਵੀ ਉਨ੍ਹਾਂ ਸਵਾਲ ਉਠਾਏ। ਮਜੀਠੀਆ ਨੇ ਬਜਟ ਨੂੰ ਵੀ ਮਜ਼ਾਕ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਆਪ ਦੇ ਨੇਤਾਵਾਂ ਨੇ ਪਹਿਲਾਂ ਦਾਅਵਾ ਕੀਤਾ ਸੀ ਕਿ ਪੰਜਾਬ ਮਾਈਨਿੰਗ ਤੋਂ ਸਾਲਾਨਾ ਲਗਭਗ 20,000 ਕਰੋੜ ਰੁਪਏ ਕਮਾਏਗਾ ਅਤੇ ਭ੍ਰਿਸ਼ਟਾਚਾਰ ਰੋਕ ਕੇ 30,000 ਕਰੋੜ ਰੁਪਏ ਹੋਰ ਬਚਾਏ ਜਾਣਗੇ। ਉਨ੍ਹਾਂ ਪੁੱਛਿਆ ਕਿ ਇਹ ਅਨੁਮਾਨਿਤ ਪੈਸਾ ਕਿੱਥੇ ਗਿਆ ਹੈ ਅਤੇ ਕਿਹਾ ਕਿ ਸਰਕਾਰ ਨੂੰ ਫੰਡਾਂ ਦਾ ਸਾਫ਼ ਹਿਸਾਬ ਦੇਣਾ ਚਾਹੀਦਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਮੌਜੂਦਾ ਸਰਕਾਰ ਦੇ ਦੌਰਾਨ ਰਾਜ ਦਾ ਕਰਜ਼ਾ 4 ਲੱਖ ਕਰੋੜ ਰੁਪਏ ਤੋਂ ਵੱਧ ਹੋ ਗਿਆ ਹੈ। ਮਜੀਠੀਆ ਨੇ ਕਿਹਾ ਕਿ ਕਾਨੂੰਨੀ ਕੇਸਾਂ ਦਾ ਸਾਹਮਣਾ ਕਰਨ ਦੇ ਬਾਵਜੂਦ ਉਹ ਧੱਕੇਸ਼ਾਹੀ ਦੇ ਖ਼?ਲਾਫ਼ ਬੋਲਦੇ ਰਹਿਣਗੇ। ਉਨ੍ਹਾਂ ਕਿਹਾ ਕਿ ਨਾ ਤਾਂ ਦਬਾਅ ਅਤੇ ਨਾ ਹੀ ਧਮਕੀਆਂ ਉਨ੍ਹਾਂ ਨੂੰ ਚੁੱਪ ਕਰਵਾ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਖ਼?ਲਾਫ਼ ਹੋਰ ਕੇਸ ਵੀ ਦਰਜ ਹੋ ਜਾਣ, ਤਾਂ ਵੀ ਉਹ ਨਹੀਂ ਝੁਕਣਗੇ। ਉਨ੍ਹਾਂ ਕਿਹਾ ਕਿ ਉਹ ਸਿਰਫ਼ ਗੁਰੂ ਅਤੇ ਸੰਗਤ ਅੱਗੇ ਹੀ ਸਿਰ ਝੁਕਾਉਂਦੇ ਹਨ। ਮਜੀਠੀਆ ਨੇ ਦੋਸ਼ ਲਗਾਇਆ ਕਿ ਰਾਜ ਸਰਕਾਰ ਅਸਲੀ ਮਸਲਿਆਂ 'ਤੇ ਧਿਆਨ ਦੇਣ ਦੀ ਬਜਾਏ ਰਾਜਨੀਤਿਕ ਡਰਾਮਾ ਕਰ ਰਹੀ ਹੈ। ਹਾਲ ਹੀ ਦੀ ਅਦਾਲਤੀ ਕਾਰਵਾਈ ਦਾ ਜ਼ਿਕਰ ਕਰਦੇ ਹੋਏ ਉਨ੍ਹਾਂ ਕਿਹਾ ਕਿ ਸਰਕਾਰ ਨੇ ਸਿਰਫ਼ ਆਪਣੀ ਤਸੱਲੀ ਲਈ ਰਾਜਨੀਤਿਕ ਡਰਾਮਾ ਕੀਤਾ, ਜਿਸ ਵਿੱਚ ਕੁਝ ਖ਼ਾਸ ਹਾਸਲ ਨਹੀਂ ਹੋਇਆ। ਮੁੱਖ ਮੰਤਰੀ ਭਗਵੰਤ ਮਾਨ 'ਤੇ ਨਿਸ਼ਾਨਾ ਸਾਧਦੇ ਹੋਏ ਮਜੀਠੀਆ ਨੇ ਕਿਹਾ ਕਿ ਮੁੱਖ ਮੰਤਰੀ ਆਪਣਾ ਜ਼ਿਆਦਾਤਰ ਸਮਾਂ ਸ਼ਾਸਨ 'ਤੇ ਧਿਆਨ ਦੇਣ ਦੀ ਬਜਾਏ ਸ਼ਿਰੋਮਣੀ ਅਕਾਲੀ ਦਲ 'ਤੇ ਹਮਲੇ ਕਰਨ ਵਿੱਚ ਬਿਤਾਉਂਦੇ ਹਨ। ਉਨ੍ਹਾਂ ਕਿਹਾ ਕਿ ਮਾਨ ਸਵੇਰੇ ਤੋਂ ਰਾਤ ਤੱਕ ਲਗਾਤਾਰ ਅਕਾਲੀ ਦਲ ਦਾ ਨਾਮ ਜਪਦੇ ਰਹਿੰਦੇ ਹਨ ਅਤੇ ਜਿਵੇਂ-ਜਿਵੇਂ ਸਰਕਾਰ ਦਾ ਸਮਾਂ ਬੀਤ ਰਿਹਾ ਹੈ, ਹਾਲਤ ਇਹ ਹੋ ਗਈ ਹੈ ਕਿ ਨੀਂਦ ਵਿੱਚ ਵੀ ਉਹ ਅਕਾਲੀ ਦਲ ਬਾਰੇ ਸੁਪਨੇ ਦੇਖਦੇ ਹੋਏ ਉੱਠ ਬੈਠਦੇ ਹਨ। ਸਰਕਾਰ ਦੇ ਕੰਮਕਾਜ ਦੀ ਆਲੋਚਨਾ ਕਰਦੇ ਹੋਏ ਮਜੀਠੀਆ ਨੇ ਕਿਹਾ ਕਿ ਮੌਜੂਦਾ ਸਰਕਾਰ ਨੇ ਪੰਜਾਬ ਦੇ ਕਈ ਸੈਕਟਰਾਂ ਲਈ "ਖ਼ਤਮ ਹੋਣ ਦਾ ਸੰਕੇਤ"ਦੇ ਦਿੱਤਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਰਾਜ ਦੀ ਅਰਥਵਿਵਸਥਾ ਬਰਬਾਦ ਹੋ ਗਈ ਹੈ, ਕਾਨੂੰਨ-ਵਿਵਸਥਾ ਖ਼ਤਮ ਹੋ ਗਈ ਹੈ ਅਤੇ ਰੋਜ਼ਗਾਰ ਦੇ ਮੌਕਿਆਂ 'ਤੇ ਵੀ ਬਹੁਤ ਬੁਰਾ ਅਸਰ ਪਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਕਰਮਚਾਰੀਆਂ ਅਤੇ ਕਿਸਾਨਾਂ ਨੂੰ ਵੀ ਨਜ਼ਰਅੰਦਾਜ਼ ਕੀਤਾ ਗਿਆ ਹੈ। ਉਨ੍ਹਾਂ ਦੇ ਮੁਤਾਬਕ ਜਦੋਂ ਵੀ ਕਿਸਾਨ ਜਾਂ ਕਰਮਚਾਰੀ ਆਪਣੀਆਂ ਮੰਗਾਂ ਉਠਾਉਂਦੇ ਹਨ ਤਾਂ ਉਨ੍ਹਾਂ ਦੀ ਗੱਲ ਸੁਣਨ ਦੀ ਬਜਾਏ ਉਨ੍ਹਾਂ ਨੂੰ ਕਾਰਵਾਈ ਦੀ ਧਮਕੀ ਦਿੱਤੀ ਜਾਂਦੀ ਹੈ। ਮਜੀਠੀਆ ਨੇ ਕਿਹਾ ਕਿ ਵਿਰੋਧ ਕਰਨ ਵਾਲਿਆਂ ਨੂੰ ਅਕਸਰ ਲੇਬਲ ਲਗਾ ਕੇ ਨਿਸ਼ਾਨਾ ਬਣਾਇਆ ਜਾਂਦਾ ਹੈ, ਜੋ ਸਰਕਾਰ ਦੀ ਡਿੱਗ ਚੁੱਕੀ ਸੋਚ ਨੂੰ ਦਰਸਾਉਂਦਾ ਹੈ। ਉਨ੍ਹਾਂ ਮਾਨ ਦੀ ਆਲੋਚਨਾ ਕਰਦਿਆਂ ਕਿਹਾ ਕਿ ਉਹ ਆਪਣੇ ਜ਼ਿਆਦਾਤਰ ਜਨਤਕ ਭਾਸ਼ਣ ਰਾਜਨੀਤਿਕ ਵਿਰੋਧੀਆਂ ਨੂੰ ਨਿਸ਼ਾਨਾ ਬਣਾਉਣ ਲਈ ਵਰਤਦੇ ਹਨ। ਮਜੀਠੀਆ ਦੇ ਮੁਤਾਬਕ ਹਾਲ ਹੀ ਵਿੱਚ 45 ਮਿੰਟ ਦੇ ਭਾਸ਼ਣ ਦੌਰਾਨ ਲਗਭਗ 43 ਮਿੰਟ ਅਕਾਲੀ ਦਲ 'ਤੇ ਹਮਲਾ ਕਰਨ ਵਿੱਚ ਲਗਾਏ ਗਏ, ਜਦਕਿ ਸਰਕਾਰ ਦੀਆਂ ਆਪਣੀਆਂ ਉਪਲਬਧੀਆਂ ਬਾਰੇ ਬਹੁਤ ਘੱਟ ਕਿਹਾ ਗਿਆ। ਉਨ੍ਹਾਂ ਕਿਹਾ ਕਿ ਸਰਕਾਰ ਆਪਣੇ ਚਾਰ ਸਾਲ ਪੂਰੇ ਕਰਨ ਵਾਲੀ ਹੈ, ਪਰ ਕਈ ਵਾਅਦੇ ਅਜੇ ਵੀ ਅਧੂਰੇ ਹਨ, ਜਦਕਿ ਸਰਕਾਰ ਆਪਣੀਆਂ ਗਾਰੰਟੀਆਂ ਪੂਰੀਆਂ ਕਰਨ ਦਾ ਦਾਅਵਾ ਕਰਦੀ ਹੈ।



